@Qpatrika
@qaumipatrika punjabi
instagram.com/qaumipatrika

Largest Circulated

विश्व भर में सबसे ज्यादा पढ़ा जाने वाला

ਕੌਮੀ ਪਤ੍ਰਿਕਾ
Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Saturday, 31 August 2024

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਸ਼ਨੀਵਾਰ 31 ਅਗਸਤ 2024, 15 ਭਾਦੋ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 42, ਅੰਕ 295, qpatrika@gmail.com ਫੋਨ : 9971359517 www.qaumipatrika.org

ਰੇਲਵੇ ਦੀਆਂ ਨਿਯੁਕਤੀਆਂ 'ਚ ਰਾਹੁਲ ਦਾ ਪ੍ਰਭਾਵ

ਨੈਸ਼ਨਲ ਡੈਸਕ 30 ਅਗਸਤ। ਜਦੋਂ ਰੇਲਵੇ ਮੰਤਰਾਲਾ ਨੇ ਰੇਲਵੇ ਬੋਰਡ ਦੇ 17 ਚੇਅਰਮੈਨਾਂ, ਮੈਂਬਰਾਂ ਤੇ 16 ਜਨਰਲ ਮੈਨੇਜਰਾਂ ਦੀ ਨਿਯੁਕਤੀ 'ਤੇ ਰੋਕ ਲਾ ਦਿੱਤੀ ਸੀ ਤਾਂ ਇਹ ਸਪੱਸਟ ਕੀਤਾ ਗਿਆ ਸੀ ਕਿ ਇਹ ਰੇਲਵੇ ਅਧਿਕਾਰੀਆਂ ਦੇ ਦੋ ਧੜਿਆਂ ਵਿਚਾਲੇ ਵਧ ਰਹੀ ਅਸੰਤੁਸਟੀ ਕਾਰਨ ਕੀਤਾ ਜਾ ਰਿਹਾ ਹੈ। ਇਕ ਗਰੁੱਪ ਉਨ੍ਹਾਂ ਅਧਿਕਾਰੀਆਂ ਦਾ ਬਣਿਆ ਹੋਇਆ ਸੀ ਜੋ ਭਾਰਤੀ ਇੰਜੀਨੀਅਰਿੰਗ ਸੇਵਾਵਾਂ ਦੀ ਪ੍ਰੀਖਿਆ ਰਾਹੀਂ ਰੇਲਵੇ 'ਚ ਦਾਖਲ ਹੋਏ ਸਨ ਜਦੋਂ ਕਿ ਦੂਜਾ ਗਰੁੱਪ ਉਨ੍ਹਾਂ ਅਧਿਕਾਰੀਆਂ ਦਾ ਸੀ ਜੋ ਸਿਵਲ ਸੇਵਾਵਾਂ ਪ੍ਰੀਖਿਆ ਪਾਸ ਕਰਨ ਤੋਂ ਬਾਅਦ ਰੇਲਵੇ 'ਚ ਦਾਖਲ ਹੋਏ ਸਨ। ਮੰਤਰਾਲਾ ਵੱਲੋਂ 13 ਅਗਸਤ, 2024 ਨੂੰ ਇਕ

ਨੋਟੀਫਿਕੇਸਨ ਜਾਰੀ ਕੀਤਾ ਗਿਆ ਸੀ, ਜਿਸ ਅਧੀਨ ਭਾਰਤੀ ਰੇਲਵੇ ਪ੍ਰਬੰਧਨ ਸੇਵਾ ਪੱਧਰ ਦੀਆਂ 16 ਤੇ ਉੱਚ ਪੱਧਰ ਦੀਆਂ 17 ਅਸਾਮੀਆਂ 'ਤੇ ਨਿਯੁਕਤੀ ਲਈ 1989 ਤੇ 1990 ਬੈਚ ਦੇ ਯੋਗ ਅਧਿਕਾਰੀਆਂ ਕੋਲੋਂ ਬਿਨੈ ਪੱਤਰ ਮੰਗੇ ਗਏ ਸਨ ਪਰ ਇਕ ਹਫਤੇ 'ਚ ਹੀ ਇਸ ਨੂੰ ਰੋਕ ਦਿੱਤਾ ਗਿਆ ਸੀ। ਮੰਤਰਾਲਾ ਨੇ ਦਲੀਲ ਦਿੱਤੀ ਕਿ ਆਪਸੀ ਟਕਰਾਅ ਤੋਂ ਬਚਣ ਲਈ ਸਰਕਾਰ ਤਰੀਕਾ ਲੱਭ ਰਹੀ ਹੈ ਪਰ ਹੁਣ ਇਹ ਗੱਲ ਸਾਹਮਣੇ ਆਈ ਹੈ ਕਿ ਪ੍ਰਧਾਨ ਮੰਤਰੀ ਦਫਤਰ ਨੇ ਕੁਝ ਮੰਤਰਾਲਿਆਂ ਨੂੰ ਕਿਹਾ ਹੈ ਕਿ ਜਨਤਕ ਖੇਤਰ ਦੇ ਅਦਾਰਿਆਂ 'ਚ ਖਾਲੀ ਹੋਣ ਵਾਲੇ ਉੱਚ ਅਹੁਦਿਆਂ ਲਈ ਸਾਰੀਆਂ ਨਿਯੁਕਤੀਆਂ ਰੋਕ ਦਿੱਤੀਆਂ ਜਾਣ। ਨਾਲ ਹੀ ਇਹ ਸੰਦੇਸ ਵੀ ਦਿੱਤਾ ਗਿਆ ਹੈ ਕਿ ਜੇ ਐੱਸ. ਸੀ, ਐੱਸ. ਟੀ. ਜਾਂ ਓ.ਬੀ.ਸੀ. ਨਾਲ ਸਬੰਧਤ ਅਧਿਕਾਰੀ ਹਨ ਤਾਂ ਉਨ੍ਹਾਂ ਨੂੰ ਸਾਰਟਲਿਸਟ ਕੀਤਾ ਜਾਏ। ਸੂਤਰਾਂ ਦਾ ਕਹਿਣਾ ਹੈ ਕਿ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਵੱਲੋਂ ਐੱਸ. ਸੀ., ਐੱਸ. ਟੀ ਅਤੇ ਓ. ਬੀ. ਸੀ. ਨੂੰ ਕਿੰਨੇ ਉੱਚ ਅਹੁਦੇ ਦਿੱਤੇ ਗਏ ਹਨ, ਬਾਰੇ ਸਵਾਲ ਉਠਾਏ ਜਾਣ ਤੋਂ ਬਾਅਦ ਸਰਕਾਰ ਹਰਕਤ 'ਚ ਆਈ। ਸਰਕਾਰ ਤੇ ਭਾਜਪਾ ਦੇ ਬੁਲਾਰਿਆਂ ਨੇ ਰਾਹੁਲ ਗਾਂਧੀ ਦਾ ਮਜਾਕ ਉਡਾਇਆ ਪਰ ਮੋਦੀ ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਲਿਆ ।

ਹੁੱਡਾ ਪਰਿਵਾਰ ਦੀ ਭਾਜਪਾ ਨਾਲ ਮਿਲੀਭਗਤ ਨਾ ਹੁੰਦੀ ਤਾਂ ਮਾਕਨ ਰਾਜ ਸਭਾ ਮੈਂਬਰ ਹੁੰਦੇ : ਦੁਸ਼ਯੰਤ ਚੌਟਾਲਾ

ਜੀਂਦ 30 ਅਗਸਤ। ਹਰਿਆਣਾ ਦੇ ਸਾਬਕਾ ਉੱਪ ਮੁੱਖ ਮੰਤਰੀ ਦੁਸ਼ਯੰਤ ਚੌਟਾਲਾ ਨੇ ਵੀਰਵਾਰ ਨੂੰ ਕਿਹਾ ਕਿ ਜੇਕਰ ਹੁੱਡਾ ਪਰਿਵਾਰ ਦੀ ਭਾਜਪਾ ਨਾਲ ਮਿਲੀਭਗਤ ਨਾਲ ਹੁੰਦੀ ਤਾਂ ਕਾਂਗਰਸ ਆਗੂ ਅਜੇ ਮਾਕਨ ਰਾਜ ਸਭਾ ਚੋਣਾਂ ਜਿੱਤ ਕੇ ਸੰਸਦ ਮੈਂਬਰ ਬਣ ਗਏ ਹੁੰਦੇ। ਉਨ੍ਹਾਂ ਨੇ ਉਚਾਨਾ ਖੇਤਰ ਦੀ ਯਾਤਰਾ ਦੌਰਾਨ ਪੱਤਰਕਾਰਾਂ ਨੂੰ ਇਹ ਗੱਲ ਕਹੀ। ਚੌਟਾਲਾ ਨੇ ਕਾਂਗਰਸ ਦੇ ਸੀਨੀਅਰ ਨੇਤਾ ਅਤੇ ਹਰਿਆਣਾ ਦੇ ਸਾਬਕਾ ਭੂਪਿੰਦਰ ਸਿੰਘ ਹੁੱਡਾ ਅਤੇ ਉਨ੍ਹਾਂ ਦੇ ਪਰਿਵਾਰ 'ਤੇ ਨਿਸ਼ਾਨਾ ਵਿੰਨ੍ਹਦੇ ਹੋਏ ਕਿਹਾ,"ਹੁੱਡਾ ਪਰਿਵਾਰ ਦੀ

ਭਾਜਪਾ ਨਾਲ ਮਿਲੀਭਗਤ ਜਗ ਜਾਹਰ ਹੈ। ਜੇਕਰ ਮਿਲੀਭਗਤ ਨਹੀਂ ਹੁੰਦੀ ਤਾਂ ਅੱਜ ਅਜੇ ਮਾਕਨ ਰਾਜ ਸਭਾ ਮੈਂਬਰ ਹੁੰਦੇ।" ਦੱਸਣਯੋਗ ਹੈ ਕਿ ਜੂਨ 2022 'ਚ ਹਰਿਆਣਾ ਦੀਆਂ 2 ਰਾਜ ਸਭਾ ਸੀਟਾਂ ਲਈ ਚੋਣਾਂ 'ਚ 'ਕ੍ਰਾਸ ਵੋਟਿੰਗ' ਕਾਰਨ ਮਾਕਨ ਨੂੰ ਹਾਰ ਦਾ ਸਾਹਮਣਾ ਕਰਨਾ ਪਿਆ ਸੀ। ਨਤੀਜੇ ਦੇ ਐਲਾਨ ਤੋਂ ਪਹਿਲੇ ਮਾਕਨ ਦੀ ਜਿੱਤ ਲਗਭਗ ਤੈਅ ਮੰਨੀ ਜਾ ਰਹੀ ਸੀ ਪਰ ਭਾਜਪਾ ਸਮਰਥਿਤ ਉਮੀਦਵਾਰ ਕਾਰਤੀਕੇਯ ਸ਼ਰਮਾ ਨੂੰ ਜਿੱਤ ਮਿਲੀ ਸੀ।

ਸ਼ਸ਼ੀ ਥਰੂਰ ਨੂੰ ਹਾਈ ਕੋਰਟ ਦਾ ਝਟਕਾ

ਨਵੀਂ ਦਿੱਲੀ 30 ਅਗਸਤ। ਦਿੱਲੀ ਹਾਈ ਕੋਰਟ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸੰਦਰਭ 'ਚ ਕੀਤੀ ਗਈ 'ਸ਼ਿਵਲਿੰਗ 'ਤੇ ਬਿੱਛੂ ਵਾਲੀ ਕਥਿਤ ਟਿੱਪਣੀ ਦੇ ਸਬੰਧ 'ਚ ਕਾਂਗਰਸ ਨੇਤਾ ਸ਼ਸ਼ੀ ਥਰੂਰ ਖਿ਼ਲਾਫ ਮਾਣਹਾਨੀ ਦੀ ਕਾਰਵਾਈ ਨੂੰ ਰੱਦ ਕਰਨ ਤੋਂ ਵੀਰਵਾਰ ਨੂੰ ਇਨਕਾਰ ਕਰ ਦਿੱਤਾ। ਜਸਟਿਸ ਅਨੂਪ ਕੁਮਾਰ ਮੈਂਦੀਰੱਤਾ ਨੇ ਮਾਣਹਾਨੀ ਦੀ ਕਾਰਵਾਈ ਨੂੰ ਚੁਣੌਤੀ ਦੇਣ ਵਾਲੀ ਥਰੂਰ ਦੀ ਪਟੀਸ਼ਨ ਖਾਰਿਜ ਕਰ ਦਿੱਤੀ। ਹਾਈ ਕੋਰਟ ਨੇ 16 ਅਕਤੂਬਰ, 2020 ਨੂੰ ਮਾਣਹਾਨੀ ਦੀ ਸ਼ਿਕਾਇਤ 'ਚ ਥਰੂਰ ਖਿ਼ਲਾਫ ਅਪਰਾਧਿਕ ਕਾਰਵਾਈ 'ਤੇ ਰੋਕ ਲਾ ਦਿੱਤੀ ਸੀ। ਇਸ ਨੇ ਅੱਜ ਆਪਣੇ ਅੰਤ੍ਰਿਮ ਹੁਕਮ ਨੂੰ ਰੱਦ ਕਰ ਦਿੱਤਾ ਅਤੇ ਸਬੰਧਤ ਪੱਖਾਂ ਨੂੰ 10 ਸਤੰਬਰ ਨੂੰ ਹੇਠਲੀ ਅਦਾਲਤ ਸਾਹਮਣੇ ਪੇਸ਼ ਹੋਣ ਦਾ ਹੁਕਮ ਦਿੱਤਾ। ਜੱਜ ਨੇ ਵੀਰਵਾਰ ਨੂੰ ਹੁਕਮ ਸੁਣਾਉਂਦੇ ਹੋਏ ਕਿਹਾ ਕਿ ਕਾਰਵਾਈ ਰੱਦ ਕਰਨ ਦਾ ਕੋਈ ਆਧਾਰ ਨਹੀਂ ਬਣਦਾ ਹੈ।

ਸ਼ਿਵਾਜੀ ਦੇ ਚਰਨਾਂ 'ਚ ਸਿਰ ਝੁਕਾ ਕੇ ਮੁਆਫੀ ਮੰਗਦਾ ਹਾਂ : ਪ੍ਰਧਾਨ ਮੰਤਰੀ ਮੋਦੀ

ਸਿੰਮੀ ਕੌਰ ਬੱਬਰ

ਪਾਲਘਰ 30 ਅਗਸਤ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਨੂੰ ਮਹਾਰਾਸਟਰ ਦੇ ਸਿੰਧੂਦੁਰਗ ਜਿ਼ਲ੍ਹੇ 'ਚ ਮੂਰਤੀ ਡਿੱਗਣ ਦੀ ਘਟਨਾ ਤੋਂ ਦੁਖੀ ਮਰਾਠਾ ਰਾਜਾ ਛਤਰਪਤੀ ਸਿ਼ਵਾਜੀ ਮਹਾਰਾਜ ਅਤੇ ਲੋਕਾਂ ਤੋਂ ਮੁਆਫੀ ਮੰਗੀ ਹੈ। ਮਹਾਰਾਸਟਰ ਦੇ ਪਾਲਘਰ ਜਿ਼ਲ੍ਹੇ 'ਚ 76,000 ਕਰੋੜ ਰੁਪਏ ਦੀ ਵਾਧਵਨ ਬੰਦਰਗਾਹ ਪ੍ਰਾਜੈਕਟ ਦਾ ਨੀਂਹ ਪੱਥਰ ਰੱਖਣ ਤੋਂ ਬਾਅਦ ਮੋਦੀ ਨੇ ਕਿਹਾ,"ਛਤਰਪਤੀ ਸਿ਼ਵਾਜੀ ਮਹਾਰਾਜ ਸਿਰਫ ਇਕ ਨਾਂ ਜਾਂ ਰਾਜਾ ਨਹੀਂ ਹਨ। ਸਾਡੇ ਲਈ ਉਹ ਇਕ ਦੇਵਤਾ ਹੈ। ਅੱਜ ਮੈਂ ਉਸ ਦੇ ਚਰਨਾਂ 'ਚ ਸਿਰ ਝੁਕਾ ਕੇ ਆਪਣੇ ਦੇਵਤਾ ਤੋਂ ਮੁਆਫੀ ਮੰਗਦਾ ਹਾਂ।" ਮੋਦੀ ਨੇ ਕਿਹਾ,"ਸਾਡੀਆਂ ਕਦਰਾਂ-ਕੀਮਤਾਂ ਵੱਖਰੀਆਂ ਹਨ। ਸਾਡੇ ਲਈ ਸਾਡੇ ਦੇਵਤਾ ਤੋਂ ਵੱਡਾ ਕੁਝ ਨਹੀਂ ਹੈ।" ਉਨ੍ਹਾਂ ਕਿਹਾ,"ਕੁਝ ਲੋਕ ਵੀਰ ਸਾਵਰਕਰ ਨੂੰ ਗਾਲ੍ਹਾਂ ਕੱਢਦੇ ਰਹਿੰਦੇ ਹਨ ਪਰ ਉਨ੍ਹਾਂ ਦਾ ਅਪਮਾਨ ਕਰਨ ਲਈ ਮੁਆਫੀ ਮੰਗਣ ਲਈ ਤਿਆਰ ਨਹੀਂ ਹਨ।" ਉਨ੍ਹਾਂ ਕਿਹਾ,"ਜਦੋਂ ਮੈਂ ਇੱਥੇ ਪਹੁੰਚਿਆ, ਤਾਂ ਮੈਂ ਸਭ ਤੋਂ ਪਹਿਲਾਂ ਸਿ਼ਵਾਜੀ

ਮਹਾਰਾਜ ਤੋਂ ਮੂਰਤੀ ਡਿੱਗਣ ਲਈ ਮੁਆਫੀ ਮੰਗੀ।" ਪ੍ਰਧਾਨ ਮੰਤਰੀ ਨੇ ਕਿਹਾ,"ਮੈਂ ਉਨ੍ਹਾਂ ਲੋਕਾਂ ਤੋਂ ਵੀ ਮੁਆਫੀ ਮੰਗਦਾ ਹਾਂ, ਜੋ ਇਸ ਘਟਨਾ ਤੋਂ ਦੁਖੀ ਹੋਏ ਹਨ।" ਪੀ.ਐੱਮ. ਮੋਦੀ ਨੇ ਪਿਛਲੇ ਸਾਲ ਦਸੰਬਰ 'ਚ ਸਿੰਧੂਦੁਰਗ ਜਿ਼ਲ੍ਹੇ 'ਚ ਜਲ ਸੈਨਾ ਦਿਵਸ ਸਮਾਰੋਹ ਦੌਰਾਨ ਛਤਰਪਤੀ ਸ਼ਿਵਾਜੀ ਮਹਾਰਾਜ ਦੀ ਮੂਰਤੀ ਦਾ ਉਦਘਾਟਨ ਕੀਤਾ ਸੀ। ਮੂਰਤੀ ਦਾ ਮਕਸਦ ਸਮੁੰਦਰੀ ਰੱਖਿਆ ਦੇ ਪ੍ਰਤੀ ਮਰਾਠਾ ਯੋਧਾ ਦੀ ਵਿਰਾਸਤ ਦਾ ਸਨਮਾਨਤ ਕਰਨਾ ਸੀ। ਸੂਬਾ ਸਰਕਾਰ ਨੇ ਐਲਾਨ ਕੀਤਾ ਹੈ ਕਿ ਜਲ ਸੈਨਾ ਦੀ ਪ੍ਰਧਾਨਗੀ 'ਚ ਰਾਜ ਸਰਕਾਰ ਦੇ ਪ੍ਰਤੀਨਿਧੀਆਂ ਅਤੇ ਤਕਨੀਕੀ ਮਾਹਿਰਾਂ ਨਾਲ ਇਕ ਸੰਯੁਕਤ ਤਕਨੀਕੀ ਕਮੇਟੀ ਮੂਰਤੀ ਡਿੱਗਣ ਦੇ ਕਾਰਨਾਂ ਦੀ ਜਾਂਚ ਕਰੇਗੀ। ਪੀ.ਐੱਮ. ਮੋਦੀ ਨੇ ਕਿਹਾ ਕਿ ਵਿਕਸਿਤ ਮਹਾਰਾਸ਼ਟਰ ਵਿਕਸਿਤ ਭਾਰਤ ਦੇ ਸੰਕਲਪ ਦਾ ਇਕ ਜਰੂਰੀ ਹਿੱਸਾ ਹੈ। ਉਨ੍ਹਾਂ ਕਿਹਾ,"ਇਸ ਲਈ ਪਿਛਲੇ 10 ਸਾਲਾਂ 'ਚ ਅਸੀਂ ਮਹਾਰਾਸ਼ਟਰ ਦੀ ਤਰੱਕੀ ਲਈ ਲਗਾਤਾਰ ਵੱਡੇ ਫੈਸਲੇ ਲਏ ਹਨ। ਇਹ ਯਕੀਨੀ ਕਰਨ ਲਈ ਰਾਜ ਅਤੇ ਪੂਰਾ ਦੇਸ਼ ਮਹਾਰਾਸ਼ਟਰ ਦੀਆਂ ਸਮਰੱਥਾ ਦਾ ਲਾਭ ਚੁੱਕੇ, ਅੱਜ ਵਧਾਵਨ ਬੰਦਰਗਾਹ ਦਾ ਨੀਂਹ ਪੱਥਰ ਰੱਖਿਆ ਗਿਆ ਹੈ।"

ਸੁਰੱਖਿਆ ਫੋਰਸਾਂ ਨਾਲ ਮੁਕਾਬਲੇ 'ਚ ਤਿੰਨ ਮਹਿਲਾ ਨਕਸਲੀ ਢੇਰ

ਨਾਰਾਇਣਪੁਰ 30 ਅਗਸਤ। ਛੱਤੀਸਗੜ੍ਹ ਦੇ ਨਕਸਲ ਪ੍ਰਭਾਵਿਤ ਨਾਰਾਇਣਪੁਰ ਜਿ਼ਲ੍ਹੇ 'ਚ ਸੁਰੱਖਿਆ ਫੋਰਸਾਂ ਨੇ ਮੁਕਾਬਲੇ 'ਚ ਤਿੰਨ ਮਹਿਲਾ ਨਕਸਲੀਆਂ ਨੂੰ ਮਾਰ ਸੁੱਟਿਆ ਹੈ। ਪੁਲਸ ਅਧਿਕਾਰੀਆਂ ਨੇ ਵੀਰਵਾਰ ਨੂੰ ਇਹ ਜਾਣਕਾਰੀ ਦਿੱਤੀ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਨਾਰਾਇਣਪੁਰ ਅਤੇ ਕਾਂਕੇਰ ਜਿ਼ਲ੍ਹੇ ਦੀ ਸਰਹੱਦ 'ਤੇ ਅਬੂਝਮਾੜ ਖੇਤਰ 'ਚ ਸੁਰੱਖਿਆ ਫੋਰਸਾਂ ਨੇ ਤਿੰਨ ਵਰਦੀਧਾਰੀ ਮਹਿਲਾ ਨਕਸਲੀਆਂ ਨੂੰ ਮਾਰ ਸੁੱਟਿਆ ਹੈ। ਉਨ੍ਹਾਂ ਦੱਸਿਆ ਕਿ ਨਾਰਾਇਣਪੁਰ ਅਤੇ ਕਾਂਕੇਰ ਜਿ਼ਲ੍ਹੇ ਦੀ ਸਰਹੱਦ 'ਤੇ ਅਬੂਝਮਾੜ ਖੇਤਰ 'ਚ ਮਾਓਵਾਦੀਆਂ ਦੀ ਮੌਜੂਦਗੀ ਦੀ ਸੂਚਨਾ 'ਤੇ ਸੁਰੱਖਿਆ ਫੋਰਸ ਦੇ ਜਵਾਨਾਂ ਨੂੰ ਗਸ਼ਤ 'ਤੇ ਰਵਾਨਾ ਕੀਤਾ ਗਿਆ ਸੀ। ਦਲ 'ਚ ਜਿ਼ਲ੍ਹਾ ਰਿਜਰਵ ਗਾਰਡ (ਡੀ.ਆਰ.ਜੀ.), ਐੱਸ.ਟੀ.ਐੱਫ. ਅਤੇ ਸਰਹੱਦੀ ਸੁਰੱਖਿਆ ਫੋਰਸ (ਬੀ.ਐੱਸ.ਐੱਫ.) ਦੇ ਜਵਾਨ ਸ਼ਾਮਲ ਸਨ। ਅਧਿਕਾਰੀਆਂ ਨੇ ਦੱਸਿਆ ਕਿ ਜਦੋਂ ਦਲ ਦੇ ਜਵਾਨ ਖੇਤਰ 'ਚ ਪਹੁੰਚੇ, ਉਦੋਂ ਅੱਜ ਯਾਨੀ ਵੀਰਵਾਰ ਸਵੇਰੇ ਲਗਭਗ 8 ਵਜੇ ਨਕਸਲੀਆਂ ਨੇ ਗੋਲੀਬਾਰੀ ਸ਼ੁਰੂ ਕਰ ਦਿੱਤੀ। ਬਾਅਦ 'ਚ ਜਵਾਨਾਂ ਨੇ ਵੀ ਜਵਾਬੀ ਕਾਰਵਾਈ ਕੀਤੀ। ਉਨ੍ਹਾਂ ਦੱਸਿਆ ਕਿ ਦੋਹਾਂ ਪਾਸਿਓਂ ਰੁਕ-ਰੁਕ ਕੇ ਗੋਲੀਬਾਰੀ ਹੁੰਦੀ ਰਹੀ। ਸੁਰੱਖਿਆ ਫੋਰਸਾਂ ਨੇ ਅਜੇ ਤੱਕ ਹਾਦਸੇ ਵਾਲੀ ਜਗ੍ਹਾ ਤੋਂ ਤਿੰਨ ਮਹਿਲਾ ਨਕਸਲੀਆਂ ਦੀਆਂ ਲਾਸ਼ਾਂ, ਹਥਿਆਰ ਅਤੇ ਹੋਰ ਸਾਮਾਨ ਬਰਾਮਦ ਕੀਤਾ ਹੈ। ਅਧਿਕਾਰੀਆਂ ਨੇ ਦੱਸਿਆ ਕਿ ਇਸ ਘਟਨਾ 'ਚ ਸੁਰੱਖਿਆ ਫੋਰਸ ਦੇ ਸੁਰੱਖਿਅਤ ਹੋਣ ਦੀ ਜਾਣਕਾਰੀ ਮਿਲੀ ਹੈ। ਖੇਤਰ 'ਚ ਤਲਾਸ਼ੀ ਮੁਹਿੰਮ ਚਲਾਈ ਜਾ ਰਹੀ ਹੈ। ਅਧਿਕਾਰੀਆਂ ਨੇ ਦੱਸਿਆ ਕਿ ਮੁਕਾਬਲੇ ਦੇ ਸੰਬੰਧ 'ਚ ਵੱਧ ਜਾਣਕਾਰੀ ਲਈ ਜਾ ਰਹੀ ਹੈ।

ਸਿਮਰਨਜੀਤ ਮਾਨ ਦੇ ਵਿਵਾਦਤ ਬਿਆਨ ਮਗਰੋਂ ਕੰਗਨਾ ਰਣੌਤ ਦਾ ਮੋੜਵਾਂ ਜਵਾਬ

ਚੰਡੀਗੜ੍ਹ 30 ਅਗਸਤ। ਸਾਬਕਾ ਸੰਸਦ ਮੈਂਬਰ ਸਿਮਰਨਜੀਤ ਸਿੰਘ ਮਾਨ ਦਾ ਕੰਗਨਾ ਰਣੌਤ 'ਤੇ ਵਿਵਾਦਤ ਬਿਆਨ ਸਾਹਮਣੇ ਆਇਆ ਹੈ। ਜਿਸ ਤੋਂ ਬਾਅਦ ਕੰਗਨਾ ਰਣੌਤ ਨੇ ਵੀ ਸਿਮਰਨਜੀਤ ਸਿੰਘ ਮਾਨ ਨੂੰ ਮੋੜਵਾਂ ਜਵਾਬ ਦਿੱਤਾ ਹੈ। ਕੰਗਨਾ ਨੇ ਆਖਿਆ ਹੈ ਕਿ ਇਕ ਅਦਾਕਾਰ ਦੀ ਆਵਾਜ਼ ਨੂੰ ਦਬਾਇਆ ਜਾ ਰਿਹਾ ਹੈ। ਕੁਝ ਲੋਕਾਂ ਨੇ ਮੇਰੀ ਫਿ਼ਲਮ ਨੂੰ ਲੈ ਕੇ ਬੰਦੂਕਾਂ ਤਾਣ ਲਈਆਂ ਹਨ, ਮੇਰੇ ਮੱਥੇ ਉਤੇ ਰੱਖ ਦਿੱਤੀਆਂ ਹਨ। ਮੈਂ ਇਨ੍ਹਾਂ ਤੋਂ ਡਰਨ ਵਾਲੀ ਨਹੀਂ। ਹੁਣ ਮੈਨੂੰ ਰੇਪ ਦੀਆਂ ਧਮਕੀਆਂ ਵੀ ਆ ਰਹੀਆਂ ਹਨ। ਉਹ ਆਖ ਰਹੇ ਹਨ ਕਿ ਕੰਗਨਾ ਰਣੌਤ ਨੂੰ ਰੇਪ ਦਾ ਕਾਫ਼ੀ ਤਜ਼ਰਬਾ ਹੈ ਅਤੇ ਉਸ ਨੂੰ ਪਤਾ ਹੈ ਕਿ ਰੇਪ ਕੀ ਹੁੰਦਾ ਹੈ। ਕੰਗਨਾ ਨੇ ਕਿਹਾ ਇਸ ਤਰ੍ਹਾਂ ਉਹ ਮੇਰੀ ਆਵਾਜ਼ ਨੂੰ ਨਹੀਂ ਦਬਾ ਸਕਦੇ। ਹਾਲ ਹੀ 'ਚ ਕੰਗਨਾ ਨੇ ਇਕ ਟਵੀਟ ਆਪਣੇ ਐਕਸ ਅਕਾਊਂਟ 'ਤੇ ਕੀਤਾ ਹੈ। ਜਿਸ 'ਚ ਉਸ ਨੇ ਲਿਖਿਆ ਹੈ ਕਿ ਅਜਿਹਾ ਲਗਦਾ ਹੈ ਕਿ ਇਹ ਦੇਸ ਕਦੇ ਵੀ ਬਲਾਤਕਾਰ ਨੂੰ ਮਾਮੂਲੀ ਬਣਾਉਣਾ ਬੰਦ ਨਹੀਂ ਕਰੇਗਾ। ਅੱਜ ਇਸ ਸੀਨੀਅਰ ਸਿਆਸਤਦਾਨ ਨੇ ਬਲਾਤਕਾਰ ਦੀ ਤੁਲਨਾ ਸਾਈਕਲ ਦੀ ਸਵਾਰੀ ਨਾਲ ਕੀਤੀ ਹੈ। ਇਸ ਵਿੱਚ ਕੋਈ ਹੈਰਾਨੀ ਦੀ ਗੱਲ ਨਹੀਂ ਹੈ ਕਿ ਮਜਾਕ ਲਈ ਔਰਤਾਂ ਵਿਰੁੱਧ ਬਲਾਤਕਾਰ ਅਤੇ ਹਿੰਸਾ ਇਸ ਮਰਦ-ਪ੍ਰਧਾਨ ਰਾਸਟਰ ਦੀ ਮਾਨਸਿਕਤਾ ਵਿੱਚ ਇੰਨੀ ਡੂੰਘਾਈ ਨਾਲ ਜੜ੍ਹੀ ਹੋਈ ਹੈ ਕਿ ਇਸ ਦੀ ਵਰਤੋਂ ਔਰਤਾਂ ਨੂੰ ਛੇੜਨ ਜਾਂ ਮਜਾਕ ਉਡਾਉਣ ਲਈ ਕੀਤੀ ਜਾਂਦੀ ਹੈ, ਭਾਵੇਂ ਉਹ ਉੱਚ ਪੱਧਰੀ ਫਿਲਮ ਨਿਰਮਾਤਾ ਕਿਉਂ ਨਾ ਹੋਵੇ? ਦੱਸ ਦਈਏ ਕਿ ਇਸ ਤੋਂ ਪਹਿਲਾਂ ਕੰਗਨਾ ਰਣੌਤ ਨੇ ਇੱਕ ਇੰਟਰਵਿਊ ਦੌਰਾਨ ਕਿਹਾ ਸੀ ਕਿ ਕਿਸਾਨ ਅੰਦੋਲਨ ਦੌਰਾਨ ਰੇਪ ਹੋਏ ਅਤੇ ਉਥੇ ਲੋਕਾਂ ਨੂੰ ਮਾਰ ਕੇ ਲਾਸ਼ਾਂ ਨੂੰ ਲਟਕਾਇਆ ਗਿਆ। ਜਿਸ ਤੋਂ ਬਾਅਦ ਕੰਗਨਾ ਰਣੌਤ ਦਾ ਇਹ ਬਿਆਨ ਸੁਰਖੀਆਂ ਵਿੱਚ ਸੀ, ਸਾਰੇ ਇਸ ਦੀ ਨਿਖੇਧੀ ਕਰ ਰਹੇ ਹਨ।

ਦਿੱਲੀ ਹਾਈਕੋਰਟ ਨੇ ਬ੍ਰਿਜ ਭੂਸ਼ਣ ਸਿੰਘ ਨੂੰ ਦਿੱਤਾ ਵੱਡਾ ਝਟਕਾ

ਏਜੰਸੀਆਂ

ਨਵੀਂ ਦਿੱਲੀ 30 ਅਗਸਤ। ਮਹਿਲਾ ਪਹਿਲਵਾਨਾਂ ਦੇ ਕਥਿਤ ਜਿਨਸੀ ਸੋਸਣ ਦੇ ਮਾਮਲੇ 'ਚ ਦੋਸੀ ਬ੍ਰਿਜ ਭੂਸ਼ਣ ਸਿੰਘ ਨੂੰ ਦਿੱਲੀ ਹਾਈਕੋਰਟ ਤੋਂ ਵੱਡਾ ਝਟਕਾ ਲੱਗਾ ਹੈ। ਬ੍ਰਿਜ ਭੂਸ਼ਣ ਨੇ ਹੇਠਲੀ ਅਦਾਲਤ ਵੱਲੋਂ ਆਪਣੇ ਖਿ਼ਲਾਫ ਐਫਆਈਆਰ, ਚਾਰਜਸੀਟ ਅਤੇ ਦੋਸ਼ ਤੈਅ ਕਰਨ ਦੇ ਹੁਕਮਾਂ ਨੂੰ ਰੱਦ ਕਰਨ ਲਈ ਪਟੀਸਨ ਦਾਇਰ ਕੀਤੀ ਸੀ। ਹਾਲਾਂਕਿ ਦਿੱਲੀ ਹਾਈ ਕੋਰਟ ਨੇ ਉਸ ਦੀ ਪਟੀਸਨ 'ਤੇ ਕੋਈ ਰਾਹਤ ਨਹੀਂ ਦਿੱਤੀ। ਅਦਾਲਤ ਨੇ ਬ੍ਰਿਜ ਭੂਸ਼ਣ ਦੇ ਵਕੀਲ ਨੂੰ ਨਿਰਦੇਸ਼ ਦਿੱਤਾ ਹੈ ਕਿ ਉਹ ਇਸ ਮਾਮਲੇ ਵਿੱਚ ਇੱਕ ਸੰਖੇਪ ਨੋਟ ਪੇਸ਼ ਕਰਨ, ਤਾਂ ਜੋ ਅਦਾਲਤ ਨੂੰ ਕੇਸ ਬਾਰੇ ਵਿਸਥਾਰਪੂਰਵਕ ਜਾਣਕਾਰੀ ਮਿਲ ਸਕੇ। ਪੁਲਿਸ ਨੇ ਪਟੀਸਨ ਦੀ ਵੈਧਤਾ 'ਤੇ ਚੁੱਕੇ ਸਵਾਲ ਪਟੀਸਨ 'ਤੇ ਸੁਣਵਾਈ ਦੌਰਾਨ ਦਿੱਲੀ ਪੁਲਸ ਨੇ ਬ੍ਰਿਜ ਭੂਸ਼ਣ ਦੀ ਪਟੀਸਨ ਦੀ ਵੈਧਤਾ 'ਤੇ ਸਵਾਲ ਚੁੱਕੇ ਹਨ। ਪੁਲਸ ਨੇ ਦਲੀਲ ਦਿੱਤੀ ਕਿ ਬ੍ਰਿਜ ਭੂਸ਼ਣ ਦੀ ਪਟੀਸਨ ਨਿਆਂਇਕ ਪ੍ਰਕਿਰਿਆ ਦੇ ਅਨੁਸਾਰ ਨਹੀ

ਰੇਲਵੇ ਨੇ ਯਾਤਰੀ ਨੂੰ ਰੱਦ ਕੀਤੀ ਟਿਕਟ ਦੇ ਨਹੀਂ ਮੋੜੇ ਪੈਸੇ, ਕੰਜਿਊਮਰ ਕੋਰਟ ਨੇ ਲਾਇਆ ਇੰਨਾ ਜੁਰਮਾਨਾ

ਨਵੀਂ ਦਿੱਲੀ 30 ਅਗਸਤ। ਦਿੱਲੀ ਦੀ ਕੰਜਿ਼ਊਮਰ ਕੋਰਟ ਨੇ ਰੇਲਵੇ ਨੂੰ ਸੇਵਾ 'ਚ ਕਮੀ ਦਾ ਦੋਸ਼ਾ ਪਾਉਂਦੇ ਹੋਏ ਉਸ ਨੂੰ ਕੈਂਸਲਿਡ ਵੇਟਲਿਸਟਿਡ ਟਿਕਟ ਦਾ ਪੈਸਾ ਨਾ ਮੋੜਨ 'ਤੇ ਇਕ ਮਹੀਨੇ ਦੇ ਅੰਦਰ ਟਿਕਟ ਦੇ ਪੈਸੇ 7 ਫੀਸਦੀ ਵਿਆਜ ਨਾਲ ਵਾਪਸ ਕਰਨ ਦਾ ਹੁਕਮ ਦਿੱਤਾ ਹੈ। ਨਾਲ ਹੀ ਕੋਰਟ ਨੇ ਖਰਚੇ ਲਈ ਰੇਲਵੇ ਨੂੰ 25,000 ਰੁਪਏ ਦਾ ਜੁਰਮਾਨਾ ਵੀ ਭਰਨ ਲਈ ਕਿਹਾ ਹੈ। ਇਹ ਮਾਮਲਾ ਦਿੱਲੀ ਦੇ ਰਹਿਣ ਵਾਲੇ ਸੰਦੀਪ ਕੁਮਾਰ ਮਿਸ਼ਰਾ ਦਾ ਹੈ। ਉਸ ਨੇ ਆਈ. ਆਰ. ਸੀ. ਟੀ. ਸੀ. ਦੀ ਟਿਕਟਿੰਗ ਵੈੱਬਸਾਈਟ ਤੋਂ 17 ਅਕਤੂਬਰ 2012 ਨੂੰ 6 ਮੁਸਾਫਰਾਂ ਲਈ ਇਕ ਵੇਟਲਿਸਟਿਡ ਜਰਨੀ ਟਿਕਟ ਖਰੀਦੀ। ਇਹ ਟਿਕਟ 19 ਅਕਤੂਬਰ 2012 ਦੀ ਯਾਤਰਾ ਲਈ ਕੋਚੇਗੁਡਾ ਤੋਂ ਗੋਰਖਪੁਰ ਲਈ ਬੁੱਕਸੀ। ਜਦੋਂ ਚਾਰਟ ਬਣਿਆ ਤਾਂ ਤਿੰਨ ਮੁਸਾਫਰਾਂ ਦੀ ਟਿਕਟ ਕਨਫਰਮ ਹੋ ਗਈ, ਤਿੰਨ ਦਾ ਨਾਂ ਵੇਟਿੰਗ ਲਿਸਟ 'ਚ ਰਹਿ ਗਿਆ। ਤਿੰਨੇ ਵੇਟਲਿਸਟਿਡ ਮੁਸਾਫਰਾਂ ਨੇ ਯਾਤਰਾ ਨਹੀਂ ਕੀਤੀ ਅਤੇ ਆਈ. ਆਰ. ਸੀ. ਟੀ. ਸੀ. ਦੀ ਸਾਈਟ 'ਤੇ ਰਿਫੰਡ ਲਈ ਟੀ. ਡੀ. ਆਰ. ਦਾਖਲ ਕਰ ਦਿੱਤਾ। ਰੇਲਵੇ ਦੇ ਨਿਯਮਾਂ ਮੁਤਾਬਕ ਅਤੇ ਆਮ ਪ੍ਰਕਿਰਿਆ 'ਚ ਟੀ. ਡੀ. ਆਰ. ਰਿਫੰਡ 90 ਦਿਨਾਂ 'ਚ ਆ ਜਾਣਾ ਚਾਹੀਦਾ ਹੈ ਪਰ ਸੰਦੀਪ ਨੂੰ ਇਹ ਨਹੀਂ ਮਿਲਿਆ। ਇਸ ਤੋਂ ਬਾਅਦ ਪੀੜਤ ਨੇ ਆਈ. ਆਰ. ਸੀ. ਟੀ. ਸੀ. ਨੂੰ ਮੇਲ ਕੀਤੀ, ਉਦੋਂ ਵੀ ਰਿਫੰਡ ਨਹੀਂ ਮਿਲਿਆ। ਕਰੀਬ ਇਕ ਸਾਲ ਬਾਅਦ 5 ਸਤੰਬਰ 2013 ਨੂੰ ਪੀੜਤ ਨੇ ਰੇਲਵੇ ਨੂੰ ਲੀਗਲ ਨੋਟਿਸ ਭੇਜਿਆ ਪਰ ਇਸ ਦਾ ਕੋਈ ਅਸਰ ਨਹੀਂ ਨਜਰ ਆਇਆ। ਇਸ ਤੋਂ ਬਾਅਦ ਉਨ੍ਹਾਂ ਨੇ ਹਾਰ

ਕੇ ਕੰਜਿ਼ਊਮਰ ਫੋਰਮ ਦਾ ਦਰਵਾਜਾ ਖੜਕਾਇਆ। ਇਹ ਮੁਕੱਦਮਾ ਦਿੱਲੀ ਦੇ ਜਿ਼ਲ੍ਹਾ ਖਪਤਕਾਰ ਹੱਲ ਕਮਿਸ਼ਨ-6 ਵਿਚ ਦਾਇਰ ਕੀਤਾ ਗਿਆ ਸੀ। ਕਾਰਵਾਈ ਦੌਰਾਨ ਆਈ. ਆਰ. ਸੀ. ਟੀ. ਸੀ. ਨੇ ਦੱਸਿਆ ਕਿ ਉਹ ਸਿਰਫ ਰੇਲਵੇ ਯਾਤਰੀ ਰਿਜਰਵੇਸ਼ਨ ਪ੍ਰਣਾਲੀ (ਪੀ. ਆਰ. ਐੱਸ.) ਤੱਕ ਪਹੁੰਚ ਮੁਹੱਈਆ ਕਰਦਾ ਹੈ ਅਤੇ ਰਿਫੰਡ ਮਾਮਲਿਆਂ ਵਿਚ ਇਸ ਦੀ ਕੋਈ ਭੂਮਿਕਾ ਨਹੀਂ ਹੈ। ਫੋਰਮ ਦੀ ਪ੍ਰਧਾਨ ਪੂਨਮ ਚੌਧਰੀ ਅਤੇ ਮੈਂਬਰਾਂ ਬਾਰਿਕ ਅਹਿਮਦ ਅਤੇ ਸ਼ੇਖਰ ਚੰਦਰਾ ਨੇ ਮਾਮਲੇ 'ਤੇ 4.01.2024 ਨੂੰ ਫੈਸਲਾ ਸੁਣਾਇਆ। ਕੰਜਿ਼ਊਮਰ ਕੋਰਟ ਨੇ ਰਿਫੰਡ ਵਾਪਸ ਕਰਨ ਲਈ ਦੋਹਾਂ ਓ. ਪੀ. ਨੂੰ ਸਾਂਝੇ ਤੌਰ 'ਤੇ ਵੱਖ-ਵੱਖ ਜੁਰਮੇਂ ਵਾਰ ਠਹਿਰਾਇਆ। ਕੰਜਿ਼ਊਮਰ ਫੋਰਮ ਨੇ ਚਾਰ ਹਫਤਿਆਂ ਦੇ ਅੰਦਰ ਰੇਲਵੇ ਨੂੰ ਰਿਫੰਡ ਦੇਣ ਦਾ ਹੁਕਮ ਦਿੱਤਾ। ਇਹ ਵੀ ਕਿਹਾ ਗਿਆ ਕਿ ਰਿਫੰਡ ਦੇ ਨਾਲ ਹੀ ਪਿਛਲੀ ਮਿਤੀ ਤੋਂ ਭੁਗਤਾਨ ਹੋਣ ਤੱਕ 7 ਫੀਸਦੀ ਪ੍ਰਤੀ ਸਾਲ ਦੀ ਦਰ ਨਾਲ ਵਿਆਜ ਵੀ ਦਿੱਤਾ ਜਾਏ। ਨਾਲ ਹੀ ਇਹ ਵੀ ਕਿਹਾ ਕਿ ਚਾਰ ਹਫਤਿਆਂ ਵਿਚ ਇਸ ਦੀ ਪਾਲਣਾ ਨਹੀਂ ਹੁੰਦੀ ਹੈ, ਜੋ ਪੀੜਤ ਨੂੰ ਪ੍ਰਤੀ ਸਾਲ 12 ਫੀਸਦੀ ਦੇ ਵਧੇ ਹੋਏ ਵਿਆਜ ਦਾ ਭੁਗਤਾਨ ਕਰਨਾ ਹੋਵੇਗਾ। ਸਿ਼ਕਾਇਤਕਰਤਾ ਨੂੰ ਮੁਕੱਦਮੇਬਾਜੀ ਦੇ ਖਰਚੇ ਵਜੋਂ 25,000 ਰੁਪਏ ਦੀ ਵਾਧੂ ਰਕਮ ਅਦਾ ਕਰਨ ਦਾ ਵੀ ਹੁਕਮ ਦਿੱਤਾ ਗਿਆ ਹੈ।

ਲੁਧਿਆਣਾ 'ਚ ਪਾਣੀ ਵਾਲੀ ਟੈਂਕੀ 'ਤੇ ਚੜ੍ਹੇ ਕੱਚੇ ਅਧਿਆਪਕ

ਲੁਧਿਆਣਾ 30 ਅਗਸਤ। ਪੰਜਾਬ ਸਰਕਾਰ ਤੋਂ ਕੱਚੇ ਮੁਲਾਜਮਾਂ ਨੂੰ ਪੱਕੇ ਕੀਤੇ ਜਾਣ ਦੀ ਮੰਗ ਕਰਦਿਆਂ ਲੁਧਿਆਣਾ ਦੇ ਜਵਾਹਰ ਨਗਰ 'ਚ ਕੱਚੇ ਮੁਲਾਜਮ ਪਾਣੀ ਦੀ ਟੈਂਕੀ 'ਤੇ ਚੜ੍ਹ ਗਏ ਹਨ। ਸੂਚਨਾ ਮਿਲਦੇ ਹੀ ਪੁਲਸ ਤੇ ਪ੍ਰਸ਼ਾਸਨ ਦੀਆਂ ਟੀਮਾਂ ਮੌਕੇ 'ਤੇ ਪੁੱਜੀਆਂ। ਉਨ੍ਹਾਂ ਵਲੋਂ ਪ੍ਰਦਰਸ਼ਨ ਕਰ ਰਹੇ ਮੁਲਾਜਮਾਂ ਨੂੰ ਸਮਝਾਇਆ ਜਾ ਰਿਹਾ ਹੈ। ਹਾਲਾਂਕਿ ਇਸ ਵਿਚਾਲੇ ਉਹ ਮੁੱਖ ਮੰਤਰੀ ਨਾਲ ਮੀਟਿੰਗ ਕਰਵਾਏ ਜਾਣ ਦੀ ਮੰਗ 'ਤੇ ਅੜੇ ਹਨ। ਇਸ ਮੌਕੇ ਅਧਿਆਪਕਾਂ ਨੇ ਦੋਸ਼ ਲਗਾਇਆ ਕਿ ਉਨ੍ਹਾਂ ਨੂੰ ਸਰਕਾਰ ਨੇ ਪੱਕਾ ਨਹੀਂ ਕੀਤਾ ਅਤੇ ਅਜੇ ਵੀ ਉਹ 6000 ਰੁਪਏ ਦੀ ਮਾਮੂਲੀ ਜਿਹੀ ਤਨਖਾਹ 'ਤੇ ਕੰਮ ਕਰਨ ਲਈ ਮਜਬੂਰ ਹਨ। ਉਨ੍ਹਾਂ ਨੇ ਇਹ ਵੀ ਦੋਸ਼ ਲਗਾਇਆ ਕਿ ਉਹ ਕਈ ਵਾਰ ਵਿਭਾਗੀ ਪੱਧਰ 'ਤੇ ਸੀਨੀਅਰ ਅਫਸਰਾਂ ਨਾਲ ਮਿਲ ਚੁੱਕੇ ਹਨ ਪਰ ਹਰ ਵਾਰ ਉਨ੍ਹਾਂ ਨੂੰ ਲਾਰੇ ਲਗਾ ਦਿੱਤੇ ਜਾਂਦੇ ਹਨ। ਉਨ੍ਹਾਂ ਨੇ ਸਪੱਸਟ ਕੀਤਾ ਕਿ ਜਦ ਤੱਕ ਉਨ੍ਹਾਂ ਦੀ ਮੰਗ ਨਹੀਂ ਮੰਨੀ ਜਾਂਦੀ, ਉਹ ਟੈਂਕੀ ਤੋਂ ਨਹੀਂ ਉਤਰਨਗੇ। ਉਨ੍ਹਾਂ ਨੇ ਇਹ ਵੀ ਦਾਅਵਾ ਕੀਤਾ ਕਿ ਸੂਬੇ ਦੇ ਵੱਖ-ਵੱਖ ਹਿੱਸਿਆਂ ਤੋਂ ਹੋਰ ਅਧਿਆਪਕ ਅਤੇ ਉਨ੍ਹਾਂ ਦੇ ਪਰਿਵਾਰਿਕ ਮੈਂਬਰ ਵੀ ਇਸੇ ਜਗ੍ਹਾ 'ਤੇ ਪਹੁੰਚ ਰਹੇ ਹਨ।

ਗੰਨੇ ਦੀ ਵਾਢੀ ਕਰਦਿਆਂ ਖੇਤਾਂ 'ਚੋਂ ਮਿਲੀਆਂ ਭਗਵਾਨ ਸ਼੍ਰੀ ਕ੍ਰਿਸ਼ਨ ਜੀ ਸਣੇ ਹੋਰ ਕਈ ਮੂਰਤੀਆਂ, ਪੁਲਸ ਨੇ ਕੀਤੀ ਜਾਂਚ ਸ਼ੁਰੂ

ਗੁਰਦਾਸਪੁਰ 30 ਅਗਸਤ। ਪੁਲਸ ਜਿ਼ਲ੍ਹਾ ਬਟਾਲਾ ਅਧੀਨ ਆਉਂਦੇ ਥਾਣਾ ਕੋਟਲੀ ਸੂਰਤ ਮੱਲੀ ਦੇ ਪਿੰਡ ਨਿੱਝਰਪੁਰ 'ਚ ਗੰਨੇ ਦੀ ਵਾਢੀ ਕਰਦੇ ਸਮੇਂ ਖੇਤਾਂ 'ਚੋ ਭਗਵਾਨ ਸ਼੍ਰੀ ਕ੍ਰਿਸ਼ਨ ਜੀ, ਭਗਵਾਨ ਗਨੇਸ਼ ਜੀ, ਭਗਵਾਨ ਨਟਰਾਜ ਜੀ ਅਤੇ ਪੂਜਾ ਕਰਦੇ ਸਮੇਂ ਵਰਤੀਆ ਜਾਦੀਆਂ ਘੰਟੀਆਂ ਤੇ ਹੋਰ ਸਾਮਾਨ ਬਰਾਮਦ ਹੋਇਆ ਹੈ। ਇਸ ਮਾਮਲਾ ਦੀ ਜਾਣਕਾਰੀ ਦਿੰਦਿਆਂ ਭਾਜਪਾ ਆਗੂ ਨਰਿੰਦਰ ਕੁਮਾਰ ਨਿੱਤੀ ਵਿੱਜ ਨੇ ਦੱਸਿਆ ਕਿ ਸੋਮਵਾਰ ਨੂੰ ਉਹਨਾਂ ਪਤਾ ਚੱਲਿਆ ਕਿ ਪਿੰਡ ਨਿੱਝਰਪੁਰ ਗੰਨੇ ਦੇ ਖੇਤਾਂ 'ਚ ਕੰਮ ਕਰਦੇ ਪਰਵਾਸੀ ਮਜਦੂਰਾਂ ਨੂੰ ਮੂਰਤੀਆਂ ਮਿਲੀਆਂ ਹਨ। ਉਹਨਾਂ ਵੱਲੋਂ ਆਪਣੇ ਨਾਲ ਹੋਰ ਧਾਰਮਿਕ ਆਗੂਆਂ ਨੂੰ ਨਾਲ ਲੈ ਕੇ ਪੁਲਸ ਨਾਲ ਰਾਬਤਾ ਕਰਕੇ ਮੌਕੇ 'ਤੇ ਜਾ ਕੇ ਦੇਖਿਆ ਤਾਂ ਭਗਵਾਨ ਸ਼੍ਰੀ ਕ੍ਰਿਸ਼ਨ ਜੀ, ਭਗਵਾਨ ਗਨੇਸ਼ ਜੀ, ਭਗਵਾਨ ਨਟਰਾਜ ਜੀ ਅਤੇ ਪੂਜਾ ਕਰਦੇ ਸਮੇਂ ਵਰਤਿਆ ਜਾਂਦਾ

ਸਾਮਾਨ ਤੇ ਘੰਟੀਆਂ ਬਰਾਮਦ ਹੋਈਆਂ ਹਨ। ਮੂਰਤੀਆਂ ਨੂੰ ਕਾਫੀ ਹੱਦ ਤੱਕ ਜੰਗ ਲੱਗਿਆ ਹੋਇਆ ਹੈ। ਇਸ ਮੌਕੇ ਸਮੂਹ ਧਾਰਮਿਕ ਆਗੂਆਂ ਨੇ ਪੁਲਸ ਪ੍ਰਸ਼ਾਸਨ ਤੋਂ ਮਾਮਲੇ ਦੀ ਬਰੀਕੀ ਨਾਲ ਜਾਂਚ ਕਰਨ ਤੇ ਮੂਰਤੀਆਂ ਨੂੰ ਸਤਿਕਾਰ ਸਾਹਿਤ ਧਾਰਮਿਕ ਅਸਥਾਨ ਭਾਵ ਕਿਸੇ ਮੰਦਿਰ 'ਚ ਸ਼ੋਸਬਿਤ ਕਰਨ ਦੀ ਮੰਗ ਕੀਤੀ। ਮੌਕੇ 'ਤੇ ਪਹੁੰਚੀ ਪੁਲਸ ਵੱਲੋਂ ਇਹ ਮਾਮਲਾ ਉੱਚ ਅਧਿਕਾਰੀਆਂ ਦੇ ਧਿਆਨ ਲਿਆਉਣ ਤੋਂ ਬਾਅਦ ਅਦਬ ਸਤਿਕਾਰ ਨਾਲ ਮੂਰਤੀਆਂ ਦੀ ਜਾਂਚ ਕਰਨ ਤੋਂ ਬਾਅਦ ਕਿਸੇ ਮੰਦਰ 'ਚ ਸੁਸ਼ੋਬਿਤ ਕਰਨ ਦਾ ਵਿਸ਼ਵਾਸ ਦਿਵਾਇਆ।

62500 ਰੁਪਏ ਤੋਂ ਹੇਠਾਂ ਡਿੱਗੀਆਂ ਸੋਨੇ ਦੀਆਂ ਕੀਮਤਾਂ, ਚਾਂਦੀ ਵੀ ਹੋਈ ਸਸਤੀ

ਬਿਜਨੈੱਸ ਡੈਸਕ 30 ਅਗਸਤ। ਇਸ ਹਫਤੇ ਦੇ ਪਹਿਲੇ ਦਿਨ ਵਾਧੇ ਤੋਂ ਬਾਅਦ ਅੱਜ ਦੂਜੇ ਦਿਨ ਸੋਨੇ ਅਤੇ ਚਾਂਦੀ ਦੀ ਸ਼ੁਰੂਆਤ ਸੁਸਤ ਰਹੀ। ਦੋਵਾਂ ਦੀਆਂ ਫਿਊਚਰਜ ਕੀਮਤਾਂ ਗਿਰਾਵਟ ਨਾਲ ਖੁੱਲ੍ਹੀਆਂ। ਮਲਟੀ ਕਮੋਡਿਟੀ ਐਕਸਚੇਂਜ () 'ਤੇ ਸੋਨੇ ਦੀ ਵਾਇਦਾ ਕੀਮਤ 62,466 ਰੁਪਏ ਅਤੇ ਚਾਂਦੀ ਦੀ ਵਾਇਦਾ ਕੀਮਤ 72,385 ਰੁਪਏ 'ਤੇ ਕਾਰੋਬਾਰ ਕਰ ਰਹੀ ਹੈ। ਕੌਮਾਂਤਰੀ ਬਾਜਾਰ 'ਚ ਸੋਨੇ-ਚਾਂਦੀ ਦੀਆਂ ਵਾਇਦਾ ਕੀਮਤਾਂ ਦੀ ਸ਼ੁਰੂਆਤ ਤੇਜ ਰਹੀ ਪਰ ਬਾਅਦ 'ਚ ਚਾਂਦੀ ਦੀਆਂ ਕੀਮਤਾਂ 'ਚ ਸੁਸਤੀ ਆ ਗਈ। 'ਤੇ ਸੋਨੇ ਦਾ ਬੈਂਚਮਾਰਕ ਫਰਵਰੀ ਠੇਕਾ ਅੱਜ 98 ਰੁਪਏ ਦੀ ਗਿਰਾਵਟ ਨਾਲ 62,461 ਰੁਪਏ 'ਤੇ ਖੁੱਲ੍ਹਿਆ। ਖਬਰ ਲਿਖੇ ਜਾਣ ਤੱਕ ਸੋਨਾ

62,466 ਰੁਪਏ 'ਤੇ ਕਾਰੋਬਾਰ ਕਰ ਰਿਹਾ ਸੀ। ਇਸ ਸਮੇਂ ਇਹ ਦਿਨ ਦੇ ਉੱਚੇ ਪੱਧਰ 62,491 ਰੁਪਏ ਅਤੇ ਦਿਨ ਦੇ ਹੇਠਲੇ ਪੱਧਰ 62,443 ਰੁਪਏ 'ਤੇ ਪਹੁੰਚ ਗਿਆ। 'ਤੇ ਚਾਂਦੀ ਦਾ ਬੈਂਚਮਾਰਕ ਮਾਰਚ ਕੰਟਰੈਕਟ ਅੱਜ 156 ਰੁਪਏ ਦੀ ਗਿਰਾਵਟ ਨਾਲ 72,471 ਰੁਪਏ 'ਤੇ ਖੁੱਲ੍ਹਿਆ। ਖਬਰ ਲਿਖੇ ਜਾਣ ਤੱਕ ਚਾਂਦੀ 72,385 ਰੁਪਏ 'ਤੇ ਕਾਰੋਬਾਰ ਕਰ ਰਹੀ ਸੀ। ਇਸ ਸਮੇਂ ਇਹ ਦਿਨ ਦੇ ਉੱਚੇ ਪੱਧਰ 72,479 ਰੁਪਏ ਅਤੇ ਦਿਨ ਦੇ ਹੇਠਲੇ ਪੱਧਰ 72,385 ਰੁਪਏ ਪ੍ਰਤੀ ਕਿਲੋਗ੍ਰਾਮ 'ਤੇ ਪਹੁੰਚ ਗਿਆ। ਕੌਮਾਂਤਰੀ ਬਾਜਾਰ 'ਚ ਸੋਨੇ-ਚਾਂਦੀ ਦੀਆਂ ਕੀਮਤਾਂ 'ਚ ਤੇਜੀ ਨਾਲ ਸ਼ੁਰੂਆਤ ਹੋਈ ਪਰ ਬਾਅਦ 'ਚ ਚਾਂਦੀ ਦੀਆਂ ਕੀਮਤਾਂ 'ਚ ਗਿਰਾਵਟ ਦੇਖਣ ਨੂੰ ਮਿਲੀ। ਕਾਮੈਕਸ 'ਤੇ ਸੋਨਾ 2,053.39 ਡਾਲਰ ਪ੍ਰਤੀ ਔਂਸ 'ਤੇ ਖੁੱਲ੍ਹਿਆ। ਪਿਛਲੀ ਬੰਦ ਕੀਮਤ 2,051.60 ਡਾਲਰ ਸੀ। ਖਬਰ ਲਿਖੇ ਜਾਣ ਤੱਕ ਇਹ 1.20 ਡਾਲਰ ਦੇ ਵਾਧੇ ਨਾਲ 2,052.80 ਡਾਲਰ ਪ੍ਰਤੀ ਔਂਸ 'ਤੇ ਕਾਰੋਬਾਰ ਕਰ ਰਿਹਾ ਸੀ। ਕਾਮੈਕਸ 'ਤੇ ਚਾਂਦੀ ਦਾ ਫਿਊਚਰਜ 23.35 ਡਾਲਰ 'ਤੇ ਖੁੱਲ੍ਹਿਆ, ਪਿਛਲੀ ਬੰਦ ਕੀਮਤ 23.32 ਡਾਲਰ ਸੀ। ਖਬਰ ਲਿਖੇ ਜਾਣ ਤੱਕ ਇਹ 0.06 ਡਾਲਰ ਦੇ ਵਾਧੇ ਨਾਲ 23.26 ਡਾਲਰ ਪ੍ਰਤੀ ਔਂਸ 'ਤੇ ਕਾਰੋਬਾਰ ਕਰ ਰਿਹਾ ਸੀ।

ਗੈਂਗਸਟਰ ਲੰਡਾ ਨਾਲ ਸਬੰਧਿਤ ਮੁਲਜ਼ਮ ਪਾਸੋਂ ਜੇਲ੍ਹ ਅੰਦਰੋਂ ਮਿਲੇ 3 ਮੋਬਾਇਲ ਤੇ ਨਸ਼ੀਲੇ ਪਦਾਰਥ ਬਰਾਮਦ

ਤਰਨਤਾਰਨ 30 ਅਗਸਤ। ਕੇਂਦਰੀ ਜੇਲ੍ਹ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਆਏ ਦਿਨ ਵੱਡੀ ਗਿਣਤੀ ਵਿਚ ਮੋਬਾਇਲ ਫੋਨ ਨਸ਼ੀਲੇ ਪਦਾਰਥ ਅਤੇ ਹੋਰ ਸਾਮਾਨ ਬਰਾਮਦ ਹੋਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਇਸ ਦੀ ਇਕ ਹੋਰ ਤਾਜ਼ਾ ਮਿਸਾਲ ਉਸ ਵੇਲੇ ਵੇਖਣ ਨੂੰ ਮਿਲੀ ਜਦੋਂ ਗੈਂਗਸਟਰ ਲਖਬੀਰ ਸਿੰਘ ਲੰਡਾ ਨਾਲ ਸਬੰਧਿਤ ਮੁਲਜ਼ਮ ਪਾਸੋਂ ਜੇਲ੍ਹ ਅੰਦਰੋਂ 3 ਮੋਬਾਇਲ ਫੋਨ ਸਮੇਤ ਸਿਮ ਬਰਾਮਦ ਕੀਤੇ ਗਏ। ਜ਼ਿਕਰਯੋਗ ਹੈ ਕਿ ਇਸ ਤੋਂ ਇਲਾਵਾ ਜੇਲ੍ਹ ਪ੍ਰਸ਼ਾਸਨ ਵਲੋਂ ਕਾਰਵਾਈ ਕਰਦੇ ਹੋਏ 2 ਹੋਰ ਮੋਬਾਇਲ ਫੋਨ, 3 ਪੈਕਟ ਸਿਗਰੇਟ, 5 ਬੀੜੀਆਂ ਦੇ ਬੰਡਲ, 2 ਈਅਰਫੋਨ, 4 ਚਾਰਜਰ ਅਤੇ 2 ਡਾਟਾ ਕੇਬਲ ਬਰਾਮਦ ਕਰਦੇ ਹੋਏ 2 ਹਵਾਲਾਤੀਆਂ ਨੂੰ ਨਾਮਜ਼ਦ ਕਰ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਜਾਣਕਾਰੀ ਦੇ ਅਨੁਸਾਰ ਸਾਲ 2022 ਦੀ 11 ਅਕਤੂਬਰ ਨੂੰ ਪਿੰਡ ਅਲਾਦੀਨਪੁਰ ਵਿਖੇ ਰੈਡੀਮੇਡ ਕੱਪੜੇ ਦੀ ਦੁਕਾਨ ਕਰਦੇ ਗੁਰਜੰਟ ਸਿੰਘ ਜੰਟਾ ਪੁੱਤਰ ਅਜੈਬ ਸਿੰਘ ਦੀ ਗੁਰਕੀਰਤ ਸਿੰਘ ਉਰਫ ਘੁੱਗੀ ਅਤੇ ਅਜਮੀਤ ਸਿੰਘ ਵਲੋਂ ਗੋਲੀਆਂ ਮਾਰਦੇ ਹੋਏ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ਸੀ, ਜਿਸ ਬਾਬਤ ਥਾਣਾ ਸਦਰ ਤਰਨਤਾਰਨ ਵਿਖੇ ਮ੍ਰਿਤਕ ਦੇ ਚਚੇਰੇ ਭਰਾ ਅਰਸ਼ਦੀਪ ਸਿੰਘ ਪੁੱਤਰ ਨਿਸ਼ਾਨ ਸਿੰਘ ਨਿਵਾਸੀ ਅਲਾਦੀਨਪੁਰ,ਗੈਂਗਸਟਰ ਲਖਬੀਰ ਸਿੰਘ ਲੰਡਾ,ਗੁਰਕੀਰਤ ਸਿੰਘ ਉਰਫ ਘੁੱਗੀ, ਅਜਮੇਰ ਸਿੰਘ ਖ਼ਿਲਾਫ਼ ਪਰਚਾ ਦਰਜ ਕਰਕੇ ਤਫਤੀਸ਼ ਸ਼ੁਰੂ ਕਰ ਦਿੱਤੀ ਗਈ ਸੀ। ਇਸ ਦੌਰਾਨ ਕੈਨੇਡਾ ਬੈਠੇ ਗੈਂਗਸਟਰ ਲਖਬੀਰ ਸਿੰਘ ਲੰਡਾ ਵਲੋਂ ਸੋਸ਼ਲ ਮੀਡੀਆ ਰਾਹੀਂ ਪੰਜਾਬ ਪੁਲਸ ਨੂੰ ਧਮਕੀ ਵੀ ਦਿੱਤੀ ਗਈ ਸੀ।ਪੁਲਸ ਵਲੋਂ ਇਸ ਕਤਲ ਕੇਸ ਨਾਲ ਜੁੜੇ ਦੋ ਹੋਰ ਵਿਅਕਤੀਆਂ ਰਵੀਸ਼ੇਰ ਸਿੰਘ ਉਰਫ ਰਵੀ ਪੁੱਤਰ ਬਲਦੇਵ ਸਿੰਘ ਨਿਵਾਸੀ ਸ਼ੇਰੋਂ ਅਤੇ ਵਰਿੰਦਰ ਸਿੰਘ ਉਰਫ ਭਿੰਡੀ ਉਰਫ ਕਾਕਾ ਪੁੱਤਰ ਗੁਰਦੇਵ ਸਿੰਘ ਨਿਵਾਸੀ ਨੌਸ਼ਹਿਰਾ ਪੰਨੂਆਂ ਨੂੰ ਵੀ ਨਾਮਜ਼ਦ ਕੀਤਾ ਗਿਆ ਸੀ । ਗੁਰਕੀਰਤ ਸਿੰਘ ਉਰਫ ਘੁੱਗੀ ਜੋ ਇਸ ਵੇਲੇ ਕੇਂਦਰੀ ਜੇਲ੍ਹ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਬੰਦ ਹੈ ਪਾਸੋਂ ਜੇਲ੍ਹ ਪ੍ਰਸ਼ਾਸਨ ਵਲੋਂ ਤਲਾਸ਼ੀ ਅਭਿਆਨ ਦੌਰਾਨ ਤਿੰਨ ਵੱਖ-ਵੱਖ ਮੋਬਾਇਲ ਸਮੇਤ ਸਿਮ ਬਰਾਮਦ ਕੀਤੇ ਗਏ ਹਨ। ਜਿਸ ਬਾਬਤ ਪੁਲਸ ਨੇ ਗੁਰਕੀਰਤ ਸਿੰਘ ਖ਼ਿਲਾਫ ਪਰਚਾ ਦਰਜ ਕਰਦੇ ਹੋਏ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਸ ਤੋਂ ਇਲਾਵਾ ਜੇਲ੍ਹ ਪ੍ਰਸ਼ਾਸਨ ਵਲੋਂ ਵੱਖਰੇ ਤੌਰ ਉੱਪਰ ਚਲਾਏ ਗਏ ਤਲਾਸ਼ੀ ਅਭਿਆਨ ਦੌਰਾਨ ਹਵਾਲਾਤੀ ਗੁਰ ਪ੍ਰਤਾਪ ਸਿੰਘ ਵਾਸੀ ਨਬੀਪੁਰ ਅਤੇ ਸੁਖਵਿੰਦਰ ਸਿੰਘ ਪੁੱਤਰ ਅਨੂਮ ਸਿੰਘ ਵਾਸੀ ਲੁਹਾਰਕਾ ਤੋਂ ਇਲਾਵਾ ਅਣਪਛਾਤੇ ਵਿਅਕਤੀ ਨੂੰ ਨਾਮਜ਼ਦ ਕਰਦੇ ਹੋਏ 2 ਹੋਰ ਮੋਬਾਇਲ ਫੋਨ, 3 ਪੈਕਟ ਸਿਗਰੇਟ, 5 ਬੀੜੀਆਂ ਦੇ ਬੰਡਲ, 2 ਈਅਰਫੋਨ, 4 ਚਾਰਜਰ ਅਤੇ 2 ਡਾਟਾ ਕੇਬਲ ਬਰਾਮਦ ਕੀਤਾ ਹੈ।

ਹੁਣ ਡਾਕਟਰ ਦੀ ਪਰਚੀ ਤੋਂ ਬਿਨਾਂ ਨਹੀਂ ਮਿਲੇਗੀ 'ਐਂਟੀਬਾਇਓਟਿਕਸ'

ਨੈਸਨਲ ਡੈਸਕ 30 ਅਗਸਤ। ਦੇਸ ਭਰ 'ਚ ਐਂਟੀਬਾਇਓਟਿਕਸ ਨੂੰ ਲੈ ਕੇ ਇਕ ਅਹਿਮ ਖਬਰ ਸਾਹਮਣੇ ਆ ਰਹੀ ਹੈ। ਐਂਟੀਬਾਇਓਟਿਕਸ ਨੂੰ ਲੈ ਕੇ ਇਕ ਐਡਵਾਈਜਰੀ ਜਾਰੀ ਕਰ ਦਿੱਤੀ ਗਈ ਹੈ, ਜਿਸ ਦੇ ਤਹਿਤ ਹੁਣ ਖੁੱਲ੍ਹੇਆਮ ਵਿਕਣ ਵਾਲੀਆਂ ਐਂਟੀਬਾਇਓਟਿਕ ਦਵਾਈਆਂ 'ਤੇ ਰੋਕ ਲਗਾਈ ਜਾ ਰਹੀ ਹੈ। ਦਰਅਸਲ, ਡਾਇਰੈਕਟੋਰੇਟ ਜਨਰਲ ਆਫ ਹੈਲਥ ਸਰਵਿਸਿਜ ਨੇ ਦੇਸ ਭਰ ਦੀਆਂ ਸਾਰੀਆਂ ਫਾਰਮਾਸਿਸਟ ਐਸੋਸੀਏਸਨਾਂ ਨੂੰ ਨਿਰਦੇਸ ਜਾਰੀ ਕਰ ਦਿੱਤੇ ਹਨ ਕਿ ਉਹ ਕਿਸੇ ਯੋਗ ਡਾਕਟਰ ਦੀ ਪਰਚੀ ਦੇ ਆਧਾਰ 'ਤੇ ਹੀ ਲੋਕਾਂ ਨੂੰ ਐਂਟੀਬਾਇਓਟਿਕਸ ਮੁਹੱਈਆ ਕਰਵਾਉਣ। ਨਾਲ ਹੀ ਉਹਨਾਂ ਨੇ ਇਹ ਵੀ ਕਿਹਾ ਕਿ ਅਜਿਹੇ ਵਿਅਕਤੀ ਨੂੰ ਇਹ ਦਵਾਈਆਂ ਦੇਣ ਤੋਂ

ਪਰਹੇਜ ਕੀਤੀ ਜਾਵੇ, ਜਿਸ ਕੋਲ ਢੁਕਵੇਂ ਡਾਕਟਰ ਦੀ ਸਲਾਹ ਜਾਂ ਲਿ

‘ਮੰਕੀਪਾਕਸ’ ਨੂੰ ਲੈ ਕੇ ਲੋਕਾਂ ਲਈ ਜਾਰੀ ਹੋਈ ਐਡਵਾਈਜਰੀ, ਇਨ੍ਹਾਂ ਲੱਛਣਾਂ ਨੂੰ ਨਾ ਕਰੋ ਨਜਰ-ਅੰਦਾਜ

ਚੰਡੀਗੜ੍ਹ 30 ਅਗਸਤ। ਮੰਕੀਪਾਕਸ (ਐੱਮ. ਪਾਕਸ) ਨੂੰ ਪਿਛਲੇ ਹਫ਼ਤੇ ਪਬਲਿਕ ਹੈਲਥ ਐਮਰਜੈਂਸੀ ਐਲਾਨਣ ਤੋਂ ਬਾਅਦ ਚੰਡੀਗੜ੍ਹ ਸਿਹਤ ਵਿਭਾਗ ਵੀ ਪੱਬਾਂ ਭਾਰ ਹੈ। ਬਿਮਾਰੀ ਨੂੰ ਲੈ ਕੇ ਐਡਵਾਈਜ਼ਰੀ ਜਾਰੀ ਕੀਤੀ ਗਈ ਹੈ। ਮੰਕੀਪਾਕਸ ਵਾਇਰਸ ਦੇ ਨਵੇਂ ਰੂਪ (ਕਲੈਡ ਆਈ. ਬੀ.) ਨੇ ਵਿਸ਼ਵ ਪੱਧਰੀ ਚਿੰਤਾ ਪੈਦਾ ਕਰ ਦਿੱਤੀ ਹੈ, ਕਿਉਂਕਿ ਇਹ ਤੇਜ਼ੀ ਨਾਲ ਫੈਲ ਰਿਹਾ ਹੈ। ਇਸ ਦੇ ਸਟ੍ਰੇਨ ਬਾਰੇ ਬਹੁਤ ਘੱਟ ਜਾਣਕਾਰੀ ਹੈ। ਨਵਾਂ ਵੈਰੀਏਂਟ ਮਰੀਜ਼ ਦੇ ਨੇੜੇ ਸੰਪਰਕ 'ਚ ਆਉਣ ਨਾਲ ਤੇਜ਼ੀ ਨਾਲ ਫੈਲਦਾ ਹੈ। ਨਵਾਂ ਸਟ੍ਰੇਨ ਅਫਰੀਕਾ ਦੇ ਬਾਹਰ ਕਈ ਦੇਸ਼ਾਂ 'ਚ ਫੈਲ ਚੁੱਕਾ ਹੈ। ਮੰਕੀਪਾਕਸ (ਐੱਮ.ਪਾਕਸ) ਵਾਇਰਲ ਜ਼ੂਨੋਟਿਕ ਬੀਮਾਰੀ ਹੈ। ਫਿਲਹਾਲ ਦੇਸ਼ 'ਚ ਕੋਈ ਕੇਸ ਸਾਹਮਣੇ ਨਹੀਂ ਆਇਆ ਹੈ। ਸਿਹਤ ਨਿਰਦੇਸ਼ਕ ਡਾ. ਸੁਮਨ ਸਿੰਘ ਅਨੁਸਾਰ ਸਾਵਧਾਨੀ ਵਜੋਂ ਐਡਵਾਈਜ਼ਰੀ ਜਾਰੀ ਕੀਤੀ ਹੈ, ਤਾਂ ਜੋ ਲੋਕ ਜਾਗਰੂਕ ਹੋ ਸਕਣ। ਇਸ ਬਿਮਾਰੀ 'ਚ ਆਈਸੋਲੇਸ਼ਨ ਦੀ ਲੋੜ ਹੁੰਦੀ ਹੈ, ਬੀਮਾਰ ਨੂੰ ਕਿਸੇ ਦੇ ਨੇੜੇ ਨਹੀਂ ਜਾਣਾ ਚਾਹੀਦਾ। ਸਾਡੇ ਕੋਲ ਆਈਸੋਲੇਸ਼ਨ ਵਾਰਡ ਹਨ। ਟੈਸਟਿੰਗ ਲਈ ਪੀ. ਜੀ. ਆਈ. 'ਚ ਲੈਬ ਹੈ, ਜਿੱਥੇ ਅਸੀਂ ਟੈਸਟਿੰਗ ਕੇਂਦਰ ਸਥਾਪਿਤ ਕਰਾਂਗੇ ਤੇ ਟੈਸਟ ਹੋ ਸਕਦੇ ਹਨ। ਪੀ. ਜੀ. ਆਈ. ਸਕੂਲ ਆਫ ਪਬਲਿਕ ਹੈਲਥ ਦੀ ਪ੍ਰੋ. ਲਕਸ਼ਮੀ ਦਾ ਕਹਿਣਾ ਹੈ ਕਿ ਸਾਰੇ ਸੂਬਿਆਂ ਦੇ ਹਸਪਤਾਲਾਂ ਨੂੰ ਤਿਆਰ ਰਹਿਣ ਲਈ ਕਿਹਾ ਗਿਆ ਹੈ। ਆਈਸੋਲੇਸ਼ਨ ਦੀ ਲੋੜ ਤਾਂ ਹੈ ਪਰ ਇਹ ਕੋਵਿਡ ਜਿੰਨਾ ਸਖਤ ਨਹੀਂ ਹੈ। ਪੀ. ਜੀ. ਆਈ. ਜਾਂਚ ਕੇਂਦਰ ਹੋਵੇਗਾ ਜਾਂ ਨਹੀਂ, ਇਸ ਬਾਰੇ ਤੈਅ ਕਰਨ ਲਈ ਡਾਇਰੈਕਟਰ ਨੂੰ ਪੱਤਰ ਭੇਜਿਆ ਗਿਆ ਹੈ। ਦੇਸ਼ 'ਚ ਐੱਮ.ਪਾਕਸ ਲਈ 22 ਲੈਬਾਂ ਹਨ, ਜਿਨ੍ਹਾਂ 'ਚ ਐੱਨ.ਸੀ.ਡੀ.ਸੀ. ਤੇ ਏਮਜ ਨਵੀਂ ਦਿੱਲੀ ਸ਼ਾਮਲ ਹਨ। ਨਾਲ ਹੀ 13 ਬਫਰ ਲੈਬਸ ਹਨ, ਪੀ. ਜੀ. ਆਈ. ਉਨ੍ਹਾਂ 'ਚੋਂ ਇਕ ਹੈ। ਕੇਂਦਰ ਨੇ ਸਾਰੇ ਸੂਬਿਆਂ ਨੂੰ ਅਲਰਟ ਕਰਦਿਆਂ ਹਸਪਤਾਲਾਂ ਨੂੰ ਤਿਆਰ ਰੱਖਣ ਲਈ ਕਿਹਾ ਹੈ। 2022 ਦੇ ਬਾਅਦ ਤੋਂ ਦੇਸ਼ 'ਚ ਘੱਟੋ-ਘੱਟ 30 ਐੱਮ.ਪਾਕਸ ਦੇ ਕੇਸ ਸਾਹਮਣੇ ਆਏ ਹਨ। ਐੱਮ.ਪਾਕਸ ਦਾ ਆਖਰੀ ਮਾਮਲਾ ਇਸੇ ਸਾਲ ਮਾਰਚ 'ਚ ਸਾਹਮਣੇ ਆਇਆ ਸੀ। ਐੱਮ.ਪਾਕਸ ਲਈ ਹਾਲੇ ਕੋਈ ਇਲਾਜ ਨਹੀਂ ਹੈ। ਮਰੀਜ਼ਾਂ ਲਈ ਇਲਾਜ ਦਾ ਮਕਸਦ ਲੱਛਣਾਂ ਤੋਂ ਰਾਹਤ ਦਿਵਾਉਣਾ ਹੈ। ਇਸ 'ਚ ਧੱਫੜਾਂ ਤੋਂ ਚਮੜੀ ਨੂੰ ਹੋਣ ਵਾਲੇ ਨੁਕਸਾਨ ਦਾ ਇਲਾਜ, ਮਲ ਨੂੰ ਨਰਮ ਰੱਖਣ 'ਚ ਮਦਦ ਕਰਨ ਲਈ ਲੋੜੀਂਦਾ ਤਰਲ ਪਦਾਰਥ ਪੀਣਾ ਅਤੇ ਦਰਦ ਨਿਵਾਰਕ ਦਵਾਈਆਂ ਸ਼ਾਮਲ ਹੈ। ਐੱਮ.ਪਾਕਸ ਦੇ ਸ਼ੁਰੂਆਤੀ ਲੱਛਣਾਂ 'ਚ ਇਨਫੈਕਸ਼ਨ ਦੇ 3 ਤੋਂ 17 ਦਿਨਾਂ ਦੇ ਅੰਦਰ ਦਿਖਣ ਲਗਦੇ ਹਨ। ਬੁਖਾਰ, ਗੰਭੀਰ ਸਿਰਦਰਦ, ਸਾਈਨਸ ਸੋਜਿਸ਼, ਪਿੱਠ ਦਰਦ, ਮਾਸਪੇਸ਼ੀਆਂ 'ਚ ਦਰਦ ਤੇ ਥਕਾਵਟ ਸ਼ਾਮਲ ਹਨ। ਬੁਖਾਰ ਹੋਣ ਦੇ ਇਕ ਹਫ਼ਤੇ ਅੰਦਰ, ਸਰੀਰ 'ਤੇ ਖਾਸ ਕਰ ਕੇ ਚਿਹਰੇ ਅਤੇ ਹੱਥਾਂ 'ਤੇ ਛਾਲੇ ਅਤੇ ਲਾਲ ਧੱਬੇ ਦਿਖਾਈ ਦੇਣ ਲਗਦੇ ਹਨ। ਇਹ ਛਾਲੇ ਹਥੇਲੀਆਂ, ਗੁਪਤ ਅੰਗਾਂ ਤੇ ਅੱਖਾਂ 'ਤੇ ਵੀ ਦਿਖਾਈ ਦੇ ਸਕਦੇ ਹਨ। ਜਿਹੜੇ ਲੋਕ ਪਿਛਲੇ 21 ਦਿਨਾਂ 'ਚ ਦੱਖਣੀ ਅਫ਼ਰੀਕਾ, ਕੀਨੀਆ, ਰਵਾਂਡਾ, ਯੂਗਾਂਡਾ, ਡੈਮੋਕਰੇਟਿਕ ਰੀਪਬਲਿਕ ਆਫ਼ ਕਾਂਗੋ, ਬੁਰੂੰਡੀ, ਮੱਧ ਅਫ਼ਰੀਕੀ ਗਣਰਾਜ, ਕਾਂਗੋ ਬ੍ਰਾਜ਼ਾਵਿਲ, ਕੈਮਰੂਨ, ਨਾਈਜੀਰੀਆ, ਆਈਵਜਰੀ ਕੋਸਟ ਤੋਂ ਪਰਤੇ ਹਨ, ਉਨ੍ਹਾਂ ਨੂੰ ਵਧੇਰੇ ਸਾਵਧਾਨ ਰਹਿਣ ਦੀ ਲੋੜ ਹੈ। ਹਾਲੇ ਤੱਕ ਇਨ੍ਹਾਂ ਦੇਸ਼ਾਂ 'ਚ ਐੱਮ.ਪਾਕਸ ਦੇ ਮਾਮਲੇ ਸਾਹਮਣੇ ਆ ਚੁੱਕੇ ਹਨ। ਜੇ ਬੁਖਾਰ, ਸਿਰਦਰਦ, ਮਾਸਪੇਸ਼ੀਆਂ 'ਚ ਦਰਦ, ਧੱਫੜ (ਚਿਹਰੇ, ਲੱਤਾਂ 'ਤੇ), ਲੰਫ ਨੋਡਸ 'ਚ ਸੋਜ਼ਿਸ਼ ਹੋਵੇ ਤਾਂ ਵਿਅਕਤੀ ਨੂੰ ਅਲੱਗ ਰੱਖਣਾ ਚਾਹੀਦਾ ਹੈ ਤੇ ਨਜ਼ਦੀਕੀ ਸਿਹਤ ਸਹੂਲਤ 'ਚ ਜਾਂਚ ਕਰਵਾਉਣੀ ਚਾਹੀਦੀ ਹੈ। ਆਪਣੇ ਹੱਥਾਂ ਨੂੰ ਸਾਬਣ ਨਾਲ ਧੋਵੋ ਜਾਂ ਅਲਕੋਹਲ ਅਧਾਰਿਤ ਸੈਨੀਟਾਈਜ਼ਰ ਦੀ ਵਰਤੋਂ ਕਰੋ। ਜੇਕਰ ਕੋਈ ਵਿਅਕਤੀ ਮੰਕੀਪਾਕਸ ਤੋਂ ਪ੍ਰਭਾਵਿਤ ਦੇਸ਼ਾਂ ਦੀ ਯਾਤਰਾ ਕਰ ਚੁੱਕਾ ਹੈ ਤਾਂ ਉਸ ਨੂੰ 21 ਦਿਨਾਂ ਲਈ ਆਪਣੇ ਪਰਿਵਾਰ ਤੇ ਪਾਲਤੂ ਜਾਨਵਰਾਂ ਤੋਂ ਦੂਰ ਇਕ ਵੱਖਰੇ ਕਮਰੇ 'ਚ ਰੱਖਣਾ ਚਾਹੀਦਾ ਹੈ ਤੇ ਲੱਛਣਾਂ 'ਤੇ ਨਜਰ ਰੱਖਣੀ ਚਾਹੀਦੀ ਹੈ। ਜੇਕਰ ਇਨ੍ਹਾਂ 'ਚੋਂ ਕੋਈ ਵੀ ਲੱਛਣ ਦਿਖੇ ਤਾਂ ਤੁਰੰਤ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ। ਬੁਖਾਰ, ਧੱਫੜ ਤੇ ਸੁੱਜੇ ਹੋਏ ਲਿੰਫ ਨੋਡਸ ਵਾਲੇ ਵਿਅਕਤੀਆਂ ਜਾਂ ਅਜਿਹੇ ਦੇਸ਼ਾਂ ਦੀ ਯਾਤਰਾ ਕਰ ਕੇ ਆਏ ਲੋਕਾਂ ਨਾਲ ਨਜ਼ਦੀਕੀ ਸੰਪਰਕ ਤੋਂ ਬਚੋ। ਖਾਸ ਤੌਰ 'ਤੇ ਜਿੱਥੇ ਇਸ ਬੀਮਾਰੀ ਦੇ ਕੇਸ ਸਾਹਮਣੇ ਆਏ ਹਨ। ਵਾਇਰਸ ਕੱਪੜਿਆਂ, ਬਿਸਤਰੇ, ਤੌਲੀਏ, ਵਸਤੂਆਂ, ਇਲੈਕਟ੍ਰੋਨਿਕਸ ਐੱਮ.ਪਾਕਸ ਤੋਂ ਪੀੜਤ ਵਿਅਕਤੀ ਦੁਆਰਾ ਛੂਹੀਆਂ ਗਈਆਂ ਚੀਜਾਂ 'ਤੇ ਕੁੱਝ ਸਮੇਂ ਤੱਕ ਬਣਿਆ ਰਹਿ ਸਕਦਾ ਹੈ। ਵਾਇਰਸ ਗਰਭ ਅਵਸਥਾ ਦੌਰਾਨ ਭਰੂਣ, ਜਨਮ ਦੌਰਾਨ ਜਾਂ ਬਾਅਦ 'ਚ ਚਮੜੀ ਦੇ ਸੰਪਰਕ ਨਾਲ ਜਾਂ ਐੱਮ.ਪਾਕਸ ਤੋਂ ਪੀੜਤ ਮਾਤਾ-ਪਿਤਾ ਤੋਂ ਬੱਚੇ 'ਚ ਫੈਲ ਸਕਦਾ ਹੈ।

ਹੁਣ ਖੰਨਾ ਨੇੜੇ ‘ਵੰਦੇ ਭਾਰਤ’ ਐਕਸਪ੍ਰੈੱਸ ‘ਤੇ ਪਥਰਾਅ !

ਬੀਜਾ 30 ਅਗਸਤ। ਲੁਧਿਆਣਾ-ਸਰਹਿੰਦ ਵਿਚਾਲੇ ਖੰਨਾ ਦੇ ਚਾਵਾ ਰੇਲਵੇ ਸਟੇਸਨ ਨੇੜੇ 'ਵੰਦੇ ਭਾਰਤ' ਟ੍ਰੇਨ 'ਤੇ ਪਥਰਾਅ ਹੋਇਆ ਹੈ। ਟ੍ਰੇਨ 'ਤੇ ਪੱਥਰਾਂ ਦੇ ਨਿਸਾਨ ਵੀ ਮਿਲੇ ਹਨ। ਰੇਲਵੇ ਸੁਰੱਖਿਆ ਫੋਰਸ ਖੰਨਾ ਨੇ ਅਣਪਛਾਤੇ ਵਿਅਕਤੀਆਂ ਖਿ?ਲਾਫ ਮਾਮਲਾ ਦਰਜ ਕਰ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਐਤਵਾਰ ਸਾਮ ਨੂੰ ਦਿੱਲੀ ਤੋਂ ਅੰਮ੍ਰਿਤਸਰ ਜਾ ਰਹੀ ਟ੍ਰੇਨ 'ਤੇ ਸਾਮ 7.45 ਵਜੇ ਪੱਥਰ ਵੱਜੇ। ਗਾਰਡ ਨੇ ਇਸ ਦੀ ਸੂਚਨਾ ਸਟੇਸਨ ਮਾਸਟਰ ਨੂੰ ਦਿੱਤੀ। ਸਟੇਸਨ ਮਾਸਟਰ ਨੇ ਤੁਰੰਤ ਖੰਨਾ ਆਰ. ਪੀ. ਐੱਫ. ਨੂੰ ਸੂਚਨਾ ਦਿੱਤੀ। ਆਰ. ਪੀ. ਐੱਫ. ਅਤੇ ਜੀ. ਆਰ. ਪੀ. ਦੀਆਂ ਟੀਮਾਂ ਨੇ ਮੌਕੇ ਦਾ ਮੁਆਇਨਾ ਕੀਤਾ। ਆਰ. ਪੀ. ਐੱਫ. ਦੇ ਏ. ਐੱਸ. ਆਈ. ਤਾਰਾ ਚੰਦ ਨੇ ਦੱਸਿਆ ਕਿ ਟ੍ਰੇਨ ਦੇ ਗਾਰਡ ਅਨੁਸਾਰ ਇਕ ਪੱਥਰ ਰੇਲਗੱਡੀ ਦੇ ਪਿਛਲੇ ਪਾਸੇ ਵੱਜਿਆ। ਉਸ ਨੇ ਦੇਖਿਆ ਤਾਂ ਟਰੈਕ ਦੇ ਕੋਲ ਬੱਚੇ ਖੜ੍ਹੇ ਸਨ। ਉਸ ਨੂੰ ਸੱਕ ਹੈ ਕਿ ਉਨ੍ਹਾਂ ਨੇ ਪਥਰਾਅ ਕੀਤਾ ਹੈ। ਜਾਂਚ ਅਧਿਕਾਰੀ ਨੇ ਦੱਸਿਆ ਕਿ ਇਹ ਵੀ ਸੰਭਾਵਨਾ ਹੈ ਕਿ ਗੱਡੀ ਦੀ ਤੇਜ ਰਫਤਾਰ ਕਾਰਨ ਕੋਈ ਪੱਥਰ ਟਰੈਕ ਤੋਂ ਉੱਛਲ ਗਿਆ ਹੋਵੇ ਪਰ ਹਰ ਪਹਿਲੂ ਤੋਂ ਜਾਂਚ ਕੀਤੀ ਜਾ ਰਹੀ ਹੈ।

ਜਲੰਧਰ ਕਮਿਸਨਰੇਟ ਪੁਲਸ ਨੇ ਹੁਣ ਗੈਰ-ਕਾਨੂੰਨੀ ਜੂਏ ਦੀਆਂ ਦੁਕਾਨਾਂ ‘ਤੇ ਕੱਸਿਆ ਸਿਕੰਜਾ, ਦੋ ਗ੍ਰਿਫ਼ਤਾਰ

ਜਲੰਧਰ 30 ਅਗਸਤ। ਜਲੰਧਰ ਦੇ ਆਈ. ਪੀ. ਐੱਸ. ਪੁਲਸ ਕਮਿਸਨਰ ਸਵਪਨ ਸਰਮਾ ਦੇ ਨਿਰਦੇਸਾਂ ਤਹਿਤ ਕਮਿਸਨਰੇਟ ਪੁਲਸ ਨੇ ਗੈਰ-ਕਾਨੂੰਨੀ ਜੂਏ ਦੀਆਂ ਦੁਕਾਨਾਂ ਨੂੰ ਪੱਕੇ ਤੌਰ 'ਤੇ ਬੰਦ ਕਰਨ ਲਈ ਨਵੀਂ ਮੁਹਿੰਮ ਸ਼ੁਰੂ ਕੀਤੀ ਹੈ। ਸਾਰੇ ਜੀ. ਓਜ ਅਤੇ ਐੱਸ. ਐੱਚ. ਓਜ ਨੂੰ ਇਸ ਮੁੱਦੇ ਨੂੰ ਤਰਜੀਹ ਦੇਣ ਅਤੇ ਇਹ ਯਕੀਨੀ ਬਣਾਉਣ ਲਈ ਨਿਰਦੇਸ ਦਿੱਤੇ ਗਏ ਹਨ ਕਿ ਇਸ ਗੈਰ-ਕਾਨੂੰਨੀ ਧੰਦੇ ਵਿੱਚ ਸਾਮਲ ਕੋਈ ਵੀ ਵਿਅਕਤੀ ਭਾਵੇਂ ਇਹ ਦੁਕਾਨਾਂ ਚਲਾ ਰਿਹਾ ਹੋਵੇ ਜਾਂ ਕੰਮ ਕਰਦਾ ਹੋਵੇ, ਬਖਸਿ?ਆ ਨਾ ਜਾਵੇ। ਐੱਸ. ਐੱਚ. ਓ. ਥਾਣਾ ਡਿਵੀਜਨ 1 ਜਲੰਧਰ ਨੇ ਇਸ ਮੁਹਿੰਮ ਤਹਿਤ ਗੁਲਾਬ ਦੇਵੀ ਰੋਡ, ਨਹਿਰ ਜਲੰਧਰ ਨੇੜੇ ਛਾਪੇਮਾਰੀ ਕੀਤੀ। ਛਾਪੇਮਾਰੀ ਦੌਰਾਨ ਐੱਸ. ਐੱਚ. ਓ. ਡਿਵੀਜਨ 1 ਜਲੰਧਰ ਨੇ ਸਫਲਤਾਪੂਰਵਕ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਅਤੇ 5,790 ਰੁਪਏ ਨਕਦ, ਇਕ ਲੈਪਟਾਪ, ਦੋ ਮਾਨੀਟਰ, ਦੋ ਸੀ. ਪੀ. ਯੂ. ਅਤੇ ਤਿੰਨ ਥਰਮਲ ਪ੍ਰਿੰਟਰ ਬਰਾਮਦ ਕੀਤੇ ਅਤੇ ਮੁਕਦਮਾ ਨੰਬਰ 122 ਮਿਤੀ 26-08-24 ਅ/ਧ 13ਏ ਜੂਆ ਐਕਟ, 318 ਬੀ. ਐੱਨ. ਐੱਸ. ਥਾਣਾ ਡਿਵੀਜਨ 1 ਜਲੰਧਰ ਵਿਖੇ ਦਰਜ ਕੀਤਾ ਗਿਆ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਕਰਨੈਲ ਸਿੰਘ ਪੁੱਤਰ ਜੋਗਿੰਦਰ ਪਾਲ ਵਾਸੀ ਐੱਮ. 292, ਗਲੀ ਨੰ. 05, ਸਹੀਦ ਬਾਬੂ ਲਾਭ ਸਿੰਘ ਨਗਰ, ਜਲੰਧਰ ਹਾਲ ਕਿਰਾਏਦਾਰ ਗਲੀ ਨੰ. 1, ਆਰੀਆ ਨਗਰ, ਜਲੰਧਰ ਅਤੇ ਸੋਨੂੰ ਪੁੱਤਰ ਸੁਰਿੰਦਰ ਕੁਮਾਰ ਵਾਸੀ 141, ਪਿੰਡ ਖੰਡਾ ਖੇੜਾ, ਈਹਰੋੜੀ, ਥਾਣਾ ਤਾਰਿਆਵਾ, ਹਰਦੋਈ, ਯੂ. ਪੀ, ਹਾਲ ਕਿਰਾਏਦਾਰ ਨਿਊ ਸੋਡਲ ਨਗਰ, ਨੇੜੇ ਜੋਨੇਕਸ ਫੈਕਟਰੀ, ਜਲੰਧਰ ਵਜੋਂ ਹੋਈ ਹੈ। ਪੁਲਸ ਕਮਿਸਨਰ ਨੇ ਗੈਰ-ਕਾਨੂੰਨੀ ਲਾਟਰੀ ਦੀਆਂ ਦੁਕਾਨਾਂ ਚਲਾਉਣ ਵਾਲਿਆਂ ਨੂੰ ਸਖਤ ਚਿਤਾਵਨੀ ਦਿੰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ।

ਡਰਾਇਵਰ ਵਲੋਂ ਬੱਸ ਚਲਾਉਣ ਕਾਰਣ ਟਾਇਰਾਂ ਹੇਠ ਆਈ ਔਰਤ

ਮੋਗਾ 30 ਅਗਸਤ। ਮੋਗਾ ਦੇ ਕੋਟਪੂਰਾ ਬਾਈਪਾਸ ਨੇੜੇ ਵਾਪਰੇ ਭਿਆਨਕ ਹਾਦਸੇ ਵਿਚ ਇਕ ਮਹਿਲਾ ਦੀ ਦਰਦਨਾਕ ਮੌਤ ਹੋ ਗਈ। ਮਿਲੀ ਜਾਣਕਾਰੀ ਅਨੁਸਾਰ ਇਕ ਮਹਿਲਾ ਬੱਸ ਹੇਠਾਂ ਆ ਗਈ, ਜਿਸ ਕਾਰਣ ਉਸ ਦਾ ਸਿਰ ਬੁਰੀ ਤਰ੍ਹਾਂ ਦਰੜਿਆ ਗਿਆ ਅਤੇ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਿਸ ਦੀ ਲਾਸ਼ ਨੂੰ ਸਮਾਜ ਸੇਵਾ ਸੁਸਾਇਟੀ ਦੇ ਸਹਿਯੋਗ ਨਾਲ ਫੋਕਲ ਪੁਆਇੰਟ ਦੀ ਪੁਲਸ ਨੇ ਸਿਵਲ ਹਸਪਤਾਲ ਵਿਚ ਭਿਜਵਾਇਆ। ਇਹ ਵੀ ਦੱਸਣਾ ਬਣਦਾ ਹੈ ਕਿ ਉਸੇ ਬੱਸ ਵਿਚੋਂ ਮਹਿਲਾ ਉਤਰੀ ਸੀ ਅਤੇ ਉਸ ਤੋਂ ਬਾਅਦ ਬੱਸ ਚਾਲਕ ਵੱਲੋਂ ਮੀਹ ਕਾਰਨ ਬੱਸ ਚਲਾ ਦਿੱਤੀ, ਜਿਸ ਤੋਂ ਬਾਅਦ ਮਹਿਲਾ ਬੱਸ ਹੇਠ ਆ ਗਈ ਅਤੇ ਉਸ ਦੇ ਸਿਰ ਉਪਰੋਂ ਬੱਸ ਦੇ ਟਾਇਰ ਲੰਘ ਗਏ। ਹਾਦਸਾ ਇੰਨਾ ਭਿਆਨਕ ਸੀ ਕਿ ਮਹਿਲਾ ਦਾ ਸਿਰ ਬੱਸ ਹੇਠਾਂ ਪੂਰੀ ਤਰ੍ਹਾਂ ਦਰੜਿਆ ਗਿਆ।

ਪਰਿਵਾਰ ਨੇ ਖੋਹ ਲਿਆ ਫੋਨ

ਨੋਇਡਾ 30 ਅਗਸਤ। ਨੋਇਡਾ 'ਚ ਪਰਿਵਾਰ ਦੇ ਫੋਨ ਖੋਹਣ ਤੋਂ ਨਾਰਾਜ ਇਕ ਵਿਦਿਆਰਥੀ ਵਲੋਂ ਖੁਦਕੁਸ਼ੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲਸ ਨੇ ਵੀਰਵਾਰ ਨੂੰ ਇਹ ਜਾਣਕਾਰੀ ਦਿੱਤੀ। ਪੁਲਸ ਦੇ ਇਕ ਬੁਲਾਰੇ ਨੇ ਦੱਸਿਆ ਕਿ ਘਟਨਾ ਬੁੱਧਵਾਰ ਦੇ ਰਾਤ ਫੇਜ-3 ਥਾਣਾ ਖੇਤਰ ਦੇ ਭੰਗੇਲ ਪਿੰਡ ਦੀ ਹੈ ਅਤੇ ਮ੍ਰਿਤਕ ਦੀ ਪਛਾਣ ਅਭਿਸ਼ੇਕ (16) ਵਜੋਂ ਹੋਈ ਹੈ। ਬੁਲਾਰੇ ਨੇ ਕਿਹਾ,"ਜਾਂਚ 'ਚ ਪਤਾ ਲੱਗਾ ਹੈ ਕਿ ਅਭਿਸ਼ੇਕ ਪੜ੍ਹਾਈ 'ਤੇ ਧਿਆਨ ਨਹੀਂ ਦੇ ਰਿਹਾ ਸੀ, ਜਿਸ ਕਾਰਨ ਪਰਿਵਾਰ ਵਾਲਿਆਂ ਨੇ ਉਸ ਤੋਂ ਮੋਬਾਇਲ ਵਾਪਸ ਲੈ ਲਿਆ ਸੀ।

ਦੜੇ-ਸੱਟੇ ਦੇ ਅੱਡਿਆਂ 'ਤੇ ਪੁਲਸ ਦੀ ਛਾਪੇਮਾਰੀ, ਅੱਧੀ ਦਰਜਨ ਵਿਅਕਤੀ ਗ੍ਰਿਫ਼ਤਾਰ, ਹਜਾਰਾਂ ਦੀ ਨਕਦੀ ਮਿਲੀ

ਜਲੰਧਰ 30 ਅਗਸਤ। ਉੱਤਰੀ ਹਲਕੇ ਵਿਚ ਚੱਲ ਰਹੇ ਦੜੇ-ਸੱਟੇ ਦੇ ਅੱਡਿਆਂ 'ਤੇ ਬੀਤੇ ਦਿਨ ਕਮਿਸ਼ਨਰੇਟ ਪੁਲਸ ਨੇ ਵੱਡੀ ਕਾਰਵਾਈ ਕੀਤੀ। ਥਾਣਾ ਨੰਬਰ 1 ਅਤੇ 8 ਦੇ ਇੰਚਾਰਜਾਂ ਨਾਲ ਮੀਟਿੰਗ ਕਰਕੇ ਏ. ਸੀ. ਪੀ. ਨਾਰਥ ਸ਼ੀਤਲ ਸਿੰਘ ਦੀ ਅਗਵਾਈ ਵਿਚ ਸਾਰੇ ਅੱਡਿਆਂ 'ਤੇ ਰੇਡ ਕੀਤੀ ਗਈ। ਪੁਲਸ ਨੇ ਲਗਭਗ ਅੱਧੀ ਦਰਜਨ ਵਿਅਕਤੀਆਂ ਨੂੰ ਕਾਬੂ ਕੀਤਾ, ਜਿਨ੍ਹਾਂ ਕੋਲੋਂ ਹਜਾਰਾਂ ਦੀ ਨਕਦੀ ਅਤੇ ਦੜੇ-ਸੱਟੇ ਦੀਆਂ ਪਰਚੀਆਂ ਮਿਲੀਆਂ। ਭਰੋਸੇਮੰਦ ਸੂਤਰਾਂ ਦੀ ਮੰਨੀਏ ਤਾਂ ਜਿਹੜੀਆਂ ਦੁਕਾਨਾਂ 'ਤੇ ਰੇਡ ਕੀਤੀ ਗਈ, ਉਹ ਕਾਲੂ ਨਾਂ ਦੇ ਵਿਅਕਤੀ ਦੀਆਂ ਹਨ, ਜੋ ਕਾਫੀ ਸਾਲਾਂ ਤੋਂ ਸ਼ਹਿਰ ਵਿਚ ਦੜੇ-ਸੱਟੇ ਦੇ ਕਾਰੋਬਾਰ ਦਾ ਕਿੰਗਪਿਨ ਹੈ। ਕੁਝ ਸਮਾਂ ਪਹਿਲਾਂ ਚੰਡੀਗੜ੍ਹ ਤੋਂ ਆਈਆਂ ਵਿਸ਼ੇਸ਼ ਟੀਮਾਂ ਨੇ ਵੀ ਕਾਲੂ ਦੇ ਅੱਡਿਆਂ 'ਤੇ ਰੇਡ ਕੀਤੀ ਸੀ ਪਰ ਉਸ ਦੀ ਗ੍ਰਿਫ਼ਤਾਰੀ ਨਹੀਂ ਹੋ ਸਕੀ ਸੀ। ਕੁਝ ਸਮੇਂ ਤੋਂ ਉਹ ਦੋਬਾਰਾ ਦੜੇ-ਸੱਟੇ ਦੀਆਂ ਦੁਕਾਨਾਂ ਖੋਲ੍ਹ ਕੇ ਕੰਮ ਕਰ ਰਿਹਾ ਸੀ, ਜਿਸ ਬਾਰੇ ਪਤਾ ਲੱਗਦੇ ਹੀ ਏ. ਸੀ. ਪੀ. ਨਾਰਥ ਸ਼ੀਤਲ ਸਿੰਘ ਨੇ ਥਾਣਾ ਨੰਬਰ 1 ਦੇ ਇੰਚਾਰਜ ਹਰਿੰਦਰ ਸਿੰਘ ਅਤੇ ਥਾਣਾ ਨੰਬਰ 8 ਦੇ ਇੰਚਾਰਜ ਗੁਰਮੁੱਖ ਸਿੰਘ ਨਾਲ ਇਕ ਮੀਟਿੰਗ ਕੀਤੀ ਅਤੇ ਬਾਅਦ ਵਿਚ ਲਗਭਗ 8 ਵਜੇ ਸੋਢਲ, ਪ੍ਰੀਤ ਨਗਰ, ਵੇਰਕਾ ਮਿਲਕ ਪਲਾਂਟ, ਕਾਲੀਆ ਕਾਲੋਨੀ, ਮਥੁਰਾ ਨਗਰ, ਛੋਟਾ ਸਈਪੁਰ ਰੋਡ, ਟਰਾਂਸਪੋਰਟ ਨਗਰ, ਫੋਕਲ ਪੁਆਇੰਟ ਏਰੀਆ, ਲੰਮਾ ਪਿੰਡ ਚੌਕ, ਕਿਸ਼ਨਪੁਰਾ ਚੌਕ, ਸੰਤੋਖਪੁਰਾ ਅਤੇ ਹੋਰਨਾਂ ਥਾਵਾਂ 'ਤੇ ਛਾਪੇਮਾਰੀ ਸ਼ੁਰੂ ਕਰ ਦਿੱਤੀ ਅਤੇ ਲਗਭਗ ਅੱਧੀ ਦਰਜਨ ਲੋਕਾਂ ਨੂੰ ਗ੍ਰਿਫ਼ਤਾਰ ਕਰ ਲਿਆ। ਮੁਲਜਮਾਂ ਤੋਂ ਲਗਭਗ 7 ਹਜਾਰ ਰੁਪਏ ਅਤੇ ਦੜੇ-ਸੱਟੇ ਦੀਆਂ ਪਰਚੀਆਂ ਬਰਾਮਦ ਕੀਤੀਆਂ ਗਈਆਂ ਹਨ। ਹਾਲਾਂਕਿ ਦੇਰ ਰਾਤ ਪੁਲਸ ਉਕਤ ਲੋਕਾਂ ਖਿ?ਲਾਫ ਕੇਸ ਦਰਜ ਕਰਨ ਦੀ ਤਿਆਰੀ ਕਰ ਰਹੀ ਸੀ ਪਰ ਇਹ ਵੇਖਣਾ ਬਾਕੀ ਹੈ

ਪੁਲਸ ਨੇ ਰੇਡ ਮਾਰ ਕੇ ਨਾਜਾਇਜ਼ ਸ਼ਰਾਬ ਕੀਤੀ ਬਰਾਮਦ, ਦੋਸ਼ੀ ਹਨੇਰੇ ਦਾ ਫਾਇਦਾ ਲੈ ਹੋਇਆ ਫਰਾਰ

ਗੁਰਦਾਸਪੁਰ 30 ਅਗਸਤ।

ਨਵੇਂ ਲੇਖਕਾਂ ਨੂੰ ਨਜ਼ਰ ਵਿਚ ਰੱਖਦੇ ਹੋਏ ਅਸੀਂ ਇਹ ਕਾਲਮ 'ਸੋਨ ਸੁਨਹਿਰੀ ਕਲਮਾਂ' ਸ਼ੁਰੂ ਕੀਤਾ ਹੈ। ਇਸ ਵਿਚ ਲੇਖਕ ਦੇ ਜੀਵਨ ਦੀ ਸੰਖੇਪ ਜਾਣਕਾਰੀ ਦੇ ਨਾਲ ਉਸ ਦੀਆਂ ਰਚਨਾਵਾਂ ਵੀ ਪਾਠਕਾਂ ਦੇ ਰੂਬਰੂ ਕਰਾਂਗੇ।

ਸੋਨ ਸੁਨਹਿਰੀ ਕਲਮਾਂ

ਸੰਭਾਵਨਾਵਾਂ ਭਰਪੂਰ ਸ਼ਾਇਰ

ਅਕਾਸ਼ਦੀਪ
76964-70344

ਘਰਦਿਆਂ ਨੇ ਤਾਂ ਬਹੁਤ ਕੋਸ਼ਿਸ਼ ਕੀਤੀ ਕਿ ਅਕਾਸ਼ਦੀਪ ਦਾ ਕਵਿਤਾ ਵੱਲੋਂ ਧਿਆਨ ਹੱਟ ਜਾਵੇ ਪਰ ਪਿਤਾ ਜਗਦੀਸ਼ ਰਾਮ ਤੇ ਮਾਤਾ ਮੀਨਾ ਕੁਮਾਰੀ ਦੀਆਂ ਕੋਸ਼ਿਸ਼ਾਂ ਅਸਫਲ ਹੀ ਰਹੀਆਂ। ਉਸ ਦੀ ਸਾਹਿਤਕ ਰੁਚੀ 'ਤੇ ਕੋਈ ਅਸਰ ਨਾ ਪਿਆ। ਜ਼ਿਲ੍ਹਾ ਜਲੰਧਰ ਦੇ ਪਿੰਡ ਕਾਸਮਪੁਰ ਦਾ ਜੰਮਪਲ ਅਕਾਸ਼ਦੀਪ ਆਪਣੇ ਚੁਗਿਰਦੇ ਵਿਚ ਜੋ ਦੇਖਦਾ ਹੈ ਉਸ ਨੂੰ ਆਪਣੀ ਕਵਿਤਾ ਦੇ ਸਾਂਚੇ ਵਿਚ ਢਾਲਣ ਦੀ ਕੋਸ਼ਿਸ਼ ਵਿਚ ਰਹਿੰਦਾ ਹੈ। ਉਹ ਲੋਕਾਈ ਦੇ ਦੁੱਖ-ਦਰਦ ਨੂੰ ਬੜੀ ਸ਼ਿੱਦਤ ਨਾਲ ਨਿਹਾਰਦਾ ਹੈ। ਉਸ ਦੀ ਪੀੜਾ ਨੂੰ ਮਹਿਸੂਸ ਕਰਦਾ ਹੈ ਤੇ ਫਿਰ ਇਸ ਵਰਤਾਰੇ ਨੂੰ ਅੱਖਰਾਂ ਦਾ ਜਾਮਾ ਪਹਿਨਾ ਕੇ ਪਾਠਕਾਂ ਨੂੰ ਪਰੋਸ ਦਿੰਦਾ ਹੈ। ਇਹੀ ਉਸ ਦੀ ਕਵਿਤਾ ਦਾ ਹਾਸਲ ਹੈ। ਅਕਾਸ਼ਦੀਪ ਨੂੰ ਕਵਿਤਾ ਲਿਖਣ ਦੀ ਲਤ ਸਕੂਲ ਸਮੇਂ ਹੀ ਲੱਗ ਗਈ ਸੀ। ਹੁਣ ਤਾਂ ਉਸ ਦੀ ਕਵਿਤਾ ਲਿਖਣ ਦੀ ਇਹ ਲਤ ਜਵਾਨੀ ਵਿਚ ਪੈਰ ਧਰ ਰਹੀ ਹੈ। ਉਸ ਦੀ ਕਵਿਤਾ ਨੂੰ ਪੜ੍ਹ ਕੇ ਆਸ ਬੱਝਦੀ ਹੈ ਕਿ ਆਉਣ ਵਾਲੇ ਸਮੇਂ ਵਿਚ ਸਾਹਿਤ ਜਗਤ ਵਿਚ ਇਕ ਹੋਰ ਚੰਗੀ ਕਵਿਤਾ ਦੀ ਸਿਰਜਣਾ ਕਰਨਾ ਵਾਲਾ ਸਿਤਾਰਾ ਚਮਕੇਗਾ। ਅਕਾਸ਼ਦੀਪ ਤੋਂ ਇਹੀ ਆਸ ਹੈ ਕਿ ਉਹ ਮਿਹਨਤ ਤੇ ਲਗਨ ਨਾਲ ਇਸੇ ਤਰ੍ਹਾਂ ਕਵਿਤਾ ਦੀ ਸਿਰਜਨਾ ਕਰਦਾ ਰਹੇਗਾ। ਆਓ ਉਸ ਦੀ ਕਵਿਤਾ ਨਾਲ ਸਾਂਝ ਪਾਈਏ।

• **ਜਸਵਿੰਦਰ ਦੂਹੜਾ**
98723-36944

ਕਵਿਤਾ

ਦੁਵੈਸ਼

ਤੂੰ ਆਖਦੀ, ਮੈਂ ਜਿਉਂਦਾ ਹਾਂ
ਪਰ ਮੈਂ ਮੁਰਦਾ ਹਾਂ
ਚਪਟੀ ਧਰਤੀ ਦੇ
ਸਮਤਲ ਧਰਾਧਲ ਨੂੰ
ਮੈਂ ਗਿੱਠਾਂ ਨਾਲ ਮਿਣਦਾ ਹਾਂ।

ਮੁਰਦਾ ਹੋਣਾ ਸਰਾਪ ਨਹੀਂ
ਜਿਉਂਦੇ ਹੋਣਾ ਹੈ
ਬੜਾ ਗੌਣ ਹੈ ਜਿਊਣਾ
ਆਪਣਾ ਆਪ ਗ਼ੈਰ ਕਰ
ਗ਼ੈਰ ਅਪਣਾਉਣਾ
ਲਕੀਰ ਤੇ ਲਕੀਰ ਹੋ
ਬੇਵਜੂਦ ਹੋਣਾ।

ਮੁਰਦਾ ਹੋਣਾ ਅਸੀਮ ਹੈ
ਬੇਮੁੱਖ ਹੋ ਲਕੀਰੋਂ
ਚਿੰਤਨ ਦੀਆਂ ਕਬਰਾਂ ਪੁੱਟਣੀਆਂ
ਕਲਮ ਦੇ ਬੇਲਚਿਆਂ ਨਾਲ
ਮੁਰਦਾ ਹੋਣ ਦੇ
ਨਵੇਂ ਅਰਥ ਲੱਭਣੇ
ਜਿਊਣ ਦੇ ਬੇਅਰਥ
ਘੜਿਆਲ ਖੜਕਾਉਣੇ ਸੋਚਾਂ ਦੇ
ਸੁੱਤੇ ਸਿਰ ਮਾਰ-ਮਾਰ
ਬੇਕੁੰਠ ਠੁੱਡ ਮਾਰ
ਨਰਕ ਬੇਕੁੰਠ ਕਰਨਾ
ਪੈਰਾਂ ਨੂੰ ਪੈਰ ਬਣਾਉਣਾ
ਹੱਥਾਂ ਨੂੰ ਹੱਥ
ਮੁਰਦਾ ਸਰੀਰ ਹੋ ਸਕਦਾ
ਘਟਨਾਵਾਂ ਨਾ ਹੀ ਦੇਖ।

ਮੁਰਦਾ ਹੋ ਸਕਦੀ
ਪਾਣੀ ਠੋਸ ਹੋ ਸਕਦਾ
ਅੱਗ ਕਦੇ ਨਹੀਂ
ਤੂੰ ਆਖਦੀ ਮੈਂ ਜਿਉਂਦਾ ਹਾਂ
ਪਰ ਮੈਂ ਮੁਰਦਾ ਹਾਂ
ਨਹੀ ਭਾਉਂਦੀ ਮੈਨੂੰ
ਦੌਲਤ ਦੀ ਅੱਖ
ਮੈਂ ਗਿਆਨ ਦੀ ਦੇਹ
ਨਾਲ ਘੁਲਦਾ ਹਾਂ।

ਸਾਡਾ ਪਤਾ ਹੈ-
ਸੰਪਾਦਕ, ਪੰਜਾਬੀ ਜਾਗਰਣ, ਸੀ-120, ਫੋਕਲ ਪੁਆਇੰਟ ਐਕਸਟੈਂਸ਼ਨ, ਇੰਡਸਟਰੀਅਲ ਏਰੀਆ, ਜਲੰਧਰ।
editormail@punjabi.jagran.com

ਹਰਿਆਲੀ ਤੀਜ

ਜਾਨਵੀ ਬਿੱਠਲ
97819-29714

ਪੰਜਾਬ ਵਿਚ ਮਨਾਈ ਜਾ ਰਹੀ ਤੀਜ ਬਾਰੇ ਤਾਂ ਅਸੀਂ ਸਾਰਿਆਂ ਨੇ ਬਹੁਤ ਸੁਣਿਆ ਹੈ। ਇਸ ਵਿਚ ਪੈਣ ਵਾਲਾ ਗਿੱਧਾ, ਮੁਟਿਆਰਾਂ ਦੇ ਹਾਰ ਸ਼ਿੰਗਾਰ ਤੋਂ ਹਰ ਕੋਈ ਜਾਣੂ ਹੈ ਪਰ ਅਸੀਂ ਪੰਜਾਬ ਤੋਂ ਬਾਹਰ ਉੱਤਰ-ਪੱਛਮੀ ਪ੍ਰਾਂਤਾਂ ਵੱਲ ਵੇਖੀਏ ਤਾਂ ਤੀਜ ਦਾ ਤਿਉਹਾਰ ਰਾਜਸਥਾਨ, ਉੱਤਰ ਪ੍ਰਦੇਸ ਦੇ ਕਈ ਹਿੱਸਿਆਂ ਵਿਚ ਬਹੁਤ ਧੂਮ-ਧਾਮ ਨਾਲ ਮਨਾਇਆ ਜਾਂਦਾ ਹੈ। ਇਨ੍ਹਾਂ ਖੇਤਰਾਂ ਵਿਚ ਮਨਾਈ ਜਾਣ ਵਾਲੀ ਤੀਜ ਨੂੰ ਹਰਤਾਲਿਕਾ ਤੀਜ ਜਾਂ ਤੀਜਾ ਕਹਿੰਦੇ ਹਨ ਜੋ ਕਿ ਭਾਦੋਂ ਦੇ ਮਹੀਨੇ ਮਨਾਈ ਜਾਂਦੀ ਹੈ।

ਇਸ ਸਾਲ ਇਹ ਤਿਉਹਾਰ ਸਤੰਬਰ ਵਿਚ ਮਨਾਇਆ ਜਾ ਰਿਹਾ ਹੈ। ਮੰਨਿਆ ਜਾਂਦਾ ਹੈ ਕਿ ਇਹ ਤੀਜ ਮਾਂ ਪਾਰਵਤੀ ਨਾਲ ਜੁੜੀ ਹੋਈ ਹੈ। ਇਸ ਦਿਨ ਜਿੱਥੇ ਮਾਤਾ ਪਾਰਵਤੀ ਨੇ ਸ਼ਿਵਜੀ ਲਈ ਵਰਤ ਰੱਖਿਆ ਸੀ ਉੱਥੇ ਹੀ ਇਸ ਦਿਨ ਮਾਂ ਪਾਰਵਤੀ ਦੀ ਕਿਸੇ ਸਖੀ ਨੇ ਉਨ੍ਹਾਂ ਦਾ ਹਰਣ ਕਰ ਕੇ, ਜੰਗਲ ਵਿਚ ਲੈ ਗਈ ਸੀ ਇਸੇ ਕਰਕੇ ਇਸ ਦਾ ਨਾਂ ਹਰਤਾਲਿਕਾ ਤੀਜ ਪੈ ਗਿਆ।

ਪੰਜਾਬ ਵਾਂਗ ਹੀ ਇੱਥੇ ਵੀ ਸੁਹਾਗਣਾਂ ਤੇ ਕੁਆਰੀਆਂ ਕੁੜੀਆਂ ਬਹੁਤੇ ਚਾਅ ਨਾਲ ਤਿਆਰ ਹੁੰਦਿਆਂ ਹਨ ਤੇ ਹਾਰ ਸ਼ਿੰਗਾਰ ਕਰ ਕੇ ਇਸ ਤਿਉਹਾਰ ਨੂੰ ਮਨਾਉਂਦੀਆਂ ਹਨ। ਇਸ ਤਿਉਹਾਰ ਵਿਚ ਮਾਲਪੂੜੇ, ਖੀਰ, ਰਬੜੀ ਆਦਿ ਮਿਸ਼ਠਾਨ ਬਨਾਏ ਜਾਂਦੇ ਹਨ ਤੇ ਕੁੜੀਆਂ ਮਿਲ ਕੇ ਹੱਸਦੀਆਂ-ਖੇਡਦੀਆਂ ਨੱਚਦੀਆਂ-ਟੱਪਦੀਆਂ ਤੇ ਗਿੱਧਾ ਪਾਉਂਦੀਆਂ ਹਨ। ਕਈ ਵਾਰੀ ਸਾਨੂੰ ਇਹ ਹੀ ਲੱਗਦਾ ਹੈ ਕਿ ਤੀਜ ਦਾ ਤਿਉਹਾਰ ਸਿਰਫ਼ ਪੰਜਾਬ ਵਿਚ ਹੀ ਮਨਾਈ ਜਾਂਦੀ ਹੈ। ਇਹ ਸੋਚ ਕੇ ਅਸੀਂ ਗ਼ਲਤ ਹੁੰਦੇ ਹਾਂ।

ਦਰਅਸਲ ਤੀਜ ਭਾਰਤ ਦੇ ਹੋਰ ਕਈ ਹਿੱਸਿਆਂ ਵਿਚ ਵੀ ਮਨਾਈ ਜਾਂਦੀ ਹੈ। ਇਸੇ ਹੀ ਕਾਰਨ ਸਾਡਾ ਦੇਸ਼ ਮਸ਼ਹੂਰ ਹੈ ਕਿਉਂਕਿ ਇੱਥੇ ਹਰ ਕੋਈ ਦੂਜੇ ਧਰਮ ਨਾਲ ਸਬੰਧਤ ਤਿਉਹਾਰ ਵੀ ਮਨਾਉਂਦਾ ਹੈ। ਹਰਤਾਲਿਕਾ ਤੀਜ ਦਾ ਤਿਉਹਾਰ ਕੁੜਿਆਂ ਬਹੁਤੇ ਚਾਅ ਨਾਲ ਮਨਾਉਂਦੀਆਂ ਹਨ ਤੇ ਮਾਂ ਪਾਰਵਤੀ ਨੂੰ ਯਾਦ ਕਰ ਇਸ ਦਿਨ ਵਰਤ ਰੱਖਦੀਆਂ ਹਨ। ਤੀਜ ਦਾ ਤਿਉਹਾਰ ਮਨਾਉਣ ਦੇ ਵੱਖਰੇ-ਵੱਖਰੇ ਢੰਗ ਹਨ।

ਵਰਤ ਰੱਖਣਾ

ਇਹ ਮੰਨਿਆ ਜਾਂਦਾ ਹੈ ਕਿ ਇਹ ਵਰਤ ਮਾਂ ਪਾਰਵਤੀ ਨੇ ਆਪਣੇ ਸੁਹਾਗ ਸ਼ਿਵ ਲਈ ਰੱਖਿਆ ਸੀ। ਹੁਣ ਇਹ ਵਰਤ ਸੁਹਾਗਣਾ ਆਪਣੇ ਸੁਹਾਗ ਲਈ ਤੇ ਕੁਆਰੀਆਂ ਮੰਨ-ਪਸੰਦ ਵਰ ਨਾਲ ਵਿਆਹ ਕਰਵਾਉਣ ਲਈ ਰੱਖਦੀਆਂ ਹਨ।

ਹਾਰ-ਸ਼ਿੰਗਾਰ ਤੇ ਪਹਿਰਾਵਾ

ਪੰਜਾਬ ਵਿਚ ਤੀਜ ਵਾਲੇ ਦਿਨ ਕੁੜਿਆਂ ਗੁੜ੍ਹੇ ਅਤੇ ਸੁਨਹਿਰੇ ਰੰਗ ਦੇ ਪੰਜਾਬੀ ਸੂਟ, ਪੈਰਾਂ ਵਿਚ ਪੰਜਾਬੀ ਜੁੱਤੀ ਅਤੇ ਗੁੱਤਾਂ ਵਿਚ ਪਰਾਂਦੇ ਪਾਉਂਦੀਆਂ ਹਨ। ਉੱਤਰ-ਪਛੱਮੀ ਪ੍ਰਾਂਤਾ ਵਿਚ ਲਾਲ ਸਾੜੀ, ਲਾਲ ਵੰਗਾਂ, ਟਿੱਕਾ ਆਦਿ ਪਾਇਆ ਜਾਂਦਾ ਹੈ। ਲਾਲ ਰੰਗ ਇਸ ਤਿਉਹਾਰ ਲਈ ਸ਼ੁਭ ਮੰਨਿਆ ਜਾਂਦਾ ਹੈ।

ਕਰਵਾ-ਚੌਥ ਨਾਲੋਂ ਮੁਸ਼ਕਿਲ ਵਰਤ

ਉਂਜ ਤਾਂ ਸਾਲ ਵਿਚ ਕਈ ਵਰਤ ਆਉਂਦੇ ਹਨ ਜੋ ਨਿਰਜਲੇ, ਭਾਵ ਬਿਨਾਂ ਪਾਣੀ ਤੋਂ ਰੱਖਣ ਵਾਲੇ, ਵਰਤ ਹੁੰਦੇ ਹਨ। ਪਰ ਕਰਵਾ-ਚੌਥ ਤੋਂ ਵੀ ਤੀਜ ਦਾ ਇਹ ਵਰਤ ਇਸ ਲਈ ਔਖਾ ਹੁੰਦਾ ਹੈ ਕਿਉਂਕਿ ਇਹ ਵਰਤ ਵਾਲੇ ਦਿਨ ਨਹੀ ਸਗੋਂ ਅਗਲੇ ਦਿਨ ਔਰਤਾਂ ਇਸ ਵਰਤ ਨੂੰ ਤੋੜਦੀਆਂ ਹਨ। ਜੇ ਕੋਈ ਕੁਆਰੀ ਕੁੜੀ ਜਾਂ ਸੁਹਾਗਣ ਇਕ ਵਾਰੀ ਇਸ ਵਰਤ ਨੂੰ ਸ਼ੁਰੂ ਕਰ ਲਵੇ ਤਾਂ ਉਸ ਨੂੰ ਸਾਰੀ ਉਮਰ ਇਹ ਵਰਤ ਰੱਖਣਾ ਹੀ ਪੈਂਦਾ ਹੈ। ਇਸ ਵਰਤ ਦੀ ਇਹੀ ਪ੍ਰਥਾ ਹੈ। ਇਸ ਵਰਤ ਨੂੰ ਕਰਵਾ-ਚੌਥ ਨਾਲੋਂ ਮੁਸ਼ਕਿਲ ਮੰਨਿਆ ਜਾਂਦਾ ਹੈ।

ਹਰਤਾਲਿਕਾ ਤੀਜ ਦਾ ਵਰਤ

ਵਿਆਹੀਆਂ ਅਤੇ ਕਵਾਰੀ ਕੁੜੀਆਂ ਬੜੇ ਹੀ ਚਾਅ ਨਾਲ ਇਸ ਤੀਜ ਦਾ ਵਰਤ ਰੱਖਦੀਆ ਹਨ। ਇਸ ਵਰਤ ਵਿਚ ਰਾਤ ਤੇ ਸਵੇਰ ਦੇ ਮੱਧ ਵਿਚ ਉੱਠ, ਤਿਆਰ ਹੋ ਕੇ ਸਰਗੀ ਖਾਂਦੀਆਂ ਹਨ। ਇਸ ਤੋਂ ਬਾਅਦ ਵਰਤ ਦਾ ਪਾਠ ਸੁਣਕੇ ਵਰਤ ਸ਼ੁਰੂ ਕਰ ਦਿੰਦੀਆ ਹਨ।

ਅਜੋਕੇ ਤਿਉਹਾਰਾਂ ਦਾ ਸਰੂਪ

ਤੀਜ ਤਾਂ ਕਈ ਸਾਲ ਪਹਿਲਾਂ ਵੀ ਇਹੀ ਸੀ ਤੇ ਅੱਜ ਵੀ ਹੈ। ਪਰ ਅਜੋਕੇ ਸਮੇਂ ਇਨ੍ਹਾਂ ਤਿਉਹਾਰ ਨੂੰ ਮਨਾਉਣ ਦੇ ਢੰਗਾਂ ਵਿਚ ਤਬਦੀਲੀ ਜ਼ਰੂਰ ਆਈ ਹੈ। ਅੱਜ ਕੱਲ੍ਹ ਸੁਹਾਗਣਾ ਤੇ ਕੁੜਿਆਂ ਕੋਲ ਪੰਜਾਬੀ ਸੂਟ ਜਾਂ ਲਾਲ ਸਾੜੀ ਬਨਵਾਉਣ ਦੇ ਵੱਖ-ਵੱਖ ਡਿਜ਼ਾਇਨ ਹਨ।

ਕਈ ਕੁੜਿਆਂ ਨੂੰ ਬਹੁਤਾਂ ਹਾਰ-ਸ਼ਿੰਗਾਰ ਪਸੰਦ ਨਹੀ ਹੁੰਦਾ। ਉਹ ਅਜੋਕੇ ਡਿਜ਼ਾਇਨ ਦੇ ਚਲ ਰਹੇ ਪਲਾਜ਼ੋ ਨਾਲ ਸਧਾਰਨ ਜਿਹੀ ਕੁੜਤੀ ਪਾ ਕੇ ਉਸ ਨਾਲ ਗਲੇ ਜਾਂ ਕੰਨਾਂ 'ਚ ਲੰਬੇ ਝੁੰਮਕੇ ਪਾ ਲੈਂਦੀਆਂ ਹਨ। ਜੇ ਕੋਈ ਕੁੜੀ ਸਾੜੀ ਨਹੀ ਸੰਭਾਲ ਸਕਦੀ ਤਾਂ ਉਹ ਲੰਬਾ ਕੁੜਤਾ ਤੇ ਲੰਬੀ ਜੈਕਿੱਟ ਪਾ ਲੈਂਦੀ ਹੈ।

ਪਹਿਲਾਂ ਲਾਲ ਸਾੜੀਆਂ ਦੇ ਰੰਗ ਵੀ ਸਾਰਿਆ ਦੇ ਇੱਕੋ-ਜਿਹੇ ਹੁੰਦੇ ਸਨ ਤੇ ਉਨ੍ਹਾਂ ਦਾ ਡਿਜ਼ਾਇਨ ਵੀ ਪਰ ਅੱਜ ਸਾੜੀਆਂ ਵਿਚ ਬਹੁਤ ਸਾਰੇ ਡਿਜ਼ਾਈਨ ਆ ਗਏ ਹਨ।

ਹੁਣ ਸਾੜੀ, ਸਾੜੀ ਨਹੀ ਸੂਟ ਵਾਂਗ ਹੀ ਲੱਗਦੀ ਹੈ। ਜਿੱਥੇ ਪੁਸ਼ਾਕਾਂ ਦੇ ਡਿਜ਼ਾਇਨਾਂ ਵਿਚ ਤਬਦੀਲੀ ਆਈ ਹੈ ਉੱਥੇ ਹੀ ਕੰਨਾਂ, ਪੈਰਾਂ 'ਚ ਪਾਉਣ ਵਾਲੀ ਅਸੈਸਰੀ ਵਿਚ ਵੀ ਵੱਖਰਾਪਨ ਆਇਆ ਹੈ। ਅੱਜ ਕੱਲ੍ਹ ਸਟੀਲ ਦੀ ਦਿੱਖ ਵਾਲੇ ਝੁਮਕਿਆ ਦਾ ਬਹੁਤ ਚਲਣ ਹੈ। •

ਪੱਤਰ ਹਰੇ ਕਰੂਰ

ਦਿਲਕਸ਼ ਅੰਦਾਜ਼ ਤੇ ਮਿੱਠੀ ਆਵਾਜ਼ ਦੀ ਮਾਲਿਕ

ਸੁਰਿੰਦਰ ਸਿਦਕ

ਸੁਰਿੰਦਰ ਸਿਦਕ ਦਾ ਪਿਛੋਕੜ ਅਬੋਹਰ ਦਾ ਹੈ। ਉਹ ਅੱਜ ਕੱਲ੍ਹ ਆਸਟਰੇਲੀਆ ਦੇ ਸ਼ਹਿਰ ਐਡੀਲੇਡ ਵਿਚ ਪਰਿਵਾਰ ਸਮੇਤ ਰਹਿ ਰਹੀ ਹੈ। ਸੁਰਿੰਦਰ ਨੂੰ ਗੁੜ੍ਹਤੀ ਹੀ ਸ਼ਬਦਾਂ ਦੀ ਮਿਲੀ ਹੈ। ਉਸ ਦਾ ਬਚਪਨ, ਨਾਨਾ ਪ੍ਰਤਾਪ ਸਿੰਘ ਕੰਵਲ, ਮਾਤਾ ਅੰਮ੍ਰਿਤ ਕੌਰ, ਪਿਤਾ ਕੁਲਵੈਤ ਸਿੰਘ ਬਜਾਜ ਦੀਆਂ ਸਾਹਿਤਕ ਲੋਰੀਆਂ ਵਿਚ ਗੁਜ਼ਰਿਆ, ਘਰ ਦੇ ਸਾਹਿਤਕ ਮਾਹੌਲ ਕਾਰਨ ਸਿਦਕ ਆਪਣੇ ਸਮੇਂ ਸਕੂਲ, ਕਾਲਜ ਅਤੇ ਸਾਹਿਤਕ ਪ੍ਰੋਗਰਾਮਾਂ ਦੀ ਹਮੇਸ਼ਾਂ ਜੇਤੂ ਕੁੜੀ ਬਣੀ ਰਹੀ। ਉਸ ਦੀ ਮਿੱਠੀ ਆਵਾਜ਼ ਅਤੇ ਦਿਲਕਸ਼ ਅੰਦਾਜ਼ ਸਟੇਜ ਤੇ ਵੇਖਣਾ ਬਣ ਦਾ ਹੈ। ਜਦੋਂ ਇਹ ਕਾਵਿਕ ਵੇਲ ਸਰਦਾਰ ਮਹਿੰਗਾ ਸਿੰਘ ਸੰਗਰ ਦੀ ਜੀਵਨ ਸਾਥਣ ਬਣ ਉਸ ਦੇ ਘਰ ਦੇ ਵਿਹੜੇ ਮਹਿਕਣ ਲੱਗੀ ਤਾਂ ਉਸ ਦੇ ਸ਼ਬਦਾਂ ਦੀ ਖ਼ੁਸ਼ਬੂ ਦੂਰ ਦੂਰ ਤਕ ਫੈਲ ਗਈ। ਉਸ ਦੇ ਪਤੀ ਦੀ ਰੁਚੀ ਸਾਹਿਤਕ ਹੋਣ ਕਰਕੇ ਸੰਗਰ ਪਰਿਵਾਰ ਨੇ ਸਿਦਕ ਨੂੰ ਸਾਹਿਤ ਦੇ ਖੇਤਰ ਵਿਚ ਭਰਪੂਰ ਸਹਿਯੋਗ ਦਿੱਤਾ। ਜਿਸ ਕਾਰਨ ਵਿਦੇਸ਼ੀ ਧਰਤੀ ਤੇ ਰਹਿੰਦੇ ਹੋਏ ਵੀ ਸਿਦਕ ਰੰਗਮੰਚ ਅਤੇ ਸਾਹਿਤਕ ਸਰਗਰਮੀਆਂ ਦੇ ਨਾਲ ਲਗਾਤਾਰ ਜੁੜੀ ਰਹੀ। ਸਿਦਕ ਸ਼ਬਦਾਂ ਦੀ ਸਿਰਜਣਾ ਤਾਂ ਬਚਪਨ ਤੋਂ ਕਰਦੀ ਆ ਰਹੀ ਹੈ ਪਰ ਹੌਲੀ-ਹੌਲੀ ਉਸ ਨੇ ਉਸਤਾਦ ਸ਼ਹਿਰਾਂ ਦੀ ਰਹਿਨੁਮਾਈ ਲੈ ਕੇ ਗ਼ਜ਼ਲ ਵਿਧਾ ਨੂੰ ਸਿਖਣਾ ਸ਼ੁਰੂ ਕੀਤਾ ਜਿਸ ਦੇ ਸਦਕਾ ਅੱਜ ਉਹ ਪਿੰਗਲ ਅਰੂਜ਼ ਅਤੇ ਗ਼ਜ਼ਲ ਦੀਆਂ ਬਾਰੀਕੀਆਂ ਤੋਂ ਬਾਖ਼ੂਬੀ ਜਾਣੂ ਹੈ। ਜਿਸ ਦੇ ਸਿੱਟੇ ਵਜੋਂ ਉਸ ਦਾ ਪਲੇਠਾ ਗ਼ਜ਼ਲ ਸੰਗ੍ਰਹਿ 'ਰੂਹ ਦੀ ਗਾਨੀ' ਪਾਠਕਾਂ ਦੀ ਕਚਹਿਰੀ ਵਿਚ ਹਾਜ਼ਰ ਹੈ। ਪੇਸ਼ ਹੈ ਉਸ ਦੀ ਗ਼ਜ਼ਲ ਦੇ ਰੰਗ।

• **ਕੁਲਦੀਪ ਸਿੰਘ**
941974-07778

ਗ਼ਜ਼ਲ

ਜਦੋਂ ਤੂੰ ਫੁੱਲ ਬਣ ਕੇ ਦਿਲ 'ਚ ਖਿੜਿਆ ਪਰਤ ਆਵਾਂਗੀ।
ਜਦੋਂ ਚੰਨ ਮੇਰੇ ਹੱਥ 'ਤੇ ਆਣ ਟਿਕਿਆ ਪਰਤ ਆਵਾਂਗੀ।

ਤੂੰ ਲਿਖ ਗ਼ਜ਼ਲਾਂ ਤੇ ਕਵਿਤਾਵਾਂ ਜਾਂ ਗਾ ਦਰਦਾਂ ਭਰੇ ਨਗਮੇਂ,
ਜਦੋਂ ਖ਼ਤ ਪ੍ਰੇਮ ਦੇ ਕਾਗ਼ਜ਼ 'ਤੇ ਲਿਖਿਆ ਪਰਤ ਆਵਾਂਗੀ।

ਅਜੇ ਇਹ ਰੌਸ਼ਨੀ ਮੱਧਮ ਜਿਹੀ ਹੈ ਛਾਏ ਨੇ ਬੱਦਲ,
ਜਦੋਂ ਸੋਨੇ ਦਾ ਸੂਰਜ ਫੇਰ ਚੜ੍ਹਾਇਆ ਪਰਤ ਆਵਾਂਗੀ।

ਨਹੀਂ ਨੈਣੀਂ ਤੇਰੀ ਨੀਂਦਰ, ਨਸ਼ਾ ਨਵਿਆਂ ਜਹਾਨਾਂ ਦਾ,
ਤੇਰੀ ਜਦ ਅੱਖ ਨੂੰ ਸਿੱਲਾ ਖ਼ਾਬ ਮਿਲਿਆ ਪਰਤ ਆਵਾਂਗੀ।

ਤੇਰੇ ਦਿਲ ਦੀ ਬਗ਼ੀਚੀ ਵਿਚ ਨਹੀਂ ਮਹਿਕਾਂ ਨਾ ਹਰਿਆਲੀ,
ਜਦੋਂ ਤੂੰ ਪਿਆਰ ਵਾਲਾ ਬੂਟਾ ਲਾਇਆ ਪਰਤ ਆਵਾਂਗੀ।

ਮੇਰਾ ਕੀ ਹੈ? ਮੈਂ ਤਾਂ ਇਕ ਰੁੱਤ ਹਾਂ, ਰੁੱਤਾਂ ਤਾਂ ਰੁੱਤਾਂ ਨੇ,
ਤੇਰੇ ਬਾਗ਼ੀਂ ਜਦੋਂ ਵੀ ਮੋਰ ਨੱਚਿਆ ਪਰਤ ਆਵਾਂਗੀ।

ਤੂੰ ਕੀਤੈ ਜਜ਼ਬ ਕਿੱਦਾਂ ਜਜ਼ਬਿਆਂ ਨੂੰ, ਬਣ ਗਿਐਂ ਪੱਥਰ,
ਤੂੰ ਪੱਥਰ ਤੋਂ ਜਦੋਂ ਫਿਰ ਮੋਮ ਬਣਿਆ, ਪਰਤ ਆਵਾਂਗੀ।

ਸਦਾ ਹੱਸਦਾ ਰਹੀਂ! ਵਸਦਾ ਰਹੀਂ! ਹੈ ਇਹ ਦੁਆ ਮੇਰੀ,
ਸਿਦਕ ਦੇ ਰਾਹ 'ਤੋਂ ਜਦ ਵੀ ਲੜਖੜ੍ਹਾਇਆ ਪਰਤ ਆਵਾਂਗੀ।

ਰੋਸ਼ਨੀ ਦੀ ਕਿਰਨ

ਰਵਨੀਤ ਕੌਰ

ਬਹੁਤ ਹੀ ਹੋਣਹਾਰ ਕੁੜੀ ਸੀ ਸਪਨਾ। ਉਸ ਦੇ ਆਪਣੇ ਹੀ ਸੁਪਨਿਆਂ ਦੀ ਦੁਨੀਆ ਸੀ। ਉਹ ਵੱਡਿਆਂ ਦਾ ਸਤਿਕਾਰ ਬੱਚਿਆਂ ਨੂੰ ਪਿਆਰ ਕਰਦੀ। ਉਹ ਮਾਪਿਆਂ ਦੀ ਇਕਲੌਤੀ ਤੇ ਲਾਡਲੀ ਧੀ ਸੀ। ਸਪਨਾ ਦਾ ਪਾਲਣ-ਪੋਸ਼ਣ ਮੁੰਡਿਆਂ ਵਾਂਗ ਕੀਤਾ ਸੀ ਮਾਪਿਆਂ ਨੇ। ਉਹ ਪੜ੍ਹਾਈ 'ਚ ਬਹੁਤ ਹੁਸ਼ਿਆਰ ਅਤੇ ਮਿਹਨਤੀ ਸੀ। ਉਸ ਦੇ ਸੁਪਨੇ ਖੰਭ ਲਾ ਕੇ ਆਸਮਾਨ 'ਚ ਉੱਡਣ ਅਤੇ ਜ਼ਿੰਦਗੀ ਵਿਚ ਪੜ੍ਹ ਲਿਖ ਕੇ ਕੁਝ ਵੱਡਾ ਕਰਨ ਦੀ ਚਾਹਤ ਸੀ।

ਬਾਰ੍ਹਵੀਂ ਦੀ ਪੜ੍ਹਾਈ ਪੂਰੀ ਕਰਨ ਤੋਂ ਬਾਅਦ ਮਾਪਿਆਂ ਨੇ ਉਸ ਨੂੰ ਸ਼ਹਿਰ ਦੇ ਕਾਲਜ 'ਚ ਪੜ੍ਹਾਈ ਪੂਰੀ ਕਰਨ ਲਈ ਭੇਜ ਦਿੱਤਾ। ਜਿੱਥੇ ਉਸ ਨੇ ਬੀਏ 'ਚ ਦਾਖ਼ਲਾ ਲੈ ਕੇ ਪੂਰੀ ਮਿਹਨਤ ਤੇ ਲਗਨ ਨਾਲ ਪੜ੍ਹਨਾ ਸ਼ੁਰੂ ਕਰ ਦਿੱਤਾ। ਉਸ ਨੇ ਕਲਾਸ 'ਚ ਫ਼ਸਟ ਪੁਜ਼ੀਸ਼ਨ ਹਾਸਲ ਕੀਤੀ। ਉਹ ਸੁਪਨਿਆਂ ਨੂੰ ਪੂਰਾ ਕਰਨ ਲਈ ਬੁਲੰਦ ਹੌਸਲੇ ਨਾਲ ਦਿਨ ਰਾਤ ਮਿਹਨਤ ਕਰਦੀ।

ਆਪਣੀ ਪੜ੍ਹਾਈ ਪੂਰੀ ਕਰਨ ਤੋਂ ਉਸ ਨੇ ਨੌਕਰੀ ਦੀ ਤਲਾਸ਼ ਸ਼ੁਰੂ ਕਰ ਦਿੱਤੀ। ਇਸੇ ਦੌਰਾਨ ਉਸ ਦੇ ਘਰ ਰਿਸ਼ਤੇ ਦੀ ਗੱਲ ਚੱਲ ਪਈ। ਮੁੰਡੇ ਵਾਲੇ ਕਾਫ਼ੀ ਪੈਸੇ ਵਾਲੇ ਸਨ। ਪ੍ਰੰਤੂ ਮੁੰਡੇ ਦੀ ਪੜ੍ਹਾਈ ਬਾਰ੍ਹਵੀਂ ਅਤੇ ਕੰਮ ਤੋਂ ਬਿਲਕੁੱਲ ਵਿਹਲੜ ਸੀ। ਕਹਿ

ਦੁਨੀਆਂ ਦਾ ਅਨੋਖਾ ਯੂਰਪੀਅਨ ਦੇਸ਼ 'ਆਸਟਰੀਆ'

– ਹਰਦੀਪ ਸਿੰਘ ਮਾਨ

ਆਓ ਇਕ ਅਜਿਹੇ ਦੇਸ਼ ਦੀ ਕਲਪਨਾ ਕਰੀਏ ਜਿਸ ਵਿਚ ਧਰਮ-ਨਿਰਪੱਖਤਾ, ਇਨਸਾਨੀ-ਬਰਾਬਰੀ, ਕਾਨੂੰਨ ਦੀ ਪਾਲਣਾਂ, ਮਨੁੱਖੀ ਅਜ਼ਾਦੀ ਅਤੇ ਹਰ ਅਦਾਰੇ ਤੇ ਨਿਯੰਤਰਣ ਹੋਵੇ, ਜਿੱਥੇ ਸਰਕਾਰੀ ਜਾਂ ਗ਼ੈਰ-ਸਰਕਾਰੀ ਅਦਾਰੇ ਰੰਗ, ਨਸਲ, ਮਜ਼ਹਬ ਅਤੇ ਵੱਖਰੀ ਦਿੱਖ ਦੇ ਆਧਾਰ ਤੋਂ ਬਿਨਾਂ ਕੰਮ ਕਰਨ। ਜੇ ਦੂਜੇ ਸ਼ਬਦਾਂ ਵਿਚ ਕਹੀਏ, ਇਕ ਆਮ ਨਾਗਰਿਕ ਆਪਣੇ ਦੇਸ਼ ਜਾਂ ਸ਼ਹਿਰ ਤੋਂ ਸ਼ੁੱਧ ਹਵਾ-ਪਾਣੀ, ਸੁਰੱਖਿਅਤ-ਜੀਵਨ, ਰੋਜ਼ਗਾਰ, ਸਰਕਾਰੀ ਸਹੂਲਤਾਂ, ਬੁਨਿਆਦੀ ਹੱਕ, ਸ਼ਾਂਤੀ ਅਤੇ ਇਨਸਾਫ਼ ਦੀ ਉਮੀਦ ਰੱਖਦਾ ਹੈ। ਹੁਣ ਦੇਖਦੇ ਹਾਂ, ਕੀ ਇਹ ਸਾਰੀਆਂ ਖੂਬੀਆਂ ਆਸਟਰੀਆ ਦੇਸ਼ ਵਿਚ ਹਨ?

ਆਸਟਰੀਆ:

ਆਸਟਰੀਆ, ਸੰਸਾਰ ਦੇ ਨਕਸ਼ੇ ਉੱਪਰ ਇਕ ਛੋਟਾ ਜਿਹਾ ਦਿਸਣ ਵਾਲਾ ਦੇਸ਼ ਅੱਜ ਤੋਂ 92 ਸਾਲ ਪਹਿਲਾਂ ਬਹੁਤ ਵੱਡਾ ਹੁੰਦਾ ਸੀ। ਪੂਰੇ ਦੇ ਪੂਰੇ ਦੇਸ਼ ਚੈਕੋ, ਸਲਾਵਾਕੀਆ, ਹੰਗਰੀ, ਸਲਵੇਨੀਆ, ਲਿਖਤਨਸਟਾਈਨ ਅਤੇ ਕੁਝ ਇਲਾਕੇ ਰੁਮਾਨੀਆ, ਇਟਲੀ, ਪੋਲੈਂਡ ਅਤੇ ਯੂਕਰੇਨ ਦੇ ਆਸਟਰੀਆ ਵਿਚ ਸ਼ਾਮਲ ਸਨ। ਆਸਟਰੀਆ ਵਾਰੇ ਬਹੁਤੇ ਲੋਕਾਂ ਨੂੰ ਜਾਣਕਾਰੀ ਨਾ ਹੋਣ ਕਰਕੇ ਉਹ ਇਸ ਨੂੰ ਆਸਟਰੇਲੀਆ ਨਾਂਵ ਤੇ ਬਦਲ ਦਿੰਦੇ ਹਨ। ਆਸਟਰੀਆ ਦਾ ਖ਼ੇਤਰਫਲ 83,858 ਵਰਗ ਕਿਲੋਮੀਟਰ ਹੈ, ਭਾਵ ਭਾਰਤ ਦਾ ਇਕ ਰਾਜ 'ਅਰੁਣਾਚਲ ਪ੍ਰਦੇਸ਼' ਪੂਰੇ ਆਸਟਰੀਆ ਦੇ ਬਰਾਬਰ ਹੈ। ਆਸਟਰੀਆ ਦੇ 9 ਰਾਜ ਹਨ। 'ਵਿਆਨਾ' ਆਸਟਰੀਆ ਦੀ ਰਾਜਧਾਨੀ ਹੈ। ਆਸਟਰੀਆ ਦੇ ਅੱਠ ਗੁਆਢੀ ਦੇਸ਼ਾਂ ਦੇ ਨਾਮ ਜਰਮਨੀ, ਸਵਿਟਜ਼ਰਲੈਂਡ, ਲਿਖਤਨਸਟਾਈਨ, ਇਟਲੀ, ਸਲਵੇਨੀਆ, ਹੰਗਰੀ, ਸਲਾਵਾਕੀਆ ਅਤੇ ਚੈਕੋ ਹਨ। ਇਸ ਦੇਸ਼ ਦਾ ਕਾਨੂੰਨੀ ਕੋਈ ਧਰਮ ਨਹੀਂ। ਵੈਸੇ, ਆਸਟਰੀਆ ਵਿਚ 78% ਕੈਥੋਲਿਕ, 5% ਪ੍ਰੋਟੈਸਟੈਂਟ, 2% ਮੁਸਲਮ ਧਰਮ ਦੇ ਲੋਕ ਰਹਿੰਦੇ ਹਨ। ਇੱਥੋਂ ਦੀ ਬੋਲੀ ਨੂੰ ਅੰਗ੍ਰੇਜ਼ੀ ਵਿਚ 'ਜਰਮਨ' ਅਤੇ ਜਰਮਨ ਵਿਚ 'ਡੂਚ' ਕਹਿੰਦੇ ਹਨ, ਭਾਵ ਇਸ ਦੇਸ਼ ਨੂੰ ਅੰਗ੍ਰੇਜ਼ੀ ਵਿਚ 'ਆਸਟਰੀਆ' ਅਤੇ ਜਰਮਨ ਜਾਂ ਡੂਚ ਵਿਚ 'ਉਸਟਰਾਹੀਸ਼' ਕਹਿੰਦੇ ਹਨ, ਇਸੇ ਤਰ੍ਹਾਂ ਹੀ ਰਾਜਧਾਨੀ ਨੂੰ ਅੰਗ੍ਰੇਜ਼ੀ ਵਿਚ 'ਵਿਆਨਾ' ਅਤੇ ਜਰਮਨ ਜਾਂ ਡੂਚ ਵਿਚ 'ਵੀਨ' ਕਹਿੰਦੇ ਹਨ।

ਸਰਵੇਖਣਾਂ ਅਨੁਸਾਰ ਆਸਟਰੀਆ ਵਿਚ ਜ਼ਿਆਦਾਤਰ ਮਰਦ 75 ਸਾਲ ਅਤੇ ਔਰਤਾਂ 81 ਸਾਲ ਤੱਕ ਉਮਰ ਭੋਗਦੀਆਂ ਹਨ। ਆਸਟਰੀਆ ਵਿਚ ਸਿਰਫ਼ ਚਾਰ ਰਾਜਨੀਤਿਕ ਪਾਰਟੀਆਂ ਤਾਕਤ ਵਿਚ ਹਨ। ਆਸਟਰੀਅਨ ਨਾਗਰਿਕ ਨੂੰ ਆਮ ਤੌਰ ਤੇ 20% ਟੈਕਸ ਦੇਣਾਂ ਪੈਂਦਾ ਹੈ। ਆਸਟਰੀਆ ਦੀ ਤਰੱਕੀ ਦਾ ਰਾਜ ਇੱਥੇ ਵੱਡੀ ਗਿਣਤੀ ਵਿਚ ਸੈਲਾਨੀਆਂ ਦਾ ਆਉਣਾਂ ਹੈ। ਸਾਲ ਦੇ 1.5 ਮਿਲੀਅਨ ਸੈਲਾਨੀ ਇੱਕਲੇ ਵਿਆਨਾ ਨੂੰ ਦੇਖਣ

ਆਉਂਦੇ ਹਨ ਅਤੇ ਇਹ ਗਿਣਤੀ ਹਰ ਸਾਲ ਵੱਧ ਵੀ ਜਾਂਦੀ ਹੈ। ਆਸਟਰੀਆ ਵੀ ਦੇਸ਼ ਬਾਰੇ ਮਸ਼ਹੂਰੀ ਅਤੇ ਸੈਲਾਨੀਆਂ ਦੀ ਮੰਗਾਂ ਨੂੰ ਪੂਰੀਆਂ ਕਰਨ ਵਿਚ ਕੋਈ ਕਸਰ ਨਹੀਂ ਛੱਡਦਾ। ਇਸ ਦੇਸ਼ ਨੇ ਹਰ ਤਰ੍ਹਾਂ ਦੇ ਮਹਾਨ ਵਿਅਕਤੀ ਪੈਦਾ ਕੀਤੇ ਜਿਵੇਂ ਅਭਿਨੇਤਾ, ਖਿਡਾਰੀ, ਲੇਖਕ, ਸੰਗੀਤਕਾਰ ਵਗੈਰਾ ਵਗੈਰਾ, ਜਿਨ੍ਹਾਂ ਨੇ ਸੰਸਾਰ ਭਰ ਵਿਚ ਆਸਟਰੀਆ ਦਾ ਨਾਮ ਉੱਚਾ ਕੀਤਾ ਅਤੇ ਕਰ ਰਹੇ ਹਨ। ਮਸ਼ਹੂਰ ਅਭਿਨੇਤਾ 'ਆਰਨੋਲਡ ਸਵਾਰਚੇਨੀਗਰ', ਜਿਸ ਨੇ 'ਕਮਾਡੋ' ਅਤੇ 'ਦਾ ਟਰਮੀਨੇਟਰ' ਵਰਗੀਆਂ ਅੰਗ੍ਰੇਜ਼ੀ ਫਿਲਮਾਂ ਵਿਚ ਕੰਮ ਕੀਤਾ ਅਤੇ ਹੁਣ ਵੀ ਉਸ ਦੀਆਂ ਨਵੀਆਂ ਫਿਲਮਾਂ ਆ ਰਹੀਆਂ ਹਨ, ਉਸ ਦਾ ਜਨਮ ਆਸਟਰੀਆ ਦੇ ਇਕ ਸ਼ਹਿਰ 'ਗਰਾਸ' ਵਿਚ ਹੀ ਹੋਇਆ ਹੈ। ਆਸਟਰੀਆ ਦੇ ਇਕ ਸੰਸਾਰ ਪ੍ਰਸਿੱਧ ਖਿਡਾਰੀ ਦਾ ਨਾਮ 'ਹਰਮਨ ਮਾਅਰ' ਹੈ, ਜਿਸ ਨੇ ਸਰਦੀ-ਰੁੱਤ ਦੀਆਂ ਖੇਡਾਂ ਵਿਚ ਆਸਟਰੀਆ ਲਈ ਕਈ ਸੋਨੇ ਦੇ ਤਮਗੇ ਜਿੱਤੇ। ਜਿਸ ਤਰ੍ਹਾਂ ਆਰਨੋਲਡ ਨੂੰ ਲੋਕੀਂ ਪਿਆਰ ਨਾਲ 'ਟਰਮੀਨੇਟਰ' ਕਹਿੰਦੇ ਹਨ, ਉਸੇ ਤਰ੍ਹਾਂ ਹਰਮਨ ਨੂੰ 'ਹਰਮੀਨੇਟਰ' ਕਹਿੰਦੇ ਹਨ।

ਆਬਾਦੀ ਘੱਟ ਹੋਣ ਕਰਕੇ ਹਰ ਆਸਟਰੀਅਨ ਨਾਗਰਿਕਤਾ ਪ੍ਰਾਪਤ ਮਰਦ ਨੂੰ 18 ਤੋਂ 35 ਸਾਲ ਦੀ ਉਮਰ ਦੇ ਵਿਚ 8 ਮਹੀਨੇ ਫ਼ੌਜ ਦੀ ਸਿਖਲਾਈ ਲਈ ਜਾਣਾਂ ਪੈਂਦਾ ਹੈ, ਤਾਂਕਿ ਲੜਾਈ ਲੱਗਣ ਤੇ ਸਾਰੇ ਮਰਦ ਆਪਣੇ ਕੰਮ-ਕਾਰ ਛੱਡ ਕੇ ਦੇਸ਼ ਲਈ ਲੜ੍ਹਨ ਲਈ ਪਹਿਲਾਂ ਤੋਂ ਹੀ ਤਿਆਰ ਰਹਿਣ। ਔਰਤਾਂ ਫ਼ੌਜੀ ਸਿਖਲਾਈ ਜਾਂ ਫ਼ੌਜ ਵਿਚ ਭਰਤੀ ਹੋਣ ਲਈ ਸਵੈ-ਇਛੁਕ ਜਾ ਸਕਦੀਆਂ ਹਨ, ਪਰ ਸਰੀਰਕ ਅਤੇ ਮਾਨਸਿਕ ਤੌਰ ਤੇ ਸੰਪੂਰਨ ਮਰਦਾਂ ਨੂੰ ਕਾਨੂੰਨੀ ਜਾਣਾਂ ਪੈਂਦਾ ਹੈ। ਫ਼ੌਜੀ ਸਿਖਲਾਈ ਦੌਰਾਨ ਸਰਕਾਰੀ ਬਿੱਲ ਮਾਫ਼ ਕਰ ਦਿੱਤੇ ਜਾਂਦੇ ਹਨ ਅਤੇ ਫ਼ੌਜੀ ਦੇ ਖਰਚਿਆਂ ਅਨੁਸਾਰ ਮਾਲੀ ਮਦਦ ਵੀ ਦਿੱਤੀ ਜਾਂਦੀ ਹੈ। ਆਸਟਰੀਆ ਵਿਚ 6 ਤੋਂ 15 ਸਾਲ ਦੀ ਉਮਰ ਦੇ ਬੱਚਿਆਂ ਦਾ ਸਕੂਲੇ ਜਾਣਾਂ ਜ਼ਰੂਰੀ ਹੈ। ਇੱਥੇ ਸਰਕਾਰੀ ਸਕੂਲਾਂ ਦੀ ਪੜ੍ਹਾਈ ਮੁਫ਼ਤ ਹੈ, ਸਿਰਫ਼ ਕਿਤਾਬਾਂ ਦੀ 10% ਕੀਮਤ ਦੇਣੀ ਪੈਂਦੀ ਹੈ, ਪਰ ਉਨੀ ਕੁ ਸਰਕਾਰ ਵਲੋਂ ਵੀ ਮਾਲੀ ਮਦਦ ਮਿਲ ਜਾਂਦੀ ਹੈ। ਯੂਨੀਵਰਸਿਟੀ ਵਿਚ ਪੜ੍ਹਨਾਂ ਵੀ ਇਸੇ ਤਰ੍ਹਾਂ ਹੀ ਹੈ, ਸਰਕਾਰ ਪੜ੍ਹਾਈ ਦਾ ਖ਼ਰਚਾ ਇਕ ਹੱਥ ਦੇ ਕੇ ਦੂਜੇ ਹੱਥ ਲੈ ਲੈਂਦੀ ਹੈ। ਵਿਦਿਆਰਥੀਆਂ ਨੂੰ ਹੋਰ ਬਹੁਤ ਸਾਰੀਆਂ ਸਹੂਲਤਾਂ ਮਿਲਦੀਆਂ ਹਨ, ਜਿਵੇਂ ਜਨਤਕ ਗੱਡੀਆਂ ਦੇ ਪਾਸ ਵਿਚ ਛੋਟ।

ਆਸਟਰੀਆ ਵਿਚ ਪਿਛਲੇ ਕੁਝ ਸਾਲਾਂ ਤੋਂ ਬਹੁਤ ਘੱਟ ਬੱਚੇ ਪੈਦਾ ਕੀਤੇ ਜਾ ਰਹੇ ਹਨ, ਸਾਲ 2001 ਵਿਚ ਪਿਛਲੇ ਸਾਲ ਨਾਲੋਂ 3000 ਬੱਚੇ ਘੱਟ ਪੈਦਾ ਹੋਏ, ਇਸ ਲਈ ਸਰਕਾਰ ਦੇਸ਼ ਦੇ ਭਵਿੱਖ ਲਈ ਬਹੁਤ ਚਿੰਤਕ ਹੈ। ਕਿਉਂਕਿ ਜੇ ਦੇਸ਼ ਦੀ ਆਬਾਦੀ ਵਿਚ ਵਾਧਾ ਨਹੀਂ ਹੁੰਦਾ ਜਾਂ ਬਹੁਤ ਹੌਲੀ ਹੁੰਦਾ ਹੈ ਤਾਂ ਪੈਨਸ਼ਨਾਂ ਕੌਣ ਭਰੇਗਾ? ਚਿੰਤਕਾਂ ਨੂੰ ਡਰ ਹੈ ਕਿ ਜੇ ਆਬਾਦੀ ਵਿਚ ਵਾਧਾ ਨਹੀਂ ਹੋਇਆ ਤਾਂ ਸਾਲ 2035 ਵਿਚ ਪੈਨਸ਼ਨਾਂ ਦੇਣੀਆਂ ਅਸੰਭਵ ਹ�ो ਜਾਣਗੀਆਂ। ਇਸੇ ਕਰਕੇ ਵੱਧ ਤੋਂ ਵੱਧ ਬੱਚੇ ਪੈਦਾ ਕਰਨ ਦਾ ਲਾਲਚ ਦਿੱਤਾ ਜਾ ਰਿਹਾ ਹੈ, ਜਿਵੇਂ ਸਰਕਾਰ ਵਲੋਂ ਬੱਚਿਆਂ ਦੇ ਪਾਲਣ-ਪੋਸ਼ਣ ਲਈ ਮਾਲੀ ਮਦਦ ਦੇਣੀ, ਮਾਂ ਕੋਲੋਂ ਬੱਚੇ ਦੇ ਬਾਪ ਦਾ ਨਾਮ ਨਾ ਪੁੱਛਣਾਂ। ਹੋਰ ਵਿਕਸਿਤ ਦੇਸ਼ ਵਾਂਗ ਇੱਥੇ ਵੀ ਬੱਚਿਆਂ ਨੂੰ ਮਾਰਨਾ-ਕੁੱਟਣਾਂ ਕਾਨੂੰਨੀ ਜ਼ੁਲਮ ਹੈ। ਸਕੂਲਾਂ ਵਿਚ ਸਮੇਂ ਸਮੇਂ ਤੇ ਬੱਚਿਆਂ ਦੀ ਸਰੀਰਕ ਅਤੇ ਮਾਨਸਿਕ ਜਾਂਚ ਕੀਤੀ ਜਾਂਦੀ ਹੈ। ਮਾਂ-ਬਾਪ ਨੂੰ ਵੀ ਬੱਚੇ ਦੇ ਪਾਲਣ-ਪੋਸ਼ਣ ਲਈ ਸਰਕਾਰ ਵਲੋਂ ਵੀ ਮਾਲੀ ਮਦਦ ਦੇ ਨਾਲ ਨਾਲ ਸਖ਼ਤ ਹਦਾਇਤਾਂ ਵੀ ਦਿੱਤੀਆਂ ਜਾਂਦੀਆਂ ਹਨ। ਰਾਤਾਂ ਨੂੰ ਛੋਟੀ ਉਮਰ ਦੇ ਬੱਚਿਆਂ ਨੂੰ ਨਾਲ ਲੈ ਕੇ ਘੁੰਮਣਾਂ ਮਨ੍ਹਾਂ ਹੈ। ਹੋਰ ਜੋ ਸਭ ਕੁਝ ਬਾਕੀ ਵਿਕਸਿਤ ਦੇਸ਼ਾਂ ਵਿਚ ਹੁੰਦਾ ਹੈ, ਉਹ ਇੱਥੇ ਵੀ ਹੁੰਦਾ ਹੈ। ਇੱਥੇ ਵੀ ਜਵਾਨ ਮੁੰਡੇ-ਕੁੜੀਆਂ ਨੂੰ ਹੱਦੋਂ ਵੱਧ ਆਜ਼ਾਦੀ ਹੈ। ਸੜਕਾਂ ਤੇ ਨੰਗੇਜ਼ਵਾਦ ਅਤੇ ਮੁੰਡੇ-ਕੁੜੀਆਂ ਦੀਆਂ ਅਸ਼ਲੀਲ ਹਰਕਤਾਂ ਆਮ ਦੇਖਣ 'ਚ ਆਉਂਦੀਆਂ ਹਨ। ਕੁੜੀਆਂ 22 ਸਾਲਾਂ ਦੀਆਂ ਹੋ ਕੇ ਪਰਿਵਾਰ ਨਾਲੋਂ ਵੱਖ ਹੋ ਕੇ ਰਹਿਣ ਲੱਗ ਪੈਂਦੀਆਂ ਹਨ ਅਤੇ ਮੁੰਡੇ 24 ਸਾਲ ਦੇ। ਵਿਆਨਾ ਵਿਚ 44.5% ਲੋਕ ਇੱਕਲੇ ਰਹਿ ਰਹੇ ਹਨ। ਇੱਥੇ ਵੀ ਬੰਦੇ ਬੰਦਿਆਂ ਨਾਲ ਵਿਆਹ ਕਰਵਾਈ ਜਾ ਰਹੇ ਹਨ ਅਤੇ ਔਰਤਾਂ ਔਰਤਾਂ ਨਾਲ। ਅਣ-ਵਿਆਹੇ ਇੱਕਠਿਆਂ ਰਹਿਣ ਦਾ ਰੁਝਾਨ ਵੱਧ ਰਿਹਾ ਹੈ। ਆਸਟਰੀਆ ਵਿਚ ਸਾਲ 2001 ਪੈਦਾ ਹੋਏ ਹਰ ਤੀਜੇ ਬੱਚੇ ਦੇ ਮਾਂ-ਬਾਪ ਅਣ-ਵਿਆਹੇ ਹਨ।

ਆਬਾਦੀ: ਇਸ ਦੇਸ਼ ਦੀ ਜਨਸੰਖਿਆ ਸਾਲ 2001 ਦੇ ਸਰਕਾਰੀ ਅੰਕੜਿਆਂ ਅਨੁਸਾਰ 80,65,465 ਸੀ। ਹੈਰਾਨੀ ਦੀ ਗੱਲ ਹੈ ਕਿ ਇਸ ਦੇ ਸਾਰੇ ਹੀ ਰਾਜਾਂ ਵਿਚ ਔਰਤਾਂ ਦੀ ਗਿਣਤੀ ਜ਼ਿਆਦਾ ਹੈ। ਇਕੱਲੇ ਵਿਆਨਾ ਸ਼ਹਿਰ ਵਿਚ ਮਰਦਾਂ ਨਾਲੋਂ 86,000 ਜ਼ਿਆਦਾ ਔਰਤਾਂ ਰਹਿ ਰਹੀਆਂ ਹਨ, ਕੁਝ ਲੋਕਾਂ ਲਈ ਸ਼ਾਇਦ ਇਹ ਸਵਰਗ ਦੀ ਕਲਪਨਾ ਹੋਵੇਗੀ। ਮਰਦਾਂ ਅਤੇ ਔਰਤਾਂ ਦਾ ਵੱਡੀ ਗਿਣਤੀ ਵਿਚ ਇਹ ਅੰਤਰ ਸੰਸਾਰ ਯੁੱਧਾਂ ਵਿਚ ਬਹੁਤੇ ਮਰਦਾਂ ਦਾ ਮਾਰੇ ਜਾਣਾ ਅਤੇ ਵਿਕਸਿਤ ਸਮਾਜ ਵਿਚ ਧੀ-ਪੁੱਤਰ ਨੂੰ ਇਕ ਬਰਾਬਰ ਸਮਝਣਾਂ ਹੈ। ਪਿਛਲੇ ਦਸ ਸਾਲਾਂ ਵਿਚ ਆਸਟਰੀਆ ਦੀ ਆਬਾਦੀ 3.5% ਵਧੀ ਹੈ। ਸਾਰੇ ਆਸਟਰੀਆ ਵਿਚ 9.3% ਲੋਕਾਂ ਕੋਲ ਆਸਟਰੀਅਨ ਨਾਗਰਿਕਤਾ ਨਹੀਂ ਹੈ, ਜੋ ਕਿ ਯੂਰਪੀਅਨ ਯੂਨੀਅਨ ਦੇਸ਼ਾਂ ਨਾਲੋਂ ਸਭ ਤੋਂ ਵੱਧ ਹੈ। ਪ੍ਰਵਾਸੀਆਂ ਵਿਚ ਜ਼ਿਆਦਾ ਯੂਗੋ, ਸਲਾਵੀਅਨ, ਟੁਰਕੀ ਅਤੇ ਪੋਲੈਂਡੀਅਨ ਹਨ।

ਅਖ਼ਬਾਰਾਂ ਵੇਚਣ ਦੇ ਕੰਮ ਲਈ ਵਿਸ਼ੇਸ਼ ਵੀਜ਼ੇ ਖੁਲ੍ਹਣ ਕਰਕੇ ਸਾਲ 1980 ਵਿਚ ਭਾਰਤੀਆ ਨੇ ਆਸਟਰੀਆ ਆਉਣਾਂ ਸ਼ੁਰੂ ਕੀਤਾ। ਆਸਟਰੀਆ ਵਿਚ ਸਾਲ 2001 ਵਿਚ 5127 ਭਾਰਤੀ ਨਾਗਰਿਕਤਾ ਵਾਲੇ ਦਰਜ ਸਨ। ਪਿਛਲੇ ਸਾਲ 91 ਭਾਰਤੀ ਬੱਚਿਆਂ ਨੇ ਆਸਟਰੀਆ ਵਿਚ ਜਨਮ ਲਿਆ। 678 ਭਾਰਤੀਆਂ ਨੇ ਸਾਲ 2001 ਵਿਚ ਆਸਟਰੀਅਨ ਪਾਸਪੋਰਟ ਲਏ, ਜਿਨ੍ਹਾਂ ਵਿਚੋਂ ਜ਼ਿਆਦਾਤਰ ਔਰਤਾਂ ਅਤੇ ਬੱਚੇ ਸਨ। ਸਰਕਾਰੀ ਅੰਕੜਿਆਂ ਤੋਂ ਪਤਾ ਲੱਗਦਾ ਹੈ ਕਿ ਆਸਟਰੀਆ ਦੇ ਸਾਰੇ ਰਾਜਾਂ ਵਿਚ ਆਪਣੇ ਭਾਰਤੀ ਹਨ, ਪਰ ਵੱਡੀ ਗਿਣਤੀ, ਸਾਲ 2001 ਵਿਚ 3756 ਭਾਰਤੀ ਨਾਗਰਿਕਤਾ ਵਾਲੇ, ਵਿਆਨਾ ਵਿਚ ਹੀ ਹੈ। ਜੇ ਸਾਰੇ ਆਸਟਰੀਆ ਵਿਚ ਸਾਲ 1979 ਤੋਂ ਲੈ ਕੇ ਸਾਲ 2001 ਤੱਕ ਭਾਰਤੀ ਪਾਸਪੋਰਟਾਂ ਨੂੰ ਦੇ ਕੇ ਆਸਟਰੀਅਨ ਪਾਸਪੋਰਟ ਲੈਣ ਵਾਲਿਆਂ ਦੀ ਗਿਣਤੀ ਦਾ ਕੁਲ ਜੋੜ ਲਾਈਏ ਤਾਂ ਇਹ 5670 ਬਣਦੀ ਹੈ। ਜ਼ਿਆਦਾਤਰ ਪੰਜਾਬ ਅਤੇ ਕੇਰਲਾ ਤੋਂ ਭਾਰਤੀ ਆਸਟਰੀਆ ਵਿਚ ਹਨ। ਦੇਖਣ ਵਿਚ ਆਇਆ ਹੈ ਕਿ ਇੱਥੇ ਹੋਰ ਦੇਸ਼ਾਂ ਦੇ ਨਾਗਰਿਕਾਂ ਨਾਲੋਂ ਭਾਰਤੀਆਂ ਨੂੰ ਵੀਜ਼ੇ ਅਤੇ ਆਸਟਰੀਅਨ ਪਾਸਪੋਰਟ ਸੌਖੇ ਅਤੇ ਛੇਤੀ ਮਿਲ ਜਾਂਦੇ ਹਨ। ਸ਼ਾਇਦ ਇਨ੍ਹਾਂ ਨੂੰ ਭਾਰਤੀਆਂ ਦੇ ਮਿਹਨਤੀ, ਅਮਨਪਸੰਦ ਅਤੇ ਖੁਲ੍ਹੇ ਸੁਭਾਅ ਵਾਰੇ ਪਤਾ ਹੈ। ਸਾਲ 2001 ਵਿਚ 429 ਭਾਰਤੀ ਆਸਟਰੀਆ ਛੱਡ ਕੇ ਚਲੇ ਗਏ। ਸਰਕਾਰੀ ਅੰਕੜਿਆਂ ਅਨੁਸਾਰ ਸਾਲ 1978 ਵਿਚ ਪਹਿਲੀ ਬਾਰ 8 ਭਾਰਤੀਆਂ ਨੇ ਆਸਟਰੀਅਨ ਸਿਆਸੀ-ਪਨਾਹ ਲਈ ਸੀ, ਪਰ ਸਾਲ 2000 ਵਿਚ ਇਹ ਵਧ ਕੇ 2441 ਹੋ ਗਈ। ਸਾਲ 2001 ਵਿਚ 1804 ਭਾਰਤੀ ਸਿਆਸੀ ਪਨਾਹਗੀਰ ਸਨ। ਸਭ ਤੋਂ ਵੱਧ ਇੱਥੇ ਅਫ਼ਗਾਨਿਸਤਾਨ ਅਤੇ ਇਰਾਨ ਤੋਂ ਲੋਕ ਸਿਆਸੀ ਪਨਾਹ ਲਈ ਆਉਂਦੇ ਹਨ।

ਵਿਆਨਾ: ਕਿਉਂਕਿ ਹਰ ਦੇਸ਼ ਦੀ ਰਾਜਧਾਨੀ ਉਸ ਦੇਸ਼ ਦਾ ਕੇਂਦਰੀ ਧੁਰਾ ਹੁੰਦਾ ਹੈ, ਇਸ ਕਰਕੇ 'ਵਿਆਨਾ' ਬਾਰੇ ਵਿਸਥਾਰਪੂਰਕ ਦੱਸਦੇ ਹਾਂ। ਵਿਆਨਾ ਵਿਚ ਰੋਜ਼ਗਾਰ ਦੇ ਸਾਧਨ ਜ਼ਿਆਦਾ ਹੋਣ ਕਰਕੇ ਇੱਥੇ ਸੰਸਾਰ ਦੇ ਸਾਰੇ ਦੇਸ਼ਾਂ ਦੇ ਲੋਕ ਰਹਿੰਦੇ ਹਨ। ਸਾਲ 2001 ਵਿਚ ਸਿਰਫ਼ 6.1% ਨਾਗਰਿਕ ਆਸਟਰੀਆ ਵਿਚ ਬੇਰੁਜ਼ਗਾਰ ਸਨ। ਭਾਵੇਂ ਵਿਆਨਾ ਆਸਟਰੀਆ ਦੇ ਬਾਕੀ ਰਾਜਾਂ ਨਾਲੋਂ ਸਭ ਤੋਂ ਛੋਟਾ ਹੈ, ਪਰ ਰਾਜਧਾਨੀ ਹੋਣ ਕਰਕੇ ਇਸ ਦੀ ਆਬਾਦੀ (15,62,482) ਬਾਕੀ ਰਾਜਾਂ ਨਾਲੋਂ ਜ਼ਿਆਦਾ ਹੈ, ਇਸੇ ਕਰਕੇ ਹੀ ਸਾਰੇ ਰਾਜਾਂ ਨਾਲੋਂ ਵੱਧ ਵਿਆਨਾ ਦੇ 17.7% ਲੋਕਾਂ ਕੋਲ ਆਸਟਰੀਅਨ ਨਾਗਰਿਕਤਾ ਨਹੀਂ ਹੈ।

ਵਿਆਨਾ ਵਿਚ ਜਗ੍ਹਾ ਥੋੜ੍ਹੀ ਅਤੇ ਆਬਾਦੀ ਜ਼ਿਆਦਾ ਹੋਣ ਕਰਕੇ ਜ਼ਿਆਦਾਤਰ ਲੋਕ ਫਲੈਟਾਂ (ਬਿਲਡਿੰਗਾਂ) ਵਿਚ ਰਹਿੰਦੇ ਹਨ, ਸਿਰਫ਼ 8.1% ਲੋਕ ਆਪਣੇ ਘਰਾਂ (ਹਾਊਸ) ਵਿਚ ਰਹਿੰਦੇ ਹਨ। ਵਿਆਨਾ ਦੇ ਫਲੈਟਾਂ ਦੀ ਕੀਮਤ ਲਗਪਗ ਇੰਗਲੈਂਡ ਦੇ ਘਰਾਂ ਜਿੰਨੀ ਹੈ। ਆਸਟਰੀਆ ਵਿਚ ਕੰਮ ਕਰਨ ਵਾਲਿਆਂ ਨੂੰ ਸਾਲ ਦੀਆਂ ਚੌਦਾਂ ਤਨਖ਼ਾਹਾਂ ਮਿਲਦੀਆਂ ਹਨ ਅਤੇ ਸਾਲ ਦੀਆਂ 15 ਸਰਕਾਰੀ ਛੁੱਟੀਆਂ ਹੁੰਦੀਆਂ ਹਨ। ਵਧੇਰੇ ਸਰਕਾਰੀ ਛੁੱਟੀਆਂ ਦੀ ਗਿਣਤੀ ਵਿਚ ਵੀ ਆਸਟਰੀਆ ਮੋਹਰੀ ਦੇਸ਼ਾਂ ਵਿਚ ਆਉਂਦਾ ਹੈ। ਇਸ ਤੋਂ ਇਲਾਵਾ ਕਾਮਾਂ ਤਨਖ਼ਾਹ ਤੇ ਸਾਲ ਵਿਚ ਪੰਜ ਹਫ਼ਤੇ ਦੀਆਂ ਛੁੱਟੀਆਂ ਲੈ ਸਕਦਾ ਹੈ। ਵਿਆਨਾ ਦੀ ਸਫ਼ਾਈ ਦੀ ਗੱਲ ਕਰੀਏ ਤਾਂ ਇੱਥੇ ਹਰ ਤਰ੍ਹਾਂ ਦੇ ਕੂੜੇ ਲਈ ਵੱਖਰਾ ਕੂੜੇਦਾਨ ਹੈ। ਜ਼ਿਆਦਾਤਰ ਬਹੁ-ਮੰਜ਼ਿਲੀ ਇਮਾਰਤਾਂ ਵਿਚ ਦੋ ਤਰ੍ਹਾਂ ਦੇ ਕੂੜੇਦਾਨ ਹੁੰਦੇ ਹਨ।

ਇਕ ਵਿਚ ਕਾਗਜ਼ ਅਤੇ ਦੂਸਰੇ ਵਿਚ ਸਭ ਕੁਝ ਸੁੱਟ ਸਕਦੇ ਹੋ। ਬਿਲਡਿੰਗਾਂ ਤੋਂ ਕੁਝ ਦੂਰੀ ਤੇ ਛੇ ਤਰ੍ਹਾਂ ਦੇ ਕੂੜੇਦਾਨ ਰੱਖੇ ਹੁੰਦੇ ਹਨ, ਜਿਨ੍ਹਾਂ ਵਿਚ ਪਲਾਸਟਿਕ, ਫੁੱਲ-ਬੂਟੇ, ਰੰਗੀਨ ਕੱਚ, ਚਿੱਟਾ ਕੱਚ, ਲੋਹਾ ਅਤੇ ਕੱਪੜੇ ਸੁੱਟੇ ਜਾਂਦੇ ਹਨ।

ਕੌਮੀ ਪੱਤ੍ਰਿਕਾ

ਕਥਾ ਪ੍ਰਵਾਹ

ਤਿੰਨ ਬਹਾਦਰ ਯੋਧੇ

–ਬਲਦੇਵ ਸਿੰਘ ਸਿੱਧੂ

ਜੇ ਅਸੀਂ ਵਿਸ਼ਵ ਦੇ ਇਤਿਹਾਸ ਦੇ ਪੰਨੇ ਵੇਖੀਏ-ਪੜ੍ਹੀਏ ਤਾਂ ਹਰੇਕ ਦੇਸ਼ ਅਤੇ ਕੌਮ ਦਾ ਇਤਿਹਾਸ ਵੀਰਾਂ-ਬਹਾਦਰਾਂ ਦੀਆਂ ਕਹਾਣੀਆਂ ਨਾਲ ਭਰਿਆ ਹੋਇਆ ਹੈ। ਹਰ ਕਾਲ ਤੇ ਯੁੱਗ ਵਿੱਚ ਅਜਿਹੇ ਸੂਰਮੇ ਹੋਏ ਹਨ ਜਿਨ੍ਹਾਂ ਨੇ ਆਪਣੇ ਸਾਹਸ ਭਰੇ ਕਾਰਨਾਮਿਆਂ ਨਾਲ ਲੋਕਾਂ 'ਚ ਉਤਸ਼ਾਹ ਪੈਦਾ ਕਰ ਕੇ ਉਨ੍ਹਾਂ ਨੂੰ ਪ੍ਰੇਰਨਾ ਦਿੱਤੀ। ਇਹ ਕਹਾਣ

ਸੰਪਾਦਕੀ

ਕੈਦੀਆਂ ਦੀ ਜ਼ਮਾਨਤ ਦੇ ਬਾਵਜੂਦ ਰਿਹਾਈ ਨਹੀਂ

ਇਹ ਚਿੰਤਾ ਦੀ ਗੱਲ ਹੈ ਕਿ ਅਣਗਿਣਤ ਕੈਦੀਆਂ ਦੀ ਜ਼ਮਾਨਤ ਮਨਜ਼ੂਰ ਹੋਣ ਦੇ ਬਾਵਜੂਦ ਉਹ ਜੇਲ੍ਹਾਂ 'ਚੋਂ ਬਾਹਰ ਨਹੀਂ ਆ ਸਕੇ। ਇਸੇ ਕਰ ਕੇ ਜੇਲ੍ਹਾਂ ਕੈਦੀਆਂ ਨਾਲ ਭਰੀਆਂ ਪਈਆਂ ਹਨ ਅਤੇ ਇਨ੍ਹਾਂ 'ਚੋਂ ਬਹੁਤੇ ਕੈਦੀ ਗ਼ਰੀਬ ਤੇ ਮਹਿਰੂਮ ਤਬਕਿਆਂ ਨਾਲ ਸਬੰਧਿਤ ਹਨ। ਇੱਕ ਅਨੁਮਾਨ ਮੁਤਾਬਿਕ ਕਰੀਬ 5 ਹਜ਼ਾਰ ਕੈਦੀ ਹਨ ਜਿਨ੍ਹਾਂ ਦੀ ਜ਼ਮਾਨਤ ਮਨਜ਼ੂਰ ਹੋ ਚੁੱਕੀ ਹੈ ਪਰ ਉਹ ਬਾਹਰ ਨਹੀਂ ਆ ਸਕੇ। ਪਿਛਲੇ ਸਾਲ ਸੁਪਰੀਮ ਕੋਰਟ ਨੇ ਕੁਝ ਸੇਧਾਂ ਜਾਰੀ ਕਰਦੇ ਹੋਏ ਅਦਾਲਤਾਂ ਨੂੰ ਮੁਚੱਲਕੇ ਅਤੇ ਜ਼ਾਮਨੀਆਂ ਭਰਨ ਦੀਆਂ ਸ਼ਰਤਾਂ ਸੋਧਣ ਲਈ ਕਿਹਾ ਸੀ। ਅਜਿਹੇ ਕੈਦੀਆਂ ਦੀਆਂ ਸਮਾਜਿਕ ਆਰਥਿਕ ਹਾਲਤਾਂ ਬਾਰੇ ਰਿਪੋਰਟ ਤਿਆਰ ਕੀਤੇ ਜਾਣ ਤੋਂ ਸੰਕੇਤ ਮਿਲਿਆ ਸੀ ਕਿ ਇਸ ਨਾਲ ਸ਼ਰਤਾਂ ਵਿੱਚ ਨਰਮਾਈ ਹੋ ਸਕੇਗੀ। ਸੁਪਰੀਮ ਕੋਰਟ ਨੇ ਜੱਜਾਂ ਨੂੰ ਫਿਰ ਆਖਿਆ ਹੈ ਕਿ ਉਹ ਜ਼ਿੰਦਗੀ ਦੀਆਂ ਕਠੋਰ ਹਕੀਕਤਾਂ ਤੋਂ ਅੱਖਾਂ ਨਾ ਮੀਟਣ। ਜ਼ਮਾਨਤ ਦੇਣ ਲਈ ਇਸ ਦਾ ਮਤ ਇਸ ਤੋਂ ਵੱਧ ਸਪੱਸ਼ਟ ਨਹੀਂ ਹੋ ਸਕਦਾ ਅਤੇ ਇਸ ਕਰ ਕੇ ਵਧੇਰੇ ਮਾਨਵੀ ਪਹੁੰਚ ਨੂੰ ਸੰਸਥਾਈ ਰੂਪ ਦੇਣ ਦੀ ਲੋੜ ਹੈ।

ਸੁਪਰੀਮ ਕੋਰਟ ਨੇ ਹਾਲੀਆ ਕਈ ਫ਼ੈਸਲਿਆਂ ਵਿੱਚ ਜ਼ੋਰਦਾਰ ਢੰਗ ਨਾਲ ਦੁਹਰਾਇਆ ਹੈ ਕਿ ਜ਼ਮਾਨਤ ਇੱਕ ਨੇਮ ਹੈ ਤੇ ਜ਼ਮਾਨਤ ਤੋਂ ਨਾਂਹ ਇੱਕ ਅਪਵਾਦ ਹੈ। ਸਿਖ਼ਰਲੀ ਅਦਾਲਤ ਨੇ ਸਪੱਸ਼ਟ ਕਿਹਾ ਹੈ ਕਿ ਮਾਮਲਾ ਜੇਕਰ ਵਿਅਕਤੀਗਤ ਆਜ਼ਾਦੀ ਦਾ ਹੈ ਤਾਂ ਜ਼ਮਾਨਤ ਮਿਲਣੀ ਚਾਹੀਦੀ ਹੈ, ਫੇਰ ਭਾਵੇਂ ਅਪਰਾਧ ਗ਼ੈਰ-ਕਾਨੂੰਨੀ ਗਤੀਵਿਧੀਆਂ ਰੋਕਥਾਮ ਕਾਨੂੰਨ (ਯੂਏਪੀਏ) ਤਹਿਤ ਹੀ ਕਿਉਂ ਨਾ ਆਉਂਦਾ ਹੋਵੇ। ਗ਼ੌਰਤਲਬ ਹੈ ਕਿ ਦਹਿਸ਼ਤੀ ਕਾਰਵਾਈਆਂ ਲਈ ਸਜ਼ਾ ਦੇਣ ਵਾਸਤੇ ਬਣੇ ਇਸ ਕਾਨੂੰਨ ਨੂੰ ਅਕਸਰ ਕਠੋਰ ਦੱਸ ਕੇ ਨਿੰਦਿਆ ਜਾਂਦਾ ਹੈ। ਤੇਜ਼ੀ ਨਾਲ ਸੁਣਵਾਈ ਤੇ ਆਜ਼ਾਦੀ ਨੂੰ ਪਵਿੱਤਰ ਹੱਕ ਦੱਸਦਿਆਂ ਸੁਪਰੀਮ ਕੋਰਟ ਨੇ ਇਹ ਕਹਿਣ ਤੋਂ ਵੀ ਗੁਰੇਜ਼ ਨਹੀਂ ਕੀਤਾ ਕਿ ਜ਼ਮਾਨਤ ਦੇਣ ਦੇ ਮਾਮਲਿਆਂ ਵਿੱਚ ਹੇਠਲੀਆਂ ਅਦਾਲਤਾਂ ਤੇ ਹਾਈਕੋਰਟ ਜੋਖ਼ਮ ਚੁੱਕਣ ਤੋਂ ਬਚਦੇ ਹਨ।

ਨਿਆਂਇਕ ਢਾਂਚਾ ਹਰ ਪੱਧਰ 'ਤੇ ਲਗਾਤਾਰ ਦੇਰੀ ਦਾ ਸ਼ਿਕਾਰ ਹੁੰਦਾ ਰਿਹਾ ਹੈ। ਜੇ 'ਤਰੀਕ ਦਰ ਤਰੀਕ' ਇੱਕ ਪੁਰਾਣੀ ਖਾਮੀ ਹੈ ਤਾਂ ਜ਼ਮਾਨਤ ਮਨਜ਼ੂਰ ਹੋਣ ਤੋਂ ਬਾਅਦ ਵੀ ਵਿਅਕਤੀ ਦਾ ਜੇਲ੍ਹ 'ਚ ਬੰਦ ਰਹਿਣਾ ਤੰਤਰ ਦੀ ਇੱਕ ਖਾਮੀ ਹੀ ਹੈ। ਜਾਗਰੂਕਤਾ ਦੀ ਘਾਟ ਤੇ ਕਾਨੂੰਨੀ ਸਾਖ਼ਰਤਾ ਦੀ ਕਮੀ ਇਸ ਮੁਸ਼ਕਿਲ ਵਿੱਚ ਹੋਰ ਵਾਧਾ ਕਰਦੀਆਂ ਹਨ।

ਭ੍ਰਿਸ਼ਟਾਚਾਰ ਵਿਰੋਧੀ ਦਾਅਵੇ ਦੀ ਹਕੀਕਤ

ਕੋਈ ਸਮਾਂ ਸੀ ਜਦੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ "ਨਾ ਖਾਊਂਗਾ, ਨਾ ਖਾਨੇ ਦੂੰਗਾ" ਵਾਲਾ ਨਾਅਰਾ ਸਿਆਸੀ ਨਿਜ਼ਾਮ ਦੀਆਂ ਰਗਾਂ ਵਿੱਚ ਸਮਾਅ ਚੁੱਕੇ ਭ੍ਰਿਸ਼ਟਾਚਾਰ ਖ਼ਿਲਾਫ਼ ਲਾਮਬੰਦੀ ਦਾ ਪ੍ਰਤੀਕ ਬਣ ਗਿਆ ਸੀ। ਇਸ ਦਾ ਲਾਹਾ ਲੈ ਕੇ ਉਹ ਰਾਜਸੀ ਸੱਤਾ 'ਤੇ ਪਹੁੰਚਣ ਵਿੱਚ ਕਾਮਯਾਬ ਹੋ ਗਏ ਸਨ ਅਤੇ ਉਨ੍ਹਾਂ ਨੂੰ ਭ੍ਰਿਸ਼ਟਾਚਾਰ ਖ਼ਿਲਾਫ਼ ਜਹਾਦ ਦੇ ਨਾਇਕ ਦੇ ਤੌਰ 'ਤੇ ਉਭਾਰਿਆ ਗਿਆ ਸੀ ਪਰ ਪਿਛਲੇ ਕੁਝ ਸਮੇਂ ਵਿੱਚ ਛਤਰਪਤੀ ਸ਼ਿਵਾਜੀ ਮਹਾਰਾਜ ਦੀ ਮੂਰਤੀ ਡਿੱਗਣ ਅਤੇ ਨਵੀਂ ਦਿੱਲੀ ਵਿੱਚ ਨਵੇਂ ਸੰਸਦ ਭਵਨ ਦੀ ਛੱਤ 'ਚੋਂ ਮੀਂਹ ਦਾ ਪਾਣੀ ਚੋਣ ਜਿਹੀਆਂ ਵਾਪਰੀਆਂ ਘਟਨਾਵਾਂ ਕਰ ਕੇ ਇਸ ਦਾਅਵੇ ਉੱਪਰ ਪ੍ਰਛਾਵਾਂ ਪੈ ਗਿਆ ਅਤੇ ਬਹੁ-ਪ੍ਰਚਾਰਿਤ ਮੋਦੀ ਮਾਡਲ ਦੀਆਂ ਡਗਮਗਾ ਰਹੀਆਂ ਨੀਂਹਾਂ ਬੇਨਕਾਬ ਹੋ ਗਈਆਂ।

ਸਾਲ ਕੁ ਪਹਿਲਾਂ ਮਹਾਰਾਸ਼ਟਰ ਦੇ ਸਿੰਧਦੂਰਗ ਵਿੱਚ ਛਤਰਪਤੀ ਸ਼ਿਵਾਜੀ ਮਹਾਰਾਜ ਦੀ 35 ਫੁੱਟ ਉੱਚੀ ਮੂਰਤੀ ਦਾ ਧੂਮ ਧੜੱਕੇ ਨਾਲ ਉਦਘਾਟਨ ਖ਼ੁਦ ਸ੍ਰੀ ਮੋਦੀ ਨੇ ਕੀਤਾ ਸੀ। ਹੁਣ ਇਸ ਦੀ ਬੁਰੀ ਹਾਲਤ ਹੋ ਗਈ ਹੈ ਤੇ ਇਸ ਦੇ ਨਟ-ਬੋਲਟਾਂ ਨੂੰ ਜੰਗ ਨੇ ਖਾ ਲਿਆ ਹੈ। ਇਹ ਬੱਜਰ ਗ਼ਲਤੀ ਨਾ ਕੇਵਲ ਮਾੜੇ ਕੰਮ ਦੀ ਮਿਸਾਲ ਹੈ ਸਗੋਂ ਇਹ ਪ੍ਰਮੁੱਖ ਸਰਕਾਰੀ ਪ੍ਰਾਜੈਕਟਾਂ ਵਿੱਚ ਫੈਲੇ ਭ੍ਰਿਸ਼ਟਾਚਾਰ ਦਾ ਵੀ ਪ੍ਰਤੀਕ ਹੈ।

ਠੇਕੇਦਾਰ, ਜੋ ਕਿ ਸੱਤਾ 'ਚ ਬੈਠੇ ਲੋਕਾਂ ਨਾਲ ਜੁੜਿਆ ਹੋਇਆ ਸੀ, ਨੂੰ ਮਿਲੀਭੁਗਤ, ਧੋਖਾਧੜੀ ਤੇ ਲੋਕਾਂ ਦੀ ਜਾਨ ਨੂੰ ਖ਼ਤਰੇ ਵਿੱਚ ਪਾਉਣ ਦਾ ਦੋਸ਼ੀ ਮੰਨਿਆ ਗਿਆ ਹੈ। ਇਸੇ ਦੌਰਾਨ ਸਰਕਾਰ ਨੇ ਵੀ ਆਪਣੀ ਲਾਪ੍ਰਵਾਹੀ ਮੰਨਣ ਦੀ ਥਾਂ ਹੋਰ ਹਰ ਚੀਜ਼ 'ਤੇ ਦੋਸ਼ ਮੜ੍ਹਨ ਦੀ ਕੋਸ਼ਿਸ਼ ਕੀਤੀ ਹੈ। ਮੂਰਤੀ ਲਈ ਵਰਤੇ ਗਏ ਸਟੀਲ ਨੂੰ ਪਹਿਲਾਂ ਹੀ ਜੰਗ ਲੱਗਣਾ ਸ਼ੁਰੂ ਹੋ ਚੁੱਕਾ ਸੀ, ਫੇਰ ਵੀ ਕਈ ਚਿਤਾਵਨੀਆਂ ਦੇ ਬਾਵਜੂਦ ਬਣਦੀ ਕਾਰਵਾਈ ਨਹੀਂ ਕੀਤੀ ਗਈ। ਫੇਰ ਇੱਥੇ ਨਵੇਂ ਪਾਰਲੀਮੈਂਟ ਭਵਨ ਦੀ ਵੀ ਗੱਲ ਆਉਂਦੀ ਹੈ, ਜਿਸ ਨੂੰ ਭਾਰਤ ਦੀਆਂ ਜਮਹੂਰੀ ਸੰਸਥਾਵਾਂ ਨੂੰ ਨਵੀਂ ਦਿੱਖ ਦੇਣ ਦੇ ਮੋਦੀ ਦੇ ਇਰਾਦਿਆਂ ਦਾ ਪ੍ਰਤੀਕ ਦੱਸ ਕੇ ਪ੍ਰਚਾਰਿਆ ਗਿਆ। ਕਰੀਬ 1,000 ਕਰੋੜ ਰੁਪਏ ਦੀ ਵੱਡੀ ਲਾਗਤ ਨਾਲ ਬਣੀ ਇਮਾਰਤ ਉਸ ਵੇਲੇ ਹਾਸੇ ਦਾ ਪਾਤਰ ਬਣ ਗਈ ਜਦੋਂ ਇਸ ਦੀ ਛੱਤ ਵਿੱਚੋਂ ਪਾਣੀ ਲੀਕ ਹੋਣ ਦੀ ਇੱਕ ਵੀਡੀਓ ਸਾਹਮਣੇ ਆਈ।

ਮੋਦੀ ਦਾ ਕਾਰਜਕਾਲ ਕਈ ਵੱਡੇ ਐਲਾਨਾਂ ਤੇ ਮੈਗਾ ਪ੍ਰਾਜੈਕਟਾਂ ਦਾ ਗਵਾਹ ਰਿਹਾ ਹੈ, ਪਰ ਇਸ ਵਿੱਚੋਂ ਲਾਪ੍ਰਵਾਹੀਆਂ, ਪੱਖਪਾਤ, ਮਿਆਰ ਤੇ ਜਵਾਬਦੇਹੀ ਦੀ ਅਣਦੇਖੀ ਦਾ ਇੱਕ ਨਮੂਨਾ ਝਲਕਦਾ ਹੈ।

ਜਿਹੜੀ ਸਰਕਾਰ ਨੇ ਭ੍ਰਿਸ਼ਟਾਚਾਰ ਖ਼ਤਮ ਕਰਨ ਦਾ ਵਾਅਦਾ ਕੀਤਾ ਸੀ, ਉਹ ਅਧੂਰੇ ਤੇ ਘਟੀਆ ਢੰਗ ਨਾਲ ਮੁਕੰਮਲ ਕੀਤੇ ਪ੍ਰੋਜੈਕਟਾਂ ਦੀ ਫੈਕਟਰੀ ਬਣ ਚੁੱਕੀ ਹੈ ਤੇ ਇਸ ਸਭ ਦੌਰਾਨ ਆਪਣੇ ਕਰੀਬੀਆਂ ਨੂੰ ਅਸਲ ਸਿੱਟੇ ਭੁਗਤਣ ਤੋਂ ਬਚਾਉਂਦੀ ਵੀ ਰਹੀ ਹੈ, ਜੋ ਕਿ ਆਪਣੇ ਆਪ 'ਚ ਹੀ ਵਿਅੰਗ ਹੈ।

ਪਿੰਡ ਸੈਦਪੁਰਾ ਵਿਖੇ ਕਾਮਨ ਫਲੂਐਂਟ ਟ੍ਰੀਟਮੈਂਟ ਪਲਾਂਟ ਦੀ ਜਨਤਕ ਸੁਣਵਾਈ ਮੁਕੰਮਲ

ਡੇਰਾ ਬਸੀ, 30 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-

ਇਥੋਂ ਦੇ ਨੇੜਲੇ ਪਿੰਡ ਸੈਦਪੁਰਾ ਵਿਖੇ ਲਾਇਆ ਜਾ ਰਿਹਾ ਕਾਮਨ ਫਲੂਐਂਟ ਟ੍ਰੀਟਮੈਂਟ ਪਲਾਂਟ (ਕੈਮੀਕਲ ਫੈਕਟਰੀਆਂ ਦਾ ਦੂਸ਼ਿਤ ਪਾਣੀ ਸਾਫ ਕਰਨ ਲਈ ਟ੍ਰੀਟਮੈਂਟ ਪਲਾਂਟ) ਦੇ ਬਾਇਲਰ ਦੀ ਸਮਰਥਾ ਵਧਾਉਣ ਲਈ ਅੱਜ ਕੀਤੀ ਗਈ ਜਨਤਕ ਸੁਣਵਾਈ ਦੌਰਾਨ ਕਿਸੇ ਵੀ ਵਿਅਕਤੀ ਨੇ ਆਪਣਾ ਇਤਰਾਜ ਦਰਜ ਨਹੀਂ ਕਰਵਾਇਆ ਗਿਆ। ਇਸ ਦੌਰਾਨ ਪੰਜਾਬ ਪ੍ਰਦੂਸ਼ਣ ਰੋਕੂ ਬੋਰਡ ਦੇ ਅਧਿਕਾਰੀ ਅਤੇ ਇਸ ਪਲਾਂਟ ਨੂੰ ਸਥਾਪਤ ਕਰਨ ਵਾਲੇ ਕੰਪਨੀ ਦੇ ਅਧਿਕਾਰੀ ਵੀ ਹਾਜ਼ਰ ਸਨ। ਉਨ੍ਹਾਂ ਵੱਲੋਂ ਮੌਕੇ 'ਤੇ ਇਕੱਤਰ ਹੋਏ ਪਿੰਡ ਵਾਸੀਆਂ ਨੂੰ ਇਸਦੇ ਕੰਮ ਕਰਨ ਦੇ ਪੂਰੇ ਤਰੀਕੇ ਬਾਰੇ ਜਾਣਕਾਰੀ ਦਿੱਤੀ ਗਈ।

ਇਸ ਬਾਰੇ ਜਾਣਕਾਰੀ ਦਿੰਦਿਆਂ ਐਸ.ਡੀ.ਐਮ. ਹਿਮਾਂਸ਼ੂ ਗੁਪਤਾ ਨੇ ਦੱਸਿਆ ਕਿ ਇਹ ਪਲਾਂਟ ਇਲਾਕੇ ਦੀ 20 ਵੱਡੀਆਂ ਕੈਮੀਕਲ ਕੰਪਨੀਆਂ ਵੱਲੋਂ ਇਕੱਠੇ ਹੋ ਕੇ ਲਾਇਆ ਜਾ ਰਿਹਾ ਹੈ। ਇਨ੍ਹਾਂ ਵੱਲੋਂ ਇਸ ਪ੍ਰਾਜੈਕਟ ਨੂੰ ਐਮ.ਐਸ. ਸੈਦਪੁਰਾ ਐਨਵਾਇਰੋਟੈਕ ਪ੍ਰਾਈਵੇਟ ਲਿਮ. ਦੇ ਨਾਂਅ ਹੇਠ ਤਿਆਰ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਦੱਸਿਆ ਕਿ ਇਥੇ ਇਲਾਕੇ ਵਿੱਚ ਦੂਸ਼ਿਤ ਪਾਣੀ ਨਾਲ ਪੈਦਾ ਹੋ ਰਹੀ ਸਮੱਸਿਆਵਾਂ 'ਤੇ ਕਾਫੀ ਹੱਦ ਤੱਕ ਠੱਲ ਪਏਗੀ। ਉਨ੍ਹਾਂ ਨੇ ਕਿਹਾ ਕਿ ਇਸ ਪਲਾਂਟ ਦੇ ਰਾਹੀਂ ਇਥੇ ਕੰਪਨੀਆਂ ਦਾ ਦੂਸ਼ਿਤ ਪਾਣੀ ਟ੍ਰੀਟ ਕੀਤਾ ਜਾਏਗਾ। ਉਨ੍ਹਾਂ ਨੇ ਕਿਹਾ ਕਿ ਸਾਹਮਣੇ ਆਇਆ ਸੀ ਕਿ ਵੱਖਰੇ ਵੱਖਰੇ ਤੌਰ 'ਤੇ ਫੈਕਟਰੀਆਂ ਵੱਲੋਂ ਆਪਣਾ ਪਲਾਂਟ ਸਥਾਪਤ ਕਰਨ 'ਤੇ ਜ਼ਿਆਦਾ ਖ਼ਰਚ ਆਉਂਦਾ ਹੈ। ਜਦਕਿ ਇਕੱਠੇ ਪਲਾਂਟ ਲਗਾਉਣ ਨਾਲ ਇਨ੍ਹਾਂ ਦਾ ਖ਼ਰਚ ਘੱਟ ਆਏਗਾ। ਉਨ੍ਹਾਂ ਨੇ ਕਿਹਾ ਕਿ ਅੱਜ ਇਸ ਪਲਾਂਟ ਦੀ ਬਾਇਲਰ ਦੀ ਸਮਰਥਾ 10 ਟੀਪੀਐਚ ਤੋਂ ਵਧਾ ਕੇ 22 ਟੀਪੀਐਚ ਤੱਕ ਵਿਸਤਾਰ ਕਰਨ ਲਈ ਜਨਤਕ ਸੁਣਵਾਈ ਮੌਕੇ 'ਤੇ ਰੱਖੀ ਗਈ ਸੀ।

ਖੇਤੀ ਜਿਣਸਾਂ ਦੀ ਬਰਾਮਦ ਅਤੇ ਪੰਜਾਬ

ਡਾ. ਰਾਜ ਮਾਨ

ਭਾਰਤ ਤੋਂ ਖੇਤੀ ਬਰਾਮਦ ਵਿੱਚ ਪੰਜਾਬ ਦੀ ਹਿੱਸੇਦਾਰੀ ਦੀ ਗੱਲ ਕਰਦਿਆਂ ਇਹ ਗੱਲ ਵੀ ਦੇਖਣ ਵਾਲੀ ਹੈ ਕਿ ਹਰਿਆਣਾ, ਦਿੱਲੀ ਅਤੇ ਉੱਤਰ ਪ੍ਰਦੇਸ਼, ਜੋ ਸਮੁੰਦਰੀ ਬੰਦਰਗਾਹਾਂ ਤੋਂ ਦੂਰੀ 'ਤੇ ਸਥਿਤ ਹਨ, ਪੰਜਾਬ ਦੇ ਮੁਕਾਬਲੇ ਖੇਤੀ ਬਰਾਮਦ ਵਿੱਚ ਕਿਵੇਂ ਯੋਗਦਾਨ ਪਾ ਰਹੇ ਹਨ। ਐਗਰੀਕਲਚਰਲ ਐਂਡ ਪ੍ਰੋਸੈਸਡ ਫੂਡ ਪ੍ਰੋਡਕਟਸ ਐਕਸਪੋਰਟ ਡਿਵੈਲਪਮੈਂਟ ਅਥਾਰਿਟੀ (ਏਪੀਈਡੀਏ) ਤੋਂ ਪ੍ਰਾਪਤ ਡੇਟਾ ਦਾ ਵਿਸ਼ਲੇਸ਼ਣ ਕਰ ਕੇ ਪ੍ਰਾਪਤ ਨਤੀਜਿਆਂ/ਖੋਜਾਂ ਪਿਛਲੇ ਕਾਰਨਾਂ ਦੀ ਪੜਚੋਲ ਕਰਨ ਮਗਰੋਂ ਇਹ ਗੱਲ ਸਾਹਮਣੇ ਆਉਂਦੀ ਹੈ ਕਿ ਕਿਵੇਂ ਭਾਰਤ-ਮੱਧ ਪੂਰਬ-ਯੂਰਪ ਕੌਰੀਡੋਰ (9$53) ਪੰਜਾਬ ਨੂੰ ਖੇਤੀ ਬਰਾਮਦ ਲਈ ਲਾਭ ਪਹੁੰਚਾ ਸਕਦਾ ਹੈ।

ਪਹਿਲਾਂ ਭਾਰਤ ਤੋਂ ਖੇਤੀ ਬਰਾਮਦ ਵਿੱਚ ਪੰਜਾਬ ਦੀ ਹਿੱਸੇਦਾਰੀ ਦੇਖਦੇ ਹਾਂ। ਸਾਲ 2023-24 ਵਿੱਚ ਭਾਰਤ ਦੀ ਵਿਸ਼ਵ ਵਿਆਪੀ ਖੇਤੀ ਬਰਾਮਦ 212098 ਕਰੋੜ ਰੁਪਏ ਦੀ ਸੀ ਅਤੇ ਗੁਜਰਾਤ 58655 ਕਰੋੜ ਰੁਪਏ ਨਾਲ ਭਾਰਤ ਦੀ ਕੁੱਲ ਖੇਤੀ ਬਰਾਮਦ ਦੇ 27.65 ਫ਼ੀਸਦੀ ਦੇ ਹਿੱਸੇ ਨਾਲ ਸਭ ਤੋਂ ਵੱਡਾ ਬਰਾਮਦਕਾਰ ਸੀ। ਪੰਜਾਬ ਦੇ ਗੁਆਂਢੀ ਰਾਜ ਹਰਿਆਣਾ ਨੇ 9.17 ਫ਼ੀਸਦੀ ਦੇ ਹਿੱਸੇ ਨਾਲ 19445 ਕਰੋੜ ਰੁਪਏ ਦੇ ਖੇਤੀ ਉਤਪਾਦਨ ਬਰਾਮਦ ਕੀਤੇ ਜਦੋਂਕਿ ਪੰਜਾਬ ਦੀ ਬਰਾਮਦ ਕਾਫ਼ੀ ਘੱਟ ਸੀ। ਪੰਜਾਬ ਨੇ 2.88 ਫ਼ੀਸਦੀ ਦੇ ਹਿੱਸੇ ਨਾਲ 6117 ਕਰੋੜ ਰੁਪਏ ਦੀ ਬਰਾਮਦ ਹੀ ਕੀਤੀ। ਧਿਆਨ ਦੇਣ ਵਾਲੀ ਗੱਲ ਇਹ ਹੈ ਕਿ ਪੰਜਾਬ ਤੋਂ ਖੇਤੀ ਬਰਾਮਦ ਬਹੁਤ ਘੱਟ ਹੈ। ਦੂਜੇ ਪਾਸੇ ਹਰਿਆਣਾ, ਦਿੱਲੀ ਅਤੇ ਉੱਤਰ ਪ੍ਰਦੇਸ਼ ਦੀਆਂ ਖੇਤੀ ਬਰਾਮਦਾਂ ਨਾਲ ਪੰਜਾਬ ਦੀ ਤੁਲਨਾ ਕਰਦਿਆਂ ਇਹ ਦਲੀਲ ਦਿੱਤੀ ਜਾ ਸਕਦੀ ਹੈ ਕਿ ਇਨ੍ਹਾਂ ਸੂਬਿਆਂ ਦੀ ਸਮੁੰਦਰੀ ਬੰਦਰਗਾਹਾਂ ਤੋਂ ਦੂਰੀ ਪੰਜਾਬ ਨਾਲੋਂ ਘੱਟ ਹੈ ਪਰ ਉਹ ਫਿਰ ਵੀ ਬੰਦਰਗਾਹਾਂ ਤੋਂ ਦੂਰ ਸਥਿਤ ਹਨ, ਜੋ ਤੁਲਨਾ ਨੂੰ ਜਾਇਜ਼ ਠਹਿਰਾਉਂਦਾ ਹੈ। ਪਹਿਲਾਂ ਹਵਾਈ ਰਸਤੇ ਰਾਹੀਂ ਖੇਤੀਬਾੜੀ ਉਤਪਾਦਾਂ ਦੀ ਬਰਾਮਦ ਦੇਖਦੇ ਹਾਂ। ਬਦਕਿਸਮਤੀ ਨਾਲ 2023-24 ਦੌਰਾਨ ਪੰਜਾਬ ਅਤੇ ਹਰਿਆਣਾ ਨੇ ਹਵਾਈ ਰਸਤੇ ਰਾਹੀਂ ਕੋਈ ਉਤਪਾਦ ਬਰਾਮਦ ਨਹੀਂ ਕੀਤਾ। ਇਸ ਸਮੇਂ ਦੌਰਾਨ ਦਿੱਲੀ ਅਤੇ ਯੂਪੀ ਨੇ ਕ੍ਰਮਵਾਰ 971 ਕਰੋੜ ਅਤੇ 87 ਕਰੋੜ ਰੁਪਏ ਦੇ ਖੇਤੀ ਉਤਪਾਦ ਹਵਾਈ ਰਸਤੇ ਰਾਹੀਂ ਬਰਾਮਦ ਕੀਤੇ। ਇੰਨਾ ਹੀ ਨਹੀਂ, ਪੰਜਾਬ ਅਤੇ ਹਰਿਆਣਾ ਨੇ 2020 ਅਤੇ 2023 ਦਰਮਿਆਨ ਹਵਾਈ ਰਸਤੇ ਰਾਹੀਂ ਕੋਈ ਬਰਾਮਦ ਦਰਜ ਨਹੀਂ ਕੀਤੀ ਜਦੋਂਕਿ ਦਿੱਲੀ ਅਤੇ ਯੂਪੀ ਦੋਵਾਂ ਨੇ ਇਨ੍ਹਾਂ ਸਾਲਾਂ ਦੌਰਾਨ ਮਹੱਤਵਪੂਰਨ ਮਾਤਰਾ ਵਿੱਚ ਬਰਾਮਦ ਕੀਤੀ। ਹਾਲਾਂਕਿ, ਹਵਾਈ ਰਸਤੇ ਦੁਆਰਾ ਬਰਾਮਦ ਨਾ ਹੋਣ ਦੇ ਬਾਵਜੂਦ ਹਰਿਆਣਾ ਨੇ 2023-24 ਵਿੱਚ ਪੰਜਾਬ ਨਾਲੋਂ ਕਾਫ਼ੀ ਵੱਧ ਬਰਾਮਦ ਕੀਤੀ ਸੀ। ਇਨ੍ਹਾਂ ਰਾਜਾਂ ਤੋਂ ਕੁਝ ਪ੍ਰਮੁੱਖ/ਚੋਣਵੇਂ ਉਤਪਾਦਾਂ ਦੀ ਬਰਾਮਦ 'ਤੇ ਵੀ ਵਿਚਾਰ ਕਰਨਾ ਬਣਦਾ ਹੈ।

2023-24 ਦੇ ਪ੍ਰਮੁੱਖ ਉਤਪਾਦਾਂ ਦੇ ਅੰਕੜਿਆਂ ਦੇ ਮੱਦੇਨਜ਼ਰ ਦਿੱਲੀ ਨੇ ਹਵਾਈ ਰਸਤੇ ਰਾਹੀਂ 413 ਕਰੋੜ ਰੁਪਏ ਦਾ ਭੇਡ/ਬੱਕਰੀ ਦਾ ਮਾਸ, 222 ਕਰੋੜ ਰੁਪਏ ਦਾ ਮੱਝ ਦਾ ਮਾਸ, 62 ਕਰੋੜ ਰੁਪਏ ਦੇ ਫ਼ਲ ਅਤੇ ਸਬਜ਼ੀਆਂ ਦੇ ਬੀਜ, 19 ਕਰੋੜ ਰੁਪਏ ਦੀਆਂ ਹੋਰ ਤਾਜ਼ੀਆਂ ਸਬਜ਼ੀਆਂ, 14 ਕਰੋੜ ਰੁਪਏ ਦੀਆਂ ਪ੍ਰੋਸੈਸਡ ਸਬਜ਼ੀਆਂ, 8 ਕਰੋੜ ਰੁਪਏ ਦੇ ਡੇਅਰੀ ਉਤਪਾਦ, 6-6 ਕਰੋੜ ਰੁਪਏ ਦੇ ਪੋਲਟਰੀ ਉਤਪਾਦ ਅਤੇ ਬਾਸਮਤੀ ਚੌਲ ਅਤੇ 5 ਕਰੋੜ ਰੁਪਏ ਦੇ ਪ੍ਰੋਸੈਸਡ ਫਲ, ਜੂਸ ਅਤੇ ਮੇਵੇ ਬਰਾਮਦ ਕੀਤੇ। ਇਸੇ ਸਾਲ ਯੂਪੀ ਨੇ ਹਵਾਈ ਰਸਤੇ ਰਾਹੀਂ 63 ਕਰੋੜ ਰੁਪਏ ਦਾ ਮੱਝ ਦਾ ਮਾਸ, 18 ਕਰੋੜ ਰੁਪਏ ਦਾ ਭੇਡ/ਬੱਕਰੀ ਦਾ ਮਾਸ ਅਤੇ 5 ਕਰੋੜ ਰੁਪਏ ਦੀਆਂ ਹੋਰ ਤਾਜ਼ੀਆਂ ਸਬਜ਼ੀਆਂ ਬਰਾਮਦ ਕੀਤੀਆਂ। ਇਹ ਗੱਲ ਸਮਝ ਤੋਂ ਬਾਹਰ ਹੈ ਕਿ ਜੇ ਦਿੱਲੀ ਅਤੇ ਯੂਪੀ ਹਵਾਈ ਰਸਤੇ ਰਾਹੀਂ ਖੇਤੀ ਉਤਪਾਦਾਂ ਦੀ ਬਰਾਮਦ ਕਰ ਰਹੇ ਹਨ ਤਾਂ ਫਿਰ ਪੰਜਾਬ ਨੇ ਆਪਣੇ ਉਤਪਾਦਾਂ ਨੂੰ ਹਵਾਈ ਰਸਤੇ ਰਾਹੀਂ ਬਰਾਮਦ ਕਰਨ ਦਾ ਕੋਈ ਉਪਰਾਲਾ ਕਿਉਂ ਨਹੀਂ ਕੀਤਾ।

ਰੇਲ/ਸੜਕ ਅਤੇ ਅੰਦਰੂਨੀ ਕੰਟੇਨਰ ਡਿਪੂ ਰਾਹੀਂ ਬਰਾਮਦ ਦੇ ਮਾਮਲੇ 'ਚ ਪੰਜਾਬ ਦੀ ਮੁਸ਼ ਕਰਕੇ ਹਰਿਆਣਾ ਨਾਲ ਤੁਲਨਾ ਕਰਦੇ ਹਾਂ। ਦਲੀਲ ਨੂੰ ਮਜ਼ਬੂਤ ਕਰਨ ਲਈ ਦਿੱਲੀ ਦੁਆਰਾ ਬਰਾਮਦ ਕੀਤੇ ਗਏ ਕੁਝ ਚੋਣਵੇਂ ਉਤਪਾਦਾਂ ਦਾ ਵੀ ਜ਼ਿਕਰ ਕਰਾਂਗੇ। ਸਾਲ 2023-24 ਵਿੱਚ ਮੁੱਖ ਉਤਪਾਦਾਂ ਦੀ ਬਰਾਮਦ ਨੂੰ ਵੇਖਦਿਆਂ ਹਰਿਆਣਾ ਨੇ 13120 ਕਰੋੜ ਰੁਪਏ ਦੇ ਬਾਸਮਤੀ ਚੌਲਾਂ ਦੀ ਬਰਾਮਦ ਕੀਤੀ ਜਦੋਂਕਿ ਪੰਜਾਬ 3769 ਕਰੋੜ ਰੁਪਏ ਦੀ ਬਰਾਮਦ ਨਾਲ ਬਹੁਤ ਪਿੱਛੇ ਰਿਹਾ। ਵਾਰ ਵਾਰ ਇਹ ਦਲੀਲ ਦਿੱਤੀ ਜਾਂਦੀ ਹੈ ਕਿ ਵਧੇਰੇ ਬਾਸਮਤੀ ਚੌਲਾਂ ਦੀ ਕਾਸ਼ਤ ਪੰਜਾਬ ਨੂੰ ਪਾਣੀ ਦੀ ਬੱਚਤ ਕਰਨ ਅਤੇ ਬਰਾਮਦ ਰਾਹੀ

ਭਾਰਤ ਸਰਕਾਰ ਦੀ 3 ਰੋਜ਼ਾ ਚਿੱਤਰ ਪ੍ਰਦਰਸ਼ਨੀ ਦਾ ਸਰਕਾਰੀ ਮਹਿੰਦਰਾ ਕਾਲਜ ਵਿੱਚ ਆਗਾਜ਼

➢ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰ੍ਹੇ ਨੇ ਮੁੱਖ ਮਹਿਮਾਨ ਵੱਜੋਂ ਕੀਤੀ ਸ਼ਿਰਕਤ, ਏਪੀਆਰਓ ਹਰਦੀਪ ਸਿੰਘ ਵੀ ਖਾਸ ਤੌਰ 'ਤੇ ਮੌਜੂਦ ਰਹੇ ➢ ਹਰਪ੍ਰੀਤ ਨੇ ਚਿੱਤਰ ਅਤੇ ਸ਼ੀਵਾਂਸ਼ੀ ਨੇ ਲੇਖ ਮੁਕਾਬਲੇ ਵਿੱਚ ਮਾਰੀ ਬਾਜ਼ੀ

ਪਟਿਆਲਾ, 30 ਅਗਸਤ
-ਅਮਰਜੀਤ ਸਿੰਘ ਲਾਂਬਾ-
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤ ਸਰਕਾਰ ਦੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਕੇਂਦਰੀ ਸੰਚਾਰ ਬਿਊਰੋ ਵੱਲੋਂ ਦੇਸ਼ ਭਰ ਵਿੱਚ ਸਰਕਾਰ ਦੀਆਂ ਕਲਿਆਣਕਾਰੀ ਯੋਜਨਾਵਾਂ ਦੀ ਥੀਮ ਉੱਤੇ ਵੱਖੋ-ਵੱਖ ਥਾਵਾਂ 'ਤੇ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸੇ ਲੜੀ ਦੇ ਤਹਿਤ ਸ਼ਹਿਰ ਦੇ ਸਰਕਾਰੀ ਮਹਿੰਦਰਾ ਕਾਲਜ ਵਿੱਚ ਉਕਤ ਥੀਮ 'ਤੇ ਇੱਕ ਤਿੰਨ ਰੋਜ਼ਾ ਚਿੱਤਰ ਪ੍ਰਦਰਸ਼ਨੀ ਲਾਈ ਗਈ ਹੈ, ਜਿਸ ਦਾ ਮੰਗਲਵਾਰ ਨੂੰ ਆਗਾਜ਼ ਹੋ ਗਿਆ। ਇਸ ਮੌਕੇ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰ੍ਹੇ (ਆਈ.ਏ.ਐੱਸ) ਨੇ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕੀਤੀ। ਉਨ੍ਹਾਂ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਆਮ ਲੋਕਾਂ ਦੇ ਕਲਿਆਣ ਲਈ ਵੱਖੋ ਵੱਖ ਯੋਜਨਾਵਾਂ ਚਲਾਈਆਂ ਜਾਂਦੀਆਂ ਹਨ। ਇਸੇ ਲੜੀ ਦੇ ਤਹਿਤ ਲੋਕਾਂ ਨੂੰ ਜਾਗਰੂਕ ਕਰਨ ਲਈ ਇਸ ਚਿੱਤਰ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ ਹੈ। ਇਸ ਤੋਂ ਇਲਾਵਾ ਉਨ੍ਹਾਂ ਲੋਕਾਂ ਨੂੰ ਸਵੱਛਤਾ ਮੁਹਿੰਮ ਬਾਰੇ ਜਾਗਰੂਕ ਕਰਦਿਆਂ ਕਿਹਾ ਕਿ ਇਸ ਅਭਿਆਨ ਨੂੰ ਸਫਲ ਬਣਾਉਣ ਲਈ ਹਰ ਦੇਸ਼ਵਾਸੀ ਨੂੰ ਅੱਗੇ ਆਉਣਾ ਪਵੇਗਾ।

ਮੰਚ ਤੋਂ ਸੰਬੋਧਨ ਕਰਦਿਆਂ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਸੈਂਟਰਲ ਬਿਊਰੋ ਆਫ ਕਮਿਊਨੀਕੇਸ਼ਨ ਅੰਮ੍ਰਿਤਸਰ ਦੇ ਮੁਖੀ ਗੁਰਮੀਤ ਸਿੰਘ (ਆਈ.ਆਈ.ਐੱਸ.) ਨੇ ਕਿਹਾ ਕਿ ਮੰਤਰਾਲੇ ਵੱਲੋਂ ਲਾਈ ਗਈ ਚਿੱਤਰ ਪ੍ਰਦਰਸ਼ਨੀ ਦੇ ਜ਼ਰੀਏ ਵੱਖੋ ਵੱਖ ਮੰਤਰਾਲਿਆਂ ਦੀਆਂ ਯੋਜਨਾਵਾਂ ਬਾਰੇ ਲੋਕਾਂ ਨੂੰ ਜਾਣਕਾਰੀ ਦਿੱਤੀ ਜਾ ਰਹੀ ਹੈ। ਇਸਦੇ ਨਾਲ ਆਨਲਾਈਨ ਠੱਗੀ ਦਾ ਸ਼ਿਕਾਰ ਹੋ ਰਹੇ ਲੋਕਾਂ ਨੂੰ ਇਸ ਤੋਂ ਬਚਣ ਲਈ ਵੀ ਜਾਗਰੂਕ ਕੀਤਾ ਜਾ ਰਿਹਾ ਹੈ।

ਇਸ ਦੌਰਾਨ ਏਪੀਆਰਓ ਹਰਦੀਪ ਸਿੰਘ ਵੀ ਖਾਸ ਤੌਰ 'ਤੇ ਮੌਜੂਦ ਰਹੇ ਅਤੇ ਉਨ੍ਹਾਂ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਮੌਜੂਦ ਲੋਕਾਂ ਦਾ ਧੰਨਵਾਦ ਕੀਤਾ। ਇਸਦੇ ਨਾਲ ਹੀ ਕਾਲਜ ਦੇ ਪ੍ਰਿੰਸੀਪਲ ਅਮਰਜੀਤ ਸਿੰਘ ਨੇ ਇਹ ਪ੍ਰੋਗਰਾਮ ਉਲੀਕਣ ਲਈ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੀ ਸ਼ਲਾਘਾ ਕੀਤੀ।

ਫ਼ੋਟੋ ਤੇ ਵੇਰਵਾ : ਪ੍ਰੈਸ ਕੀ ਤਾਕਤ ਜਪਨੀਤ ਸਿੰਘ

ਇਸ ਦੌਰਾਨ ਵਿਦਿਆਰਥੀਆਂ ਦੇ ਪੋਸਟਰ ਮੇਕਿੰਗ ਅਤੇ ਲੇਖ ਮੁਕਾਬਲੇ ਵੀ ਕਰਵਾਏ ਗਏ, ਜਿਸ ਵਿੱਚ ਵੱਖੋ ਵੱਖ ਕਾਲਜਾਂ ਨੇ ਹਿੱਸਾ ਲਿਆ। ਲੇਖ ਮੁਕਾਬਲੇ ਵਿੱਚ ਸ਼ਿਵਾਂਸ਼ੀ ਨੇ ਪਹਿਲਾ, ਖੁਸ਼ਪ੍ਰੀਤ ਕੌਰ ਨੇ ਦੂਜਾ ਅਤੇ ਮਮਤਾ ਨੇ ਤੀਜਾ, ਆਂਚਲ ਨੇ ਚੌਥਾ, ਕਿਰਨ ਨੇ ਪੰਜਵਾ ਅਤੇ ਨਵਜੋਤ ਕੌਰ ਨੇ ਛੇਵਾਂ ਸਥਾਨ ਹਾਸਿਲ ਕੀਤਾ। ਜਦਕਿ ਪੋਸਟਰ ਮੇਕਿੰਗ ਮੁਕਾਬਲੇ ਵਿੱਚ ਹਰਪ੍ਰੀਤ ਕੌਰ ਨੇ ਪਹਿਲਾ, ਹਰਜੀਤ ਸਿੰਘ ਨੇ ਦੂਜਾ ਅਤੇ ਸੁਖਵਿੰਦਰ ਨੇ ਤੀਜਾ ਸਥਾਨ ਹਾਸਿਲ ਕੀਤਾ। ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਇਸ ਅਹਿਦ ਦੀ ਸ਼ਲਾਘਾ ਕਰਦਿਆਂ ਚਿੱਤਰ ਪ੍ਰਦਰਸ਼ਨੀ ਵੇਖਣ ਆਏ ਲੋਕਾਂ ਨੇ ਕਿਹਾ ਕਿ ਅਜਿਹੇ ਪ੍ਰੋਗਰਾਮਾਂ ਨਾਲ ਆਮ ਲੋਕਾਂ ਨੂੰ ਸਰਕਾਰ ਦੀਆਂ ਵੱਖੋ ਵੱਖ ਯੋਜਨਾਵਾਂ ਬਾਰੇ ਜਾਣੂ ਕਰਵਾਉਣਾ ਇੱਕ ਚੰਗਾ ਉਪਰਾਲਾ ਹੈ। ਬਹਿਰਹਾਲ ਇਸ ਪ੍ਰਦਰਸ਼ਨੀ ਦੌਰਾਨ ਨੁੱਕੜ ਨਾਟਕ ਸਣੇ ਵਿਦਿਆਰਥੀਆਂ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਨੇ ਲੋਕਾਂ ਦਾ ਦਿਲ ਜਿੱਤ ਲਿਆ।

ਨਸ਼ਿਆਂ ਦੇ ਖਾਤਮੇ ਲਈ ਪੰਜਾਬ ਸਰਕਾਰ ਵੱਚਨਬੱਧ ਪਬਲਿਕ ਦਾ ਸਹਿਯੋਗ ਵੀ ਜ਼ਰੂਰੀ: ਡਾ ਬਲਬੀਰ ਸਿੰਘ

ਪਟਿਆਲਾ, 30 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਆਮ ਆਦਮੀ ਪਾਰਟੀ ਦੇ ਬੁੱਧੀਜੀਵੀ ਵਿੰਗ ਪੰਜਾਬ ਵਲੋਂ ਪਟਿਆਲਾ ਜ਼ਿਲ੍ਹੇ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ , ਯੂਵਕ ਸੇਵਾਵਾਂ ਕਲੱਬ ਦੀਪ ਨਗਰ, ਯੂਵਕ ਸੇਵਾਵਾਂ ਕਲੱਬ ਪਾਵਰ ਹਾਊਸ ਯੂਥ ਕਲੱਬ ਰਣਜੀਤ ਨਗਰ ਦੇ ਸਹਿਯੋਗ ਨਾਲ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਮੁੱਖ ਮਹਿਮਾਨ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਪੰਜਾਬ ਸਰਕਾਰ ਡਾ ਬਲਬੀਰ ਸਿੰਘ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦਾ ਉਦਘਾਟਨ ਆਮ ਆਦਮੀ ਪਾਰਟੀ ਦੇ ਬੁੱਧੀਜੀਵੀ ਵਿੰਗ ਪੰਜਾਬ ਦੇ ਸੂਬਾ ਪ੍ਰਧਾਨ ਮੇਜਰ ਰਮਨ ਮਲਹੌਤਰਾ ਨੇ ਕੀਤਾ। ਪ੍ਰੋਗਰਾਮ ਦੀ ਪ੍ਰਧਾਨਗੀ ਏ ਡੀ ਸੀ ਸ਼ਹਿਰੀ ਵਿਕਾਸ ਨਵਰੀਤ ਕੌਰ ਸੇਖੋਂ ਨੇ ਕੀਤੀ। ਇਸ ਸਮੇਂ ਵਿਸ਼ੇਸ਼ ਤੌਰ 'ਤੇ ਕਰਨਲ ਜੇ ਵੀ ਸਿੰਘ, ਡਾ. ਹਰਨੇਕ ਸਿੰਘ ਢੋਟ, ਗੱਜਣ ਸਿੰਘ ਮੀਡੀਆ ਸਲਾਹਕਾਰ ਡਾ ਬਲਬੀਰ ਸਿੰਘ, ਪਰਮਿੰਦਰ ਭਲਵਾਨ, ਮੈਂਬਰ ਯੁਵਾ ਸਾਂਝ ਕਮੇਟੀ, ਮੈਂਬਰ ਸਾਂਝ ਕੇਂਦਰ ਪਟਿਆਲਾ, ਜਤਵਿੰਦਰ ਗਰੇਵਾਲ, ਪ੍ਰਦੀਪ ਕੁਮਾਰ ਸ਼ਰਮਾ, ਰੁਪਿੰਦਰ ਕੌਰ, ਰੁਦਰਪ੍ਰਤਾਪ ਸਿੰਘ, ਲੱਕੀ ਹਰਦਾਸਪੁਰ, ਜਪਨੀਤ ਸਿੰਘ ਨੇ ਸ਼ਿਰਕਤ ਕੀਤੀ। ਇਸ ਮੌਕੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਪੰਜਾਬ ਸਰਕਾਰ ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਪੰਜਾਬ ਵਿਚੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਵਚਨਬੱਧ ਹੈ ਅਤੇ ਪੰਜਾਬ ਸਰਕਾਰ ਨਸ਼ਾ ਤਸਕਰਾਂ ਵਿਰੁੱਧ ਸਖ਼ਤੀ ਨਾਲ ਨਜਿੱਠ ਰਹੀ ਹੈ ਅਤੇ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਕੁਰਕ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਪਬਲਿਕ ਨੂੰ ਵੀ ਅਪੀਲ ਕੀਤੀ ਕਿ ਉਹ ਨਸ਼ਿਆਂ ਵਿਰੁੱਧ ਪੁਲਿਸ ਪ੍ਰਸ਼ਾਸਨ ਨੂੰ ਸਹਿਯੋਗ ਕਰਨ ਲਈ ਅੱਗੇ ਆਉਣ ਤਾਂ ਜੋ ਅਸੀ ਨਸ਼ਿਆਂ ਨੂੰ ਜੜ੍ਹੋਂ ਖਤਮ ਕਰ ਸਕੀਏ। ਉਹਨਾਂ ਪਰਮਿੰਦਰ ਭਲਵਾਨ, ਜਤਵਿੰਦਰ ਗਰੇਵਾਲ, ਰੁਪਿੰਦਰ ਕੌਰ ਵਲੋਂ ਬਗੈਰ ਕਿਸੇ ਸੁਆਰਥ ਦੇ ਕੀਤੇ ਜਾ ਰਹੇ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮ ਅਤੇ ਸਮਾਜ ਸੇਵੀ ਕਾਰਜ ਬਹੁਤ ਹੀ ਪ੍ਰਸੰਸਾਯੋਗ ਹਨ। ਉਨ੍ਹਾਂ ਕਿਹਾ ਕਿ ਉਹੋ ਇਹਨਾਂ ਦੀ ਸਮਾਜ ਸੇਵੀ ਕਾਰਜਾਂ ਲਈ ਹਰ ਸੰਭਵ ਮਦਦ ਲਈ ਹਮੇਸ਼ਾ ਤਿਆਰ ਹਾਂ। ਉਹਨਾਂ ਕਿਹਾ ਕਿ ਇਹਨਾਂ ਵਲੋਂ ਨਸ਼ਿਆਂ ਵਿਰੁੱਧ ਛੇੜੀ ਜਾਗਰੂਕਤਾ ਮੁਹਿੰਮ ਵਿੱਚ ਹੋਰ ਨੌਜਵਾਨਾਂ ਨੂੰ ਵੱਧ ਚੜ੍ਹ ਕੇ ਅੱਗੇ ਆਉਣਾ ਚਾਹੀਦਾ ਹੈ ਤਾਂ ਜੋ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਵੱਧ ਤੋਂ ਵੱਧ ਜਾਗਰੂਕ ਕੀਤਾ ਜਾ ਸਕੇ। ਇਸ ਮੌਕੇ ਡਰੱਗ ਫਰੀ ਵਰਲਡ ਕੈਲੀਫੋਰਨੀਆ ਅਮਰੀਕਾ ਵਲੋਂ ਪਬਲਿਕ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਕਿਤਾਬਾਂ ਵੰਡੀਆਂ ਗਈਆਂ ਅਤੇ ਕਿਹਾ ਕਿ ਅੱਗੇ ਤੋਂ ਵੀ ਜ਼ਿਲ੍ਹਾ ਪ੍ਰਸ਼ਾਸਨ, ਪੁਲਿਸ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਨਾਲ ਮਿਲ ਕੇ ਪਬਲਿਕ ਨੂੰ ਪਿੰਡ ਪਿੰਡ ਜਾ ਕੇ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ ਜਾਵੇਗਾ।

ਭਾਸ਼ਾ ਵਿਭਾਗ ਪੰਜਾਬ ਵੱਲੋਂ ਪੰਜਾਬੀ ਭਾਸ਼ਾ ਨੂੰ ਸਮੇਂ ਦੇ ਹਾਣ ਦਾ ਬਣਾਉਣ ਲਈ ਨਵੀਂ ਸ਼ੁਰੂਆਤ

ਪਟਿਆਲਾ, 30 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਰਹਿਨੁਮਾਈ, ਉਚੇਰੀ ਸਿੱਖਿਆ ਤੇ ਭਾਸ਼ਾ ਮੰਤਰੀ ਸ. ਹਰਜੋਤ ਸਿੰਘ ਬੈਂਸ ਦੀ ਅਗਵਾਈ 'ਚ ਅੱਜ ਭਾਸ਼ਾ ਵਿਭਾਗ ਪੰਜਾਬ ਵੱਲੋਂ ਪੰਜਾਬੀ ਭਾਸ਼ਾ ਦੇ ਪ੍ਰਸਾਰ ਤੇ ਵਿਕਾਸ ਲਈ ਨਵੀਂ ਸ਼ੁਰੂਆਤ ਕੀਤੀ ਗਈ। ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਦੇਖ-ਰੇਖ 'ਚ ਅੱਜ 'ਪੰਜਾਬੀ ਕੰਪਿਊਟਰਕਾਰੀ ਅਤੇ ਮਸ਼ੀਨੀ ਬੁੱਧੀਮਾਨਤਾ' ਵਿਸ਼ੇ 'ਤੇ ਆਪਣੀ ਕਿਸਮ ਦੀ ਪਲੇਠੀ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਜਿਸ ਦੌਰਾਨ ਉੱਘੇ ਕੰਪਿਊਟਰ ਮਾਹਿਰ ਤੇ ਪੰਜਾਬੀ ਭਾਸ਼ਾ ਦੇ ਕੰਪਿਊਟਰੀਕਰਨ ਲਈ ਲੰਬੇ ਅਰਸੇ ਤੋਂ ਕਾਰਜਸ਼ੀਲ ਡਾ. ਸੀ.ਪੀ. ਕੰਬੋਜ ਨੇ ਵੱਖ-ਵੱਖ ਤਕਨੀਕੀ ਨੁਕਤਿਆਂ ਬਾਰੇ ਅਭਿਆਸ ਰੂਪ 'ਚ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਦੀ ਟੀਮ 'ਚ ਸੁਰਿੰਦਰ ਸਿੰਘ, ਮਨਿੰਦਰ ਸਿੰਘ ਤੇ ਜੋਤੀ ਕੌਰ ਸ਼ਾਮਲ ਸਨ। ਇਸ ਵਰਕਸ਼ਾਪ ਵਿੱਚ ਭਾਸ਼ਾ ਵਿਭਾਗ ਦੇ ਅਧਿਕਾਰੀਆਂ/ਕਰਮਚਾਰੀਆਂ ਤੋਂ ਇਲਾਵਾ ਪੰਜਾਬੀ ਭਾਸ਼ਾ ਦੇ ਪ੍ਰਚਾਰ-ਪ੍ਰਸਾਰ ਲਈ ਯਤਨਸ਼ੀਲ ਹੋਰਨਾਂ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਵੀ ਹਿੱਸਾ ਲਿਆ।

ਭਾਸ਼ਾ ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਆਪਣੇ ਸਵਾਗਤੀ ਭਾਸ਼ਨ ਦੌਰਾਨ ਵਰਕਸ਼ਾਪ ਦੀ ਰੂਪ-ਰੇਖਾ ਅਤੇ ਟੀਚਿਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬੀ ਭਾਸ਼ਾ ਨੂੰ ਅਜੋਕੇ ਡਿਜੀਟਲ ਯੁੱਗ ਦੇ ਹਾਣ ਦੀ ਬਣਾਉਣ ਲਈ ਬਹੁਤ ਵੱਡੇ ਉਪਰਾਲਿਆਂ ਦੀ ਜ਼ਰੂਰਤ ਹੈ। ਇਸੇ ਤਹਿਤ ਹੀ ਭਾਸ਼ਾ ਵਿਭਾਗ ਵੱਲੋਂ ਪੰਜਾਬੀ ਭਾਸ਼ਾ ਨੂੰ ਮਸ਼ੀਨੀ ਬੁੱਧੀਮਾਨਤਾ 'ਚ ਸਥਾਪਤ ਕਰਨ ਲਈ ਯਤਨ ਆਰੰਭ ਕੀਤੇ ਹਨ। ਜਿਸ ਦਾ ਮਕਸਦ ਹੋਰਨਾਂ ਲੋਕਾਂ ਨੂੰ ਜਾਗਰੂਕ ਕਰਨਾ ਅਤੇ ਇਸ ਮਿਸ਼ਨ ਨਾਲ ਜੋੜਨਾ ਹੈ। ਉਨ੍ਹਾਂ ਪੰਜਾਬੀ ਹਿਤੈਸ਼ੀਆਂ ਨੂੰ ਅਪੀਲ ਕੀਤੀ ਕਿ ਉਹ ਜੁਝਾਰੂ ਸਿਪਾਹੀਆਂ ਵਾਂਗ ਅਜੋਕੇ ਯੁੱਗ ਦੀ ਵੱਡੀ ਲੋੜ ਮਸ਼ੀਨੀ ਬੁੱਧੀਮਾਨਤਾ ਲਈ ਸਾਂਝੇ ਤੌਰ 'ਤੇ ਹੰਭਲੇ ਮਾਰਨ।

ਡਾ. ਸੀ. ਪੀ. ਕੰਬੋਜ ਨੇ ਚਾਰ ਸ਼ੈਸ਼ਨਾਂ ਵਾਲੀ ਵਰਕਸ਼ਾਪ ਦੌਰਾਨ ਪੰਜਾਬੀ ਭਾਸ਼ਾ ਦੇ ਪ੍ਰਚਾਰ-ਪ੍ਰਸਾਰ ਲਈ ਕੰਪਿਊਟਰ ਤੇ ਫੋਨ ਦੀ ਵਰਤੋਂ, ਪੰਜਾਬੀ ਫੌਂਟਸ ਤੇ ਭਾਸ਼ਾ ਨਾਲ ਸਬੰਧਤ ਸਾਫਟਵੇਅਰਜ਼ ਦੀ ਸਹੀ ਤੇ ਸੁਚੱਜੀ ਵਰਤੋਂ, ਪੰਜਾਬੀ ਸਾਹਿਤ ਤੇ ਭਾਸ਼ਾ ਨਾਲ ਸਬੰਧਤ ਹੋਰ ਸਮੱਗਰੀ ਦੀ ਡਿਜੀਟਲਾਈਜੇਸ਼ਨ ਬਾਰੇ ਵੱਖ-ਵੱਖ ਸ਼ੈਸ਼ਨਾਂ ਦੌਰਾਨ ਪ੍ਰੋਜੈਕਟਰ ਦੀ ਮੱਦਦ ਨਾਲ ਅਭਿਆਸ ਰੂਪ 'ਚ ਵੱਡਮੁੱਲੀ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਡਾ. ਕੰਬੋਜ ਨੇ ਕਿਹਾ ਕਿ ਭਾਸ਼ਾ ਵਿਭਾਗ ਨੇ ਇਸ ਵਰਕਸ਼ਾਪ ਰਾਹੀਂ ਬੜੀ ਵੱਡੀ ਸ਼ੁਰੂਆਤ ਕੀਤੀ ਹੈ। ਸਾਡੇ ਕੋਲ ਪੰਜਾਬੀ ਭਾਸ਼ਾ 'ਚ ਰਚਿਆ ਵੱਡਮੁੱਲਾ ਸਾਹਿਤਕ ਤੇ ਬਹੁਪੱਖੀ ਖਜ਼ਾਨਾ ਉਪਲਬਧ ਹੈ, ਜਿਸ ਨੂੰ ਡਿਜੀਟਲ ਰੂਪ 'ਚ ਵੱਖ-ਵੱਖ ਪਲੇਟਫਾਰਮਾਂ 'ਤੇ ਅੱਪਲੋਡ ਕਰਨ ਦੀ ਜ਼ਰੂਰਤ ਹੈ। ਜਿਸ ਨਾਲ ਸਾਡੀ ਭਾਸ਼ਾ ਆਪਣੇ-ਆਪ ਹੀ ਮਸ਼ੀਨੀ ਬੁੱਧੀਮਾਨਤਾ ਦੇ ਖੇਤਰ 'ਚ ਅਮੀਰ ਹੋ ਜਾਵੇਗੀ।

ਮੁਕਤੀਧਾਮ ਸ਼ਿਵ ਮੰਦਿਰ ਮਾਲਵਾ ਚੌਂਕ ਵਿਖੇ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ

ਮਾਛੀਵਾੜਾ ਸਾਹਿਬ, 30 ਅਗਸਤ
-ਜਤਿੰਦਰ ਕੁਮਾਰ ਝੜੌਂਦੀ-
-ਕੌਮੀ ਪੱਤ੍ਰਿਕਾ ਬਿਊਰੋ-

ਸ੍ਰੀ ਮੁਕਤੀਧਾਮ ਸ਼ਿਵ ਮੰਦਿਰ ਮਾਲਵਾ ਚੌਂਕ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਬਹੁਤ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਭਜਨ ਸੰਧਿਆ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਗਗਨ ਭੰਗੂ ਐਂਡ ਪਾਰਟੀ ਮਾਛੀਵਾੜਾ ਸਾਹਿਬ ਵੱਲੋਂ ਧਾਰਮਿਕ ਗੀਤ ਪੇਸ਼ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਭਾਰੀ ਸੰਗਤ ਦੀ ਮੌਜੂਦਗੀ ਵਿੱਚ ਬਾਲ ਕਲਾਕਾਰਾਂ ਵੱਲੋਂ ਕ੍ਰਿਸ਼ਨ ਅਤੇ ਸੁਦਾਮਾ ਮਿਲਨ ਦੀ ਝਾਕੀ ਵੀ ਪੇਸ਼ ਕੀਤੀ ਜਿਸ ਨੂੰ ਵੇਖ ਸੰਗਤਾਂ ਭਾਵੁਕ ਹੋ ਗਈਆਂ।

ਇਸ ਸਮਾਗਮ ਵਿਚ ਵਿਸ਼ਵ ਹਿੰਦੂ ਸੰਗਠਨ ਦੇ ਕੌਮੀ ਪ੍ਰਧਾਨ ਸ਼੍ਰੀ ਵਿਜੈ ਸਿੰਘ ਰਾਜਪੁਰੋਹਿਤ ਭੋਜਾਸ ਵਿਸ਼ੇਸ਼ ਤੌਰ ਤੇ ਪਹੁੰਚੇ ਜਿਨ੍ਹਾਂ ਸੰਗਤਾਂ ਨੂੰ ਗਊ,ਧਰਮ ਰੱਖਿਆ ਅਤੇ ਸੜਕਾਂ ਦੇ ਕਿਨਾਰੇ ਜ਼ਖਮੀ ਹਾਲਾਤ ਵਿੱਚ ਪਈਆਂ ਗਾਵਾਂ ਦੀ ਸੇਵਾ ਤੇ ਸੰਭਾਲ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਕਮੇਟੀ ਪ੍ਰਬੰਧਕਾਂ ਵੱਲੋਂ ਸ਼੍ਰੀ ਵਿਜੈ ਸਿੰਘ ਦਾ ਸਨਮਾਨ ਕੀਤਾ ਗਿਆ ਅਤੇ ਮੌਕੇ ਮਟਕੀ ਫੋੜ ਮੇਲੇ ਦਾ ਵੀ ਆਯੋਜਨ ਕੀਤਾ ਗਿਆ ਜਿਸ ਵਿੱਚ ਨੌਜਵਾਨਾਂ ਨੇ ਸ਼ਮੂਲੀਅਤ ਕੀਤੀ ਅਤੇ ਇੱਕ ਸਥਾਨਕ ਯੂਥ ਗਰੁੱਪ ਵੱਲੋਂ ਮਟਕੀ ਫੋੜੀ ਗਈ ਜਿਨ੍ਹਾਂ ਨੂੰ ਕਮੇਟੀ ਵੱਲੋਂ ਸਨਮਾਨ ਤੇ ਇਨਾਮ ਰਾਸ਼ੀ ਭੇਂਟ ਕੀਤੀ ਗਈ।

ਬ੍ਰਹਮਾ ਕੁਮਾਰੀ ਆਸ਼ਰਮ ਵਿਖੇ ਮਨਾਇਆ ਗਿਆ ਜਨਮ ਅਸ਼ਟਮੀ ਦਾ ਤਿਉਹਾਰ

ਨਾਭਾ, 30 ਅਗਸਤ/ -ਸੁਧੀਰ ਜੈਨ-
-ਕੌਮੀ ਪੱਤ੍ਰਿਕਾ ਬਿਊਰੋ-

ਬ੍ਰਹਮਾ ਕੁਮਾਰੀ ਆਸ਼ਰਮ ਨਾਭਾ ਵਿਖੇ ਵੀਨਾ ਦੀਦੀ ਦੀ ਅਗਵਾਈ ਹੇਠ ਅਸ਼ਟਮੀ ਦਾ ਤਿਉਹਾਰ ਬੜੀ ਸ਼ਰਧਾ ਭਾਵਨਾ ਤੇ ਧੂਮ ਧਾਮ ਨਾਲ ਮਨਾਇਆ ਗਿਆ ਇਸ ਮੌਕੇ ਮਨਮੋਹਕ ਦਿ ?ਸਾ ਦੀਆਂ ਝਾਕੀਆਂ ਕੱਢੀਆਂ ਗਈਆਂ ਭਜਨ ਸੰਧਿਆ ਦਾ ਗੁਣਗਾਣ ਕੀਤਾ ਗਿਆ ਇਸ ਮੌਕੇ ਵਿਸ਼ੇਸ਼ ਤੌਰ ਚਰਨ ਸਿੰਘ ਗੁਪਤਾ ਪ੍ਰਧਾਨ ਰੋਟਰੀ ਕਲੱਬ ਅਤੇ ਐਮ ਡੀ ਮਲਕੀਤ ਕੰਬਾਈਨ ਅਤੇ ਉੱਘੇ ਸਮਾਜ ਸੇਵੀ ਰਵਿੰਦਰ ਸਿੰਘ

ਇੱਛਾ ਨੂੰ ਆਦਮੀ ਦੀ ਆਬਰੂ ਦਾ ਰੁਤਬਾ ਹਾਸਲ ਹੁੰਦਾ ਹੈ। ਉਸ ਦੇ ਵਿਧਾਨ ਨਾਲ ਜ਼ਿੰਦਗੀ ਨੂੰ ਸਹਿਜੇ ਹੀ ਸਮਝਿਆ ਜਾ ਸਕਦਾ ਹੈ।

ਮਨੁੱਖੀ ਇਛਾਵਾਂ ਤੇ ਹਕੀਕਤ

ਗਿਆਨ ਨੂੰ ਹਾਸਲ ਕਰਨ ਲਈ ਇਕਾਗਰ ਹੋਣਾ ਪੈਂਦਾ ਹੈ। ਅੱਜ ਕੱਲ੍ਹ ਬਹੁਤ ਸਾਰੀਆਂ ਸ਼ਰਾਰਤੀ ਵਿਉਂਤਬੰਦੀਆਂ ਵਿਚਲੇ ਸੁਆਰਥੀ ਸਿਲਸਿਲੇ ਮਨੁੱਖੀ ਮਨ ਨੂੰ ਚੰਚਲਤਾ ਅਤੇ ਚਲਾਕੀਆਂ ਵੱਲ ਲੈ ਕੇ ਜਾ ਰਹੇ ਹਨ। ਸੂਝਵਾਨ ਬਣ ਕੇ ਜਿਊਣ ਵਾਲੀ ਤਮੰਨਾ ਆਦਮੀ ਨੂੰ ਤੰਦਰੁਸਤ ਬਣਾਈ ਰੱਖਦੀ ਹੈ।

ਇੱਛਾ ਨੂੰ ਆਦਮੀ ਦੀ ਆਬਰੂ ਦਾ ਰੁਤਬਾ ਹਾਸਲ ਹੁੰਦਾ ਹੈ। ਇੱਛਾਵਾਂ, ਰੁਚੀਆਂ, ਸੱਧਰਾਂ, ਸੋਚ, ਸਮਝ, ਸਰੋਕਾਰ, ਸਬੰਧ, ਵਿਸ਼ਵਾਸ਼, ਵਿਧੀ ਅਤੇ ਵਿਧਾਨ ਦੁਆਰਾ ਜ਼ਿੰਦਗੀ ਨੂੰ ਸਹਿਜੇ ਹੀ ਸਮਝਿਆ ਜਾ ਸਕਦਾ ਹੈ। ਇੱਥੇ ਆ ਕੇ ਸਾਡੇ ਸਾਹਮਣੇ ਇਕਦਮ ਇਕ ਨੁਕਤਾ ਉਜਾਗਰ ਹੋਣ ਲੱਗ ਪੈਂਦਾ ਹੈ ਕਿ ਆਪਣੇ ਇਸ ਮੁਲਕ ਨੂੰ ਕੁਦਰਤ ਵੱਲੋਂ ਦਿੱਤੀਆਂ ਸੈਂਕੜੇ ਕਿਸਮ ਦੀਆਂ ਨਿਆਮਤਾਂ ਦੇ ਹੁੰਦਿਆਂ ਕਰੋੜਾਂ ਭਾਰਤ ਨਿਵਾਸੀ ਗ਼ਰੀਬ ਕਿਉਂ ਹਨ? ਨਰਕ ਵਰਗੇ ਹਾਲਾਤ ਆਖਦੇ ਰਹਿੰਦੇ ਹਨ ਕਿ ਅਸੀਂ ਅਜੇ ਆਪਣੇ ਹੱਕ ਪ੍ਰਾਪਤ ਕਰਨ ਦੇ ਵਿਧਾਨਿਕ ਤੱਤ ਤੋਂ ਦੂਰ ਖੜ੍ਹੇ ਹਾਂ। ਹੱਕ ਪ੍ਰਾਪਤ ਕਰਨ ਵਾਲੇ ਤਰੀਕੇ ਨੂੰ ਹੁਨਰ ਕਿਹਾ ਜਾ ਸਕਦਾ ਹੈ। ਹੱਕ ਪ੍ਰਾਪਤ ਕਰਨ ਵਾਲੀ ਇੱਛਾ ਨੂੰ ਹਕੀਕਤ ਕਿਹਾ ਜਾ ਸਕਦਾ ਹੈ। ਹੱਕ ਪ੍ਰਾਪਤ ਕਰਨ ਵਾਲੀ ਵਿੰਦਿਆ ਨੂੰ ਵਿਵੇਕ ਕਿਹਾ ਜਾਂਦਾ ਹੈ।

ਓਮ ਪ੍ਰਕਾਸ਼ ਗਾਸੋ
94635-61123

ਰੌਲੇ ਅਤੇ ਭੀੜ ਵਾਲੇ ਫਾਲਤੂ ਕਿਸਮ ਦੇ ਪਾਠ ਅਤੇ ਪ੍ਰਕਰਣ ਸਿਆਸੀ ਸ਼ੋਸ਼ੇਬਾਜ਼ੀ ਕਾਰਨ ਸਮਾਜਿਕ ਅਤੇ ਸੱਭਿਆਚਾਰਕ, ਆਰਥਿਕ ਅਤੇ ਸੰਸਕ੍ਰਿਤਿਕ ਬੋਝ ਪੈਦਾ ਕਰਦੇ ਰਹਿੰਦੇ ਹਨ। ਸੁਚੇਤ ਬਣ ਕੇ ਗਤੀਸ਼ੀਲ ਹੋਣ ਵਾਲਾ ਸਮਾਜ ਕਦੇ ਵੀ ਸੰਵੇਦਨਸ਼ੀਲ ਭਾਵਨਾ ਨੂੰ ਤਿਲਾਂਜਲੀ ਨਹੀ ਦਿੰਦਾ। ਅੱਜ ਕੱਲ੍ਹ ਆਪਣੇ ਇਸ ਸਮੇਂ ਵਿਚ ਅਸੀਂ ਸਮੱਸਿਆਵਾਂ ਦੇ ਮੂਲ ਨੂੰ ਸਮਝਣ 'ਚ ਕੁਤਾਹੀ ਭਾਵ ਅਣਗਹਿਲੀ ਕਰ ਰਹੇ ਹਾਂ।

ਇਸ ਦਾ ਮਤਲਬ ਇਹ ਬਣਦਾ ਹੈ ਕਿ ਜਿਉਂ-ਜਿਉਂ ਕੋਈ ਸੰਘਰਸ਼ਸ਼ੀਲ ਸਿਲਸਿਲਾ, ਪਛਾਣ, ਪਰਖ ਅਤੇ ਪੜਤਾਲ ਤੋਂ ਦੂਰ ਹੁੰਦਾ ਜਾਵੇਗਾ ਤਿਉਂ-ਤਿਉਂ ਉਲਝਣਾਂ ਵਧਦੀਆਂ ਜਾਣਗੀਆਂ। ਸੁਲਝਾ ਨੂੰ ਸਮਾਧਾਨ ਭਾਵ ਇਲਾਜ ਆਖਿਆ ਜਾ ਸਕਦਾ ਹੈ। ਤੰਦਰੁਸਤ ਇੱਛਾ ਦੁਆਰਾ ਹੀ ਸਹੀ ਇਲਾਜ ਦੀ ਪ੍ਰਾਪਤੀ ਹੋ ਸਕਦੀ ਹੈ।

ਅਣਹੋਣੀਆਂ ਦੀ ਜਾਣਕਾਰੀ ਵਾਸਤੇ ਸਾਡੇ ਆਪਣੇ ਸਮੇਂ ਅਤੇ ਸਮਾਜ ਨੂੰ ਸਾਰਥਿਕਤਾ, ਜਿਗਿਆਸਾ, ਵਿਸ਼ਵਾਸ, ਸੰਕਲਪ, ਸਿਧਾਂਤ ਅਤੇ ਹੁਨਰ ਪ੍ਰਤੀ ਸੁਚੇਤ ਹੋਣਾ ਪਵੇਗਾ। •

• ਡਿਜ਼ਾਈਨ : ਵਰੁਣ ਹੰਸ

ਧੀਆਂ ਦੂਰ ਨਾ ਦਈਏ

ਸੁਖਦੇਵ ਮਾਦਪੁਰੀ
94630-34472

ਪੰਜਾਬੀ ਸਮਾਜ ਮੁੱਖ ਤੌਰ 'ਤੇ ਕਿਸਾਨੀ ਅਧਾਰਤ ਹੈ। ਇਸ ਵਿਚ ਮੁੰਡੇ ਦੇ ਜਨਮ ਅਤੇ ਵਿਆਹ ਦੀ ਵਿਸ਼ੇਸ਼ ਮਹੱਤਤਾ ਰਹੀ ਹੈ। ਇਹ ਦੋਨੋਂ ਮੌਕੇ ਸਮੁੱਚੇ ਪੇਂਡੂ ਭਾਈਚਾਰੇ ਲਈ ਖੁਸ਼ੀਆਂ ਮਾਣਨ ਅਤੇ ਮਨਾਉਣ ਦੇ ਅਵਸਰ ਪ੍ਰਦਾਨ ਕਰਦੇ ਰਹੇ ਹਨ। ਇਸ ਲਈ ਸਮੂਹ ਪੰਜਾਬੀ ਵਿਆਹ ਨੂੰ ਬੜੀ ਤਬੀਰਤਾ ਨਾਲ ਉਡੀਕਦੇ ਹਨ। ਸੁਹਾਗ ਅਤੇ ਘੋੜੀਆਂ ਵਿਆਹ ਦੇ ਪ੍ਰਮੁੱਖ ਲੋਕ-ਗੀਤ ਹਨ। ਧੀ ਵਾਲੇ ਘਰ ਸੁਹਾਗ ਗਾਏ ਜਾਂਦੇ ਹਨ ਅਤੇ ਮੁੰਡੇ ਵਾਲੇ ਘਰ ਘੋੜੀਆਂ ਗਾਉਣ ਦੀ ਪਰੰਪਰਾ ਹੈ।

ਔਰਤ ਮਨ ਦੇ ਮਨੋਭਾਵਾਂ ਦੀ ਤਰਜਮਾਨੀ

ਸੁਹਾਗ ਔਰਤਾਂ ਮਨ ਦੇ ਮਨੋਭਾਵਾਂ ਦੀ ਤਰਜਮਾਨੀ ਕਰਨ ਵਾਲੇ ਗੀਤ ਹਨ। ਮਰਦ ਦੀ ਸਰਦਾਰੀ ਕਾਰਨ ਔਰਤ ਸਦੀਆਂ ਤੋਂ ਦਬੀ ਰਹੀ ਹੈ। ਵਿਆਹ ਦੇ ਮੌਕੇ 'ਤੇ ਗਾਏ ਜਾਂਦੇ ਸੁਹਾਗ ਗੀਤ ਉਸ ਨੂੰ ਆਪਣੇ ਦਿਲ ਦੀ ਦਾਸਤਾਨ ਬਿਆਨ ਕਰਨ ਦਾ ਮੌਕਾ ਪ੍ਰਦਾਨ ਕਰਦੇ ਹਨ। ਇਨ੍ਹਾਂ ਦੀ ਸਿਰਜਣਾ ਔਰਤ ਨੇ ਆਪ ਕੀਤੀ ਹੈ। ਇਹ ਸੰਬੋਧਨੀ ਗੀਤ ਹਨ ਜਿਨ੍ਹਾਂ ਵਿਚ ਧੀ ਆਪਣੇ ਮਨ ਦੀ ਗੱਲ ਕਹਿਣ ਲਈ ਆਪਣੀ ਮਾਂ ਜਾਂ ਦਾਦੀ ਨੂੰ ਸੰਬੋਧਿਤ ਹੁੰਦੀ ਹੈ ਅਤੇ ਆਪਣੇ ਵਰ, ਸਹੁਰਾ ਪਰਿਵਾਰ, ਦਾਜ-ਦਹੇਜ ਅਤੇ ਹੋਰ ਲਾਭ-ਯੁਕਤ ਕਾਰਜਾਂ ਲਈ ਆਪਣੇ ਦਾਦੇ, ਬਾਬਲ, ਭਰਾ ਅਤੇ ਮਾਮੇ ਨੂੰ ਮੁਖ਼ਾਤਿਬ ਹੋ ਕੇ ਆਪਣੀਆਂ ਭਾਵਨਾਵਾਂ ਅਤੇ ਇਛਾਵਾਂ ਦਾ ਇਜ਼ਹਾਰ ਕਰਦੀ ਹੈ।

ਧੀ ਦੀ ਡੋਲੀ ਤੋਰਨ ਦਾ ਦ੍ਰਿਸ਼ ਅਤਿ ਕਰੁਣਾਮਈ ਹੁੰਦਾ ਹੈ। ਉਸ ਦੀਆਂ ਸਹੇਲੀਆਂ ਦਰਦੀਲੇ ਗੀਤ ਗਾ ਕੇ ਸਾਰੇ ਮਾਹੌਲ ਨੂੰ ਸੋਗੀ ਬਣਾ ਦਿੰਦੀਆਂ ਹਨ...

ਧੀਆਂ ਦੇ ਅਰਮਾਨ

ਧੀਆਂ ਦੇ ਵੀ ਆਪਣੇ ਅਰਮਾਨ ਹਨ, ਭਾਵਨਾਵਾਂ ਹਨ ਭਾਵੇਂ ਉਹ ਖੁੱਲ੍ਹ ਕੇ ਆਪਣੇ ਦਿਲ ਦੀ ਗੱਲ ਨਹੀਂ ਸੀ ਕਰ ਸਕਦੀਆਂ ਪਰੰਤੂ ਉਹ ਆਪਣੇ ਵਰ ਅਤੇ ਸਹੁਰੇ ਪਰਿਵਾਰ ਦੀ ਚੋਣ ਸਬੰਧੀ ਚਾਹਤ ਦਾ ਪ੍ਰਗਟਾਵਾ ਸੁਹਾਗ ਗੀਤਾਂ ਦੇ ਮਾਧਿਅਮ ਰਾਹੀਂ ਕਰ ਲੈਂਦੀਆਂ ਸਨ :

ਵਰ ਜੋ ਟੋਲਣ ਚੱਲਿਆ ਪਿਓ ਮੇਰਿਆ
ਪੱਲੇ ਬੰਨ੍ਹ ਲੈ ਬਾਬਲਾ ਦੀਮ ਵੇ
ਚੋਪੜ ਖੇਲਦੇ ਦੋ ਜਾਣੇ
ਪਿਓ ਮੇਰਿਆ ਰਾਜੇ ਬੰਸੀਆ ਵੇ
ਇੱਕੋ ਸਹੇੜੇ ਛੈਲ ਵੇ
ਇਕ ਦੇ ਹੱਥ ਬੰਸਰੀ
ਦੂਜੇ ਹੱਥ ਮੋਰ ਵੇ
ਵੱਜਣ ਲੱਗੀ ਬੰਸਰੀ
ਕੂਕਣ ਲੱਗੇ ਮੋਰ ਵੇ
ਗੋਰਾ-ਗੋਰਾ ਮੈਂ ਵਰਾਂ
ਕਾਲੇ ਸਹੇੜੇ ਕੋਈ ਹੋਰ ਵੇ...

ਗੋਰੇ ਤੇ ਛੈਲ ਛਬੀਲੇ ਵਰ ਦੀ ਚਾਹਤ

ਗੋਰੇ ਤੇ ਛੈਲ ਛਬੀਲੇ ਵਰ ਦੀ ਚਾਹਤ ਉਪਰੰਤ ਹਰ ਮੁਟਿਆਰ ਚਾਹੁੰਦੀ ਹੈ ਕਿ ਉਸ ਦਾ ਸਹੁਰਾ ਪਰਿਵਾਰ ਪਰੀ- ਪੂਰਨ ਅਤੇ ਰੱਜਿਆ ਪੁੱਜਿਆ ਹੋਵੇ। ਉਹ ਇਹ ਵੀ ਲੋਚਦੀ ਹੈ ਕਿ ਉਸ ਦਾ ਸਹੁਰਾ ਪਿੰਡ ਉਸ ਦੇ ਪੇਕੇ ਪਿੰਡ ਤੋਂ ਬਹੁਤਾ ਦੂਰ ਨਾ ਹੋਵੇ। ਉਨ੍ਹਾਂ ਵੇਲਿਆਂ ਵਿਚ ਆਵਾਜਾਈ ਦੇ ਸਾਧਨ ਸੀਮਤ ਸਨ। ਦੁਸ਼ਵਾਰ ਰਾਹਾਂ ਕਾਰਨ ਸਹੁਰੀ ਬੈਠੀ ਧੀ ਨੂੰ ਵਰ੍ਹਿਆਂ ਬੱਧੀ ਕੋਈ ਮਿਲਣ ਨਹੀਂ ਸੀ ਜਾਂਦਾ। ਵਿਚਾਰੀ ਝੂਰਦੀ ਰਹਿੰਦੀ ਇਸੇ ਲਈ ਉਹ ਆਪਣੇ ਬਾਬਲ ਨੂੰ ਬਹੁਤੀ ਦੂਰ ਰਿਸ਼ਤਾ ਕਰਨ ਤੋਂ ਹੋਰਦੀ ਹੈ :

ਮੈਂ ਤੈਨੂੰ ਵਰਜਦੀ ਬਾਬਲਾ ਵੇ
ਧੀਆਂ ਦੂਰ ਨਾ ਦਈਏ
ਦੂਰਾਂ ਦੀਆਂ ਵਾਟਾਂ ਲੰਮੀਆਂ
ਵੇ ਸਾਥੋਂ ਤੁਰਿਆ ਨਾ ਜਾਵੇ
ਤੁਰਦੀ ਆਂ ਛਮ-ਛਮ ਰੋਂਨੀ ਆਂ
ਵੇ ਨੈਣੀਂ ਨੀਂਦ ਨਾ ਆਵੇ..

ਪਿਤਾ ਦੀ ਚੋਣ 'ਤੇ ਵਾਰੇ-ਵਾਰੇ ਜਾਣਾ

ਜਦੋਂ ਉਸ ਨੂੰ ਆਪਣੇ ਮਨ ਪਸੰਦ ਦਾ ਵਰ ਪ੍ਰਾਪਤ ਹੋ ਜਾਂਦਾ ਹੈ ਤਾਂ ਉਸ ਦੀ ਖੁਸ਼ੀ ਦਾ ਕੋਈ ਪਾਰਾਵਾਰ ਨਹੀਂ ਰਹਿੰਦਾ। ਉਹ ਆਪਣੇ ਪਿਤਾ ਦੀ ਚੋਣ 'ਤੇ ਵਾਰੇ-ਵਾਰੇ ਜਾਂਦੀ ਹੈ। ਧੀ ਦੇ ਵਿਆਹ ਦੇ ਕਾਰਜ ਨੂੰ ਪਵਿੱਤਰ ਤੇ ਪੁੰਨ ਵਾਲਾ ਕਾਰਜ ਸਮਝਿਆ ਜਾਂਦਾ ਸੀ। ਓਦੋਂ ਆਨੰਦ ਕਾਰਜ ਦੀ ਰਸਮ ਸ਼ੁਰੂ ਨਹੀਂ ਸੀ ਹੋਈ ਪੰਡਤ-ਪਾਧੇ ਬੇਦੀ ਦੇ ਦੁਆਲੇ ਲਾੜਾ, ਲਾੜੀ ਦੀਆਂ ਭੁਆਂਟਣੀਆਂ ਦੇ ਕੇ ਇਹ ਰਸਮ ਅਦਾ ਕਰਦੇ ਸਨ। ਇਸ ਰਸਮ ਨੂੰ ਸਾਹਾ ਸਧਾਉਣ ਦੀ ਰਸਮ ਕਹਿੰਦੇ ਸਨ। ਇਸ ਬਦਲੇ ਪੰਡਤ ਪਾਧੇ ਨੂੰ ਗਾਊਆਂ ਦਾਨ ਵਜੋਂ ਦੇਣ ਦਾ ਰਿਵਾਜ ਸੀ ਤੇ ਧੀਆਂ ਦੇ ਦਾਨ ਜਵਾਈ ਲੈਂਦੇ ਸਨ :

ਬੇਦੀ ਦੇ ਅੰਦਰ ਮੇਰਾ ਬਾਬਾ ਬੁਲਾਵੇ
ਸੰਦਿਆਂ ਬਾਝ ਕਿਉਂ ਨੀ ਆਉਂਦਾ
ਵੇ ਰੰਗ ਰਤੜਿਆ ਕਾਨ੍ਹਾਂ
ਗਊਆਂ ਦੇ ਦਾਨ ਪਾਧੇ ਪੰਡਤ ਲੈਂਦੇ
ਧੀਆਂ ਦੇ ਦਾਨ ਜਮਾਈ
ਵੇ ਰੰਗ ਰਤੜਿਆ ਕਾਨ੍ਹਾਂ
ਦਿੱਤੜੇ ਦਾਨ ਕਿਉਂ ਨੀਂ ਲੈਂਦਾ
ਵੇ ਰੰਗ ਰਤੜਿਆ ਕਾਨ੍ਹਾਂ..

ਧੀ ਦਾ ਰੁਦਨ

ਧੀ ਦੇ ਮਾਪੇ ਚਾਹੇ ਕਿੰਨੇ ਵੀ ਬਖ਼ਤਾਵਰ ਹੋਣ ਪਰੰਤੂ ਉਨ੍ਹਾਂ ਦੀ ਸਥਿਤੀ ਧੀ ਦੇ ਸਹੁਰਿਆਂ ਨਾਲੋਂ ਦੁਜੈਲੀ ਹੁੰਦੀ ਹੈ। ਧੀ ਦਾ ਬਾਬਾ ਤੇ ਬਾਬਲ ਗਲ਼ ਵਿਚ ਪੱਲਾ ਪਾ ਕੇ ਉਸ ਦਾ ਸਾਹਾ ਸਧਾਉਂਦੇ ਹਨ। ਧੀ ਦੀ ਡੋਲੀ ਤੋਰਨ ਦਾ ਦ੍ਰਿਸ਼ ਅਤਿ ਕਰੁਣਾਮਈ ਹੁੰਦਾ ਹੈ। ਉਸ ਦੀਆਂ ਸਹੇਲੀਆਂ ਦਰਦੀਲੇ ਗੀਤ ਗਾ ਕੇ ਸਾਰੇ ਮਾਹੌਲ ਨੂੰ ਸੋਗੀ ਬਣਾ ਦਿੰਦੀਆਂ ਹਨ। ਵਿਦਾ ਹੋ ਰਹੀ ਧੀ ਦਾ ਰੁਦਨ ਝੱਲਿਆ ਨੀਂ ਜਾਂਦਾ। •

ਬੱਚੇ ਨੂੰ ਚੰਗੇ ਮਾੜੇ ਦੀ ਪਛਾਣ ਕਰਵਾਓ

ਬਚਪਨ ਇਕ ਅਜਿਹੀ ਅਵਸਥਾ ਹੈ ਜਿਸ ਸਮੇਂ ਬੱਚੇ ਨੂੰ ਚੰਗੇ ਮਾੜੇ ਦੀ ਪਛਾਣ ਨਹੀ ਹੁੰਦੀ। ਇਸ ਉਮਰੇ ਪਈਆਂ ਆਦਤਾਂ ਸਮਾਂ ਪਾ ਕੇ ਪੱਕ ਜਾਂਦੀਆਂ ਹਨ। ਇਸ ਕਰਕੇ ਮਾਂ ਬਾਪ ਨੂੰ ਚਾਹੀਦਾ ਹੈ ਕਿ ਬੱਚਿਆਂ ਨੂੰ ਮਾੜੀਆਂ ਆਦਤਾਂ ਬਚਪਨ ਵਿਚ ਹੀ ਨਾ ਪੈਣ ਦਿੱਤੀਆਂ ਜਾਣ। ਇਸ ਉਮਰੇ ਚੰਗੀਆਂ ਆਦਤਾਂ ਪਾਉਣੀਆਂ ਵੱਡੀ ਉਮਰ ਦੇ ਮੁਕਾਬਲੇ ਸੌਖੀਆਂ ਹੁੰਦੀਆਂ ਹਨ। ਸਾਫ਼-ਸੁਥਰੇ ਬੱਚੇ ਨੂੰ ਵੇਖ ਕੇ ਹਰ ਇਕ ਦਾ ਮਨ ਖ਼ੁਸ਼ ਹੁੰਦਾ ਹੈ। ਇਸ ਕਰਕੇ ਬੱਚੇ ਨੂੰ ਸਕੂਲ ਜਾਣ ਸਮੇਂ ਤੋਂ ਹੀ ਨਹਾਉਣ ਤੇ ਸਾਫ਼-ਸੁਥਰੇ ਕੱਪੜੇ ਰੱਖਣ ਦੀ ਆਦਤ ਪਾਉਣੀ ਚਾਹੀਦੀ ਹੈ, ਹੋ ਸਕੇ ਤਾਂ ਸਕੂਲ ਜਾਣ ਤੇ ਆਉਣ ਸਮੇਂ ਬੱਚੇ ਨੂੰ ਖ਼ੁਦ ਕੱਪੜੇ ਪਾਉਣ ਤੇ ਉਤਾਰਨ ਲਈ ਸਿਖਾਉਣਾ ਚਾਹੀਦਾ ਹੈ। ਸਕੂਲ ਤੋਂ ਜੋ ਵੀ ਕੰਮ ਮਿਲੇ, ਬੱਚੇ ਨੂੰ ਹਰ ਰੋਜ਼ ਕਰਨ ਦੀ ਆਦਤ ਪਾਉਣੀ ਚਾਹੀਦੀ ਹੈ।

ਬੱਚਾ ਅਕਸਰ ਦੇਖ ਜਾਂ ਸੁਣ ਕੇ ਸਿੱਖਦਾ ਹੈ। ਇਸ ਕਰਕੇ ਬੱਚੇ ਦੇ ਸਾਹਮਣੇ ਸਹੀ ਵਤੀਰਾ ਰੱਖਣਾ ਚਾਹੀਦਾ ਹੈ ਤੇ ਭੱਦੀ ਸ਼ਬਦਾਵਲੀ ਤੋਂ ਬਚਣਾ ਚਾਹੀਦਾ ਹੈ। ਬੱਚੇ ਨੂੰ ਬਚਪਨ ਤੋਂ ਹੀ ਘਰ ਆਏ ਮਹਿਮਾਨ ਨੂੰ ਸਤਿ ਸ੍ਰੀ ਅਕਾਲ ਬੁਲਾਉਣ ਤੇ ਉਨ੍ਹਾਂ ਦੇ ਲਾਗੇ ਆ ਕੇ ਬੈਠਣ ਲਈ ਸਿਖਾਉਣਾ ਚਾਹੀਦਾ ਹੈ। ਬੱਚੇ ਨੂੰ ਬਚਪਨ ਤੋਂ ਹੀ ਫਜ਼ੂਲ ਖਰਚੀ ਤੋਂ ਪ੍ਰਹੇਜ਼ ਤੇ ਜੇਬ ਖਰਚ ਲਈ ਮਿਲਦੇ ਪੈਸਿਆਂ ਵਿੱਚੋਂ ਕੁਝ ਪੈਸੇ ਜਮ੍ਹਾਂ ਕਰਨ ਲਈ ਦੱਸਣਾ ਚਾਹੀਦਾ ਹੈ ਤਾਂ ਕਿ ਉਹ ਆਪਣੀ ਪੜ੍ਹਾਈ ਲਈ ਜ਼ਰੂਰੀ ਵਸਤਾਂ ਖਰੀਦ ਸਕੇ। ਨਹਾਉਣ ਸਮੇਂ ਜਾਂ ਹੱਥ ਧੋਂਦੇ ਸਮੇਂ ਘੱਟ ਪਾਣੀ ਵਰਤਣ, ਕਮਰੇ ਤੋਂ ਬਾਹਰ ਨਿਕਲਣ ਸਮੇਂ ਵਾਧੂ ਬਲਬ, ਪੱਖੇ ਬੰਦ ਕਰਨ, , ਘੱਟ ਟੀਵੀ ਦੇਖਣ ਦੀਆਂ ਆਦਤਾਂ ਬੱਚੇ ਵਿਚ ਬਚਪਨ ਤੋਂ ਹੀ ਪਾਉਣੀਆਂ ਚਾਹੀਦੀਆਂ ਹਨ।

ਬੱਚਿਆਂ ਨੂੰ ਬਚਪਨ ਤੋਂ ਹੀ ਬਰਗਰ, ਨੂਡਲਜ਼, ਪੀਜ਼ਾ ਖਾਣ ਤੋਂ ਰੋਕਣਾ ਚਾਹੀਦਾ ਹੈ ਤੇ ਭੋਜਨ ਸਬੰਧੀ ਚੰਗੀਆਂ ਆਦਤਾਂ ਪਾਉਣੀਆਂ ਚਾਹੀਦੀਆਂ ਹਨ ਤੇ ਖਾਣਾ ਜਿੰਨ੍ਹਾਂ ਖਾਣਾ ਹੈ ਉਨ੍ਹਾਂ ਹੀ ਪਾਉਣ ਲਈ ਸਿਖਾਉਣਾ ਚਾਹੀਦਾ ਹੈ।

• ਸ਼ਮਸ਼ੇਰ ਸਿੰਘ ਸੋਹੀ

ਮੁਸਕਰਾਹਟਾਂ ਵੰਡਦੇ ਚਿਹਰੇ

ਮੁਸਕਰਾਉਂਦਾ ਚਿਹਰਾ, ਹਰੇ ਸੇਬਾਂ ਵਿਚ ਲਾਲ ਸੇਬ ਵਾਂਗ ਲਗਦਾ ਹੈ। ਦੁੱਧ ਉੱਤੇ ਆਈ ਮਲਾਈ, ਦੁੱਧ ਦੀ ਮੁਸਕਰਾਹਟ ਹੁੰਦੀ ਹੈ। ਧੋਤੇ ਹੋਏ ਕੱਪੜੇ ਅਤੇ ਮਾਂਜੇ ਹੋਏ ਭਾਂਡੇ ਵੀ ਮੁਸਕਰਾਉਂਦੇ ਹਨ। ਅਧਿਆਪਕਾਂ ਦੀਆਂ ਸਮਝਾਈਆਂ ਗੁੱਝੀਆਂ ਗੱਲਾਂ, ਵਿਦਿਆਰਥੀਆਂ ਦੇ ਚਿਹਰਿਆਂ 'ਤੇ ਮੁਸਕਰਾਹਟਾਂ ਉਪਜਾਉਂਦੀਆਂ ਹਨ। ਨਵੇਂ ਜਮਾਤੀ ਮੁਸਕਰਾਉਂਦੇ-ਮੁਸਕਰਾਉਂਦੇ ਇਕ ਦੂਜੇ ਦੇ ਨੇੜੇ ਆ ਜਾਂਦੇ ਹਨ। ਜਮਾਤੀ ਹੋਣ ਦੇ ਅਧਿਕਾਰ ਨਾਲ ਨਵੇਂ ਦਾਖ਼ਲ ਹੋਏ ਲੜਕੇ ਨੇ ਆਪਣੀ ਜਮਾਤਣ ਲੜਕੀ ਨੂੰ ਪੁੱਛਿਆ, ਕਿੰਨੇ ਦਿਨ ਹੋ ਗਏ ਹਨ, ਤੂੰ ਕਾਲਜ ਨਹੀਂ ਆਈ? ਲੜਕੀ ਨੇ ਘਬਰਾ ਕੇ ਸ਼ਰਮਾਉਂਦਿਆਂ, ਮੁਸਕਰਾ ਕੇ ਕਿਹਾ, 'ਤੂੰ ਕਦੋਂ ਤੋਂ ਦਿਨ ਗਿਣਨੇ ਸ਼ੁਰੂ ਕਰ ਦਿੱਤੇ ਹਨ। ਚੋਰ ਜਿੰਦਰਿਆਂ ਨੂੰ ਵੇਖ ਕੇ ਮੁਸਕਰਾਉਂਦੇ ਹਨ। ਹਰ ਕਿਸੇ ਦੀ ਜ਼ਿੰਦਗੀ ਵਿਚ ਕੋਈ ਨਾ ਕੋਈ ਆਉਂਦਾ ਹੈ, ਜਿਸ ਦੀਆਂ ਮੁਸਕਰਾਹਟਾਂ ਚੇਤਿਆਂ ਵਿਚ ਵੱਸ ਜਾਂਦੀਆਂ ਹਨ।

ਤੁਹਾਡੀ ਜ਼ਿੰਦਗੀ ਵਿਚ ਵੀ ਕੋਈ ਆਇਆ ਹੋਵੇਗਾ! ਮੇਰੇ ਜੀਵਨ ਵਿਚ ਵੀ ਇਕ ਆਈ ਸੀ। ਜਿਸ ਤੋਂ ਪਤਾ ਲੱਗਿਆ ਸੀ ਕਿ ਸੁੰਦਰਤਾ ਉਹ ਹੈ, ਜਿਸ ਨੂੰ ਅਸੀਂ ਵੇਖਦੇ ਹਾਂ, ਸੋਹਣਾ ਉਹ ਹੈ ਜਿਹੜਾ ਸਾਨੂੰ ਵੇਖਦਾ ਹੈ। ਉਹ ਮੇਰੀ ਜਮਾਤਣ ਸੀ। ਹੋਰਾਂ ਲਈ ਉਹ ਚਾਨਣ-ਮੁਨਾਰਾ ਸੀ। ਮੇਰੇ ਲਈ ਉਹ ਬੰਦਰਗਾਹ ਸੀ। ਉਸ ਦੇ ਦਰਸ਼ਨ ਕਰਨਾ ਮੇਰੀਆਂ ਅੱਖਾਂ ਦਾ ਨਿੱਤਨੇਮ ਸੀ। ਮੈਨੂੰ ਉਸ ਦਾ ਪਰਛਾਵਾਂ ਵੀ ਮੁਸਕਰਾਉਂਦਾ ਵਿਖਾਈ ਦਿੰਦਾ ਸੀ। ਉਸ ਦੀ ਆਵਾਜ਼ ਵਿਚ ਜਲਤਰੰਗ ਸੀ। ਉਸ ਦੀ ਤੱਕਣੀ ਆਲੇ-ਦੁਆਲੇ ਨੂੰ ਚਿੱਤਰ ਬਣਾ ਦਿੰਦੀ ਸੀ। ਉਹ ਇਕੱਲੀ ਹੀ ਬਹੁ-ਸੰਮਤੀ ਸੀ। ਉਸ ਦੇ ਕਲਾਸ ਵਿਚ ਆਉਣ ਨਾਲ ਵਿਆਹ ਵਾਲੀ ਰੌਣਕ ਹੋ ਜਾਂਦੀ ਸੀ। ਉਹ ਆਪਣੀ ਰੋ ਰਹੀ ਸਹੇਲੀ ਨੂੰ ਚੁੱਪ ਕਰਾਉਂਦੀ-ਕਰਾਉਂਦੀ ਆਪ ਰੋਣ ਲੱਗ ਪੈਂਦੀ ਸੀ। ਉਸ ਦੀ ਹਰ ਚੀਜ਼ ਚੋਰੀ ਕਰ ਕੇ ਸਾਂਭਣਯੋਗ ਸੀ। ਉਸ ਦੀ ਅਮੀਰੀ ਇਹ ਸੀ ਕਿ ਉਹ ਹਰ ਵੇਲੇ ਮੁਸਕਰਾਉਂਦੀ ਰਹਿੰਦੀ ਸੀ। ਉਸ ਨੂੰ ਮੁਸਕਰਾਉਣ ਵਾਸਤੇ ਕੋਈ ਕਾਰਨ ਨਹੀਂ ਸੀ ਲੱਭਣਾ ਪੈਂਦਾ। ਉਹ ਸਾਡੇ ਸਾਰਿਆਂ ਦੀ ਸੋਚ ਉੱਤੇ ਰਾਜ ਕਰਦੀ ਸੀ। ਉਸ ਦੀ ਸੂਰਤ ਵੇਖ ਕੇ ਸਾਨੂੰ ਸਾਰਿਆਂਨੂੰ ਆਪਣੀ ਸ਼ਕਲ ਭੁੱਲ ਜਾਂਦੀ ਸੀ। ਜਿੰਨੀ ਸੁੰਦਰਤਾ ਕਿਸੇ ਵਿਚ ਵੇਖਣ ਦੀ ਹਿੰਮਤ ਹੁੰਦੀ ਸੀ। ਉਹ ਉਨੀ ਹੀ ਸੁੰਦਰ ਲੱਗਦੀ ਸੀ। ਕਿਸੇ ਵੀ ਤਸਵੀਰ ਵਿਚ ਉਸ ਦੀ ਸੁੰਦਰਤਾ ਦੇ ਸਾਰੇ ਪੱਖ ਨਹੀਂ ਸਨ ਆ ਸਕਦੇ। ਉਸ ਦਾ ਦਿਸੀ ਜਾਣਾ ਹੀ ਸਾਡੀ ਪੂਰਨਤਾ ਸੀ।

• ਨਰਿੰਦਰ ਸਿੰਘ ਕਪੂਰ
98158-80435

**ਸਾਨੂੰ ਪਰਮਾਤਮਾ ਦਾ ਸ਼ੁਕਰਾਨਾ ਕਰਨਾ ਚਾਹੀਦਾ ਹੈ ਕਿ ਉਸ ਨੇ ਸਾਨੂੰ ਇਨੀਂ ਸੋਹਣੀ ਸ੍ਰਿਸ਼ਟੀ 'ਚ ਜਨਮ ਦਿੱਤਾ ਹੈ। ਮੈਂ ਜਦੋਂ ਵੀ ਕੁਦਰਤ ਨੂੰ ਤੱਕਦੀ ਹਾਂ ਤਾਂ ਮੇਰਾ ਰੋਮ-ਰੋਮ ਖਿੜ ਉੱਠਦਾ ਹੈ

ਚੋਣ ਦੌਰਾਨ, ਰਾਜਨੀਤਕ ਪਾਰਟੀਆ ਨੂੰ ਹੋਰ ਰਾਜਨੀਤਿਕ ਪਾਰਟੀਆਂ ਅਤੇ ਉਮੀਦਵਾਰਾਂ ਦੀ ਆਲੋਚਨਾ ਸਿਰਫ ਉਨ੍ਹਾਂ ਦੀਆਂ ਨੀਤੀਆਂ, ਪ੍ਰੋਗ੍ਰਾਮਾਂ, ਕੰਮਾਂ ਤਕ ਹੀ ਹੋਣੀ ਚਾਹੀਦੀ ਹੈ ਸੀਮਤ

ਚੰਡੀਗੜ੍ਹ, 30 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤ ਚੋਣ ਕਮਿਸ਼ਨ ਵੱਲੋਂ ਹਰਿਆਣਾ ਵਿਧਾਨਸਭਾ ਆਮ ਚੋਣ-2024 ਲਈ ਉਮੀਦਵਾਰਾਂ ਤੇ ਰਾਜਨੀਤਿਕ ਪਾਰਟੀਆਂ ਦੇ ਲਈ ਚੋਣ ਦੌਰਾਨ ਕੀ ਕਰਨਾ ਹੈ ਅਤੇ ਕੀ ਨਹੀਂ (ਡੂਜ ਐਂਡ ਡੋਂਟਸ) ਦੇ ਵਿਸਤਾਰ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ। ਇੰਨ੍ਹਾਂ ਦਿਸ਼ਾ-ਨਿਰਦੇਸ਼ਾਂ ਦਾ ਚੋਣ ਦੀ ਪ੍ਰਕ੍ਰਿਆ ਪੂਰੀ ਹੋਣ ਤਕ ਪਾਲਣ ਕੀਤਾ ਜਾਣਾ ਜਰੂਰੀ ਹੈ।

ਹਰਿਆਣਾ ਦੇ ਮੁੱਖ ਚੋਣ ਅਧਿਕਾਰੀ ਸ੍ਰੀ ਪੰਕਜ ਅਗਰਵਾਲ ਨੇ ਇਸ ਸਬੰਧ ਵਿਚ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਸਾਰੀ ਪਾਰਟੀਆਂ ਅਤੇ ਚੋਣ ਲੜਨ ਵਾਲੇ ਉਮੀਦਵਾਰਾਂ ਨੂੰ ਪਬਲਿਕ ਸਥਾਨਾਂ ਜਿਵੇਂ ਮੈਦਾਨ ਅਤੇ ਹੈਲੀਪੇਡ ਨਿਰਪੱਖ ਰੂਪ ਨਾਲ ਉਪਲਬਧ ਹੋਣਾ ਚਾਹੀਦਾ ਹੈ। ਚੋਣ ਦੌਰਾਨ, ਹੋਰ ਰਾਜਨੀਤਿਕ ਪਾਰਟੀਆਂ ਤੇ ਉਮੀਦਵਾਰਾਂ ਦੀ ਅਲੋਚਨਾ ਸਿਰਫ ਉਨ੍ਹਾਂ ਦੀ ਨੀਤੀਆਂ, ਪ੍ਰੋਗ੍ਰਾਮਾਂ, ਪਿਛਲੇ ਰਿਕਾਰਡ ਅਤੇ ਕੰਮਾਂ ਤਕ ਹੀ ਸੀਮਤ ਰਹਿਣਾ ਚਾਹੀਦਾ ਹੈ। ਸਥਾਨਕ ਪੁਲਿਸ ਅਧਿਕਾਰੀਆਂ ਨੂੰ ਸੂਚਿਤ ਕੀਤਾ ਜਾਣਾ ਚਾਹੀਦਾ ਹੈ ਅਤੇ ਪ੍ਰਸਤਾਵਿਤ ਮੀਟਿੰਗ ਦੇ ਸਮੇਂ ਤੇ ਸਥਾਨ ਦੀ ਜਰੂਰੀ ਮੰਜੂਰੀ ਸਮੇਂ ਰਹਿੰਦੇ ਸਹੀ ਢੰਗ ਨਾਲ ਲਈ ਜਾਣੀ ਚਾਹੀਦੀ ਹੈ।

ਸ੍ਰੀ ਪੰਕਜ ਅਗਰਵਾਲ ਨੇ ਦਸਿਆ ਕਿ ਪ੍ਰਸਤਾਵਿਤ ਮੀਟਿੰਗ ਦੇ ਸਥਾਨ 'ਤੇ ਜੇਕਰ ਕੋਈ ਪ੍ਰਤੀਬੰਧਾਤਮਕ ਜਾਂ ਪ੍ਰੋਹਿਬਿਸ਼ਨ ਆਦੇਸ਼ ਲਾਗੂ ਹਨ ਤਾਂ ਉਨ੍ਹਾਂ ਆਦੇਸ਼ਾਂ ਦਾ ਸਨਮਾਨ ਕੀਤਾ ਜਾਣਾ ਚਾਹੀਦਾ ਹੈ। ਇਸੀ ਤਰ੍ਹਾ ਪ੍ਰਸਤਾਵਿਤ ਮੀਟਿੰਗਾਂ ਲਈ ਲਾਊਡਸਪੀਕਰ ਜਾਂ ਅਜਿਹੀ ਕਿਸੇ ਹੋਰ ਸਹੂਲਤ ਦੀ ਵਰਤੋਂ ਲਈ ਮੰਜੂਰੀ ਪ੍ਰਾਪਤ ਕੀਤੀ ਜਾਣੀ ਚਾਹੀਦੀ ਅਤੇ ਮੀਟਿੰਗਾਂ ਵਿਚ ਗੜਬੜੀ ਜਾਂ ਅਵਿਵਸਥਾ ਪੈਦਾ ਕਰਨ ਵਾਲੇ ਵਿਅਕਤੀਆਂ ਨਾਲ ਨਜਿਠਣ ਵਿਚ ਪੁਲਿਸ ਸਹਾਇਤਾ ਪ੍ਰਾਪਤ ਕੀਤੀ ਜਾਣੀ ਚਾਹੀਦੀ ਹੈ।

ਉਨ੍ਹਾਂ ਨੇ ਦਸਿਆ ਕਿ ਕਿਸੇ ਵੀ ਜਲੂਸ ਨੂੰ ਸ਼ੁਰੂ ਕਰਨ ਅਤੇ ਖਤਮ ਕਰਨ ਦੇ ਸਮੇਂ ਤੇ ਸਥਾਨ ਅਤੇ ਮਾਰਗ ਨੂੰ ਅਗਰਿਮ ਰੂਪ ਨਾਲ ਫਾਈਨਲ ਕੀਤਾ ਜਾਣਾ ਚਾਹੀਦਾ ਹੈ ਅਤੇ ਪੁਲਿਸ ਅਧਿਕਾਰੀ ਤੋਂ ਪਹਿਲਾਂ ਮੰਜੂਰੀ ਪ੍ਰਾਪਤ ਕਰਨੀ ਚਾਹੀਦੀ ਹੈ। ਇਹ ਜਰੂਰ ਧਿਆਨ ਰੱਖਿਆ ੧੨ਵੇ ਕਿ ਜਲੂਸ ਦਾ ਮਾਰਗ ਆਵਾਜਾਈ ਵਿਚ ਰੁਕਾਵਟ ਨਾ ਕਰੇ।

ਮੁੱਖ ਚੋਣ ਅਧਿਕਾਰੀ ਨੇ ਦਸਿਆ ਕਿ ਸ਼ਾਂਤੀਪੂਰਨ ਅਤੇ ਵਿਵਸਥਿਤ ਢੰਗ ਨਾਲ ਚੋਣ ਯਕੀਨੀ ਕਰਨ ਲਈ ਰਾਜਨੀਤਮ ਪਾਰਟੀ ਅਤੇ ਚੋਣ ਲੜਨ ਵਾਲੇ ਉਮੀਦਵਾਰਾਂ ਵੱਲੋਂ ਸਾਰੇ ਚੋਣ ਅਧਿਕਾਰੀਆਂ ਨੂੰ ਸਹਿਯੋਗ ਕੀਤਾ ਜਾਣਾ ਚਾਹੀਦਾ ਹੈ। ਨਾਲ ਹੀ, ਚੋਣ ਵਿਚ ਲੱਗੇ ਸਾਰੇ ਰਾਜਨੀਤਮ ਕਾਰਜਕਰਤਾਵਾਂ ਨੂੰ ਬੈਜ ਜਾਂ ਪਹਿਚਾਣ ਪੱਤਰ ਦਿਖਾਉਣਾ ਹੋਵੇਗਾ। ਵੋਟਰਾਂ ਨੂੰ ਜਾਰੀ ਅਣਓਪਚਾਰਿਕ ਪਹਿਚਾਣ ਪੱਤਰ ਸਾਦੇ (ਚਿੱਟਾ) ਕਾਗਜ 'ਤੇ ਹੋਣਾ ਚਾਹੀਦਾ ਹੈ, ਜਿਸ 'ਤੇ ਪਾਰਟੀ ਦਾ ਕੋਈ ਨਾਂਅ ਅਤੇ ਨਿਸ਼ਾਨ ਜਾਂ ਉਮੀਦਵਾਰ ਦਾ ਨਾਂਅ ਨਹੀਂ ਹੋਣਾ ਚਾਹੀਦਾ ਹੈ।

ਇਸ ਤੋਂ ਇਲਾਵਾ, ਪ੍ਰਚਾਰ ਮੁਹਿੰਮ ਦਾ ਸਮੇਂ ਦੌਰਾਨ ਅਤੇ ਚੋਣ ਦੇ ਦਿਨ ਵਾਹਨਾਂ ਦੀ ਆਵਾਜਾਈ 'ਤੇ ਪਾਬੰਧੀ ਦਾ ਪੂਰੀ ਤਰ੍ਹਾ ਨਾਲ ਪਾਲਣ ਕੀਤਾ ਜਾਣਾ ਚਾਹੀਦਾ ਹੈ। ਚੋਣ ਦੇ ਸੰਚਾਲਨ ਦੇ ਸਬੰਧ ਵਿਚ ਕਿਸੇ ਵੀ ਤਰ੍ਹਾ ਦੀ ਸ਼ਿਕਾਇਤ ਜਾਂ ਸਮਿਸਿਆ ਨੂੰ ਚੋਣ ਕਮਿਸ਼ਨ ਦੇ ਓਵਜਰਵਰ, ਰਿਟਰਨਿੰਗ ਅਧਿਕਾਰੀ, ਜੋਨਲ/ਸੈਕਟਰ ਮੈਜੀਸਟ੍ਰੇਟ, ਮੁੱਖ ਚੋਣ ਅਧਿਕਾਰੀ ਜਾਂ ਭਾਰਤ ਚੋਣ ਕਮਿਸ਼ਨ ਦੀ ਜਾਣਕਾਰੀ ਵਿਚ ਲਿਆਉਣੀ ਚਾਹੀਦੀ ਹੈ।

ਸ੍ਰੀ ਪੰਕਜ ਅਗਰਵਾਲ ਨੇ ਦਸਿਆ ਕਿ ਚੋਣ ਦੇ ਵੱਖ-ਵੱਖ ਪਹਿਲੂਆਂ ਦੇ ਸਬੰਧਤ ਸਾਰੇ ਮਾਮਲਿਆਂ ਵਿਚ ਚੋਣ ਕਮਿਸ਼ਨ ਜਾਂ ਰਿਟਰਨਿੰਗ ਆਫਿਸਰ ਜਾਂ ਜਿਲ੍ਹਾ ਚੋਣ ਅਧਿਕਾਰੀ ਦੇ ਆਦੇਸ਼ ਜਾਂ ਦਿਸ਼ਾ-ਨਿਰਦੇਸ਼ਾਂ ਦਾ ਸਖਤੀ ਨਾਲ ਪਾਲਣ ਕੀਤਾ ਜਾਣਾ ਚਾਹੀਦਾ ਹੈ। ਚੋਣ ਪ੍ਰਖਾਰ ਸਮੇਂ ਦੇ ਖਤਮ ਹੋਣ ਦੇ ਬਾਅਦ , ਜੇਕਰ ਕੋਈ ਵਿਅਕਤੀ, ਵੋਟਰ ਜਾਂ ਚੋਣ ਲੜਨ ਵਾਲੇ ਉਮੀਦਵਾਰ ਜਾਂ ਉਮੀਦਵਾਰ ਦਾ ਚੋਣ ਏਜੰਟ ਨਹੀਂ ਹੈ ਤਾਂ ਉਸ ਵਿਅਕਤੀ ਨੂੰ ਸਬੰਧਿਤ ਚੋਣ ਖੇਤਰ ਨੂੰ ਛੱਡਣਾ ਹੋਵੇਗਾ।

ਚੋਣਾਂ ਦੌਰਾਨ ਰਾਜਨੀਤਕ ਪਾਰਟੀਆਂ ਅਤੇ ਉਮੀਦਵਾਰਾਂ ਨੂੰ ਕੀ ਨਹੀਂ ਕਰਨਾ ਚਾਹੀਦਾ ਹੈ, ਇਸ ਦੀ ਜਾਣਕਾਰੀ ਦਿੰਦੇ ਹੋਏ ਸ੍ਰੀ ਪੰਕਜ ਅਗਰਵਾਲ ਨੇ ਦਸਿਆ ਕਿ ਕਿਸੇ ਵੀ ਅਧਕਾਰਕ ਕੰਮ ਨੂੰ ਚੋਣ ਪ੍ਰਚਾਰ ਜਾਂ ਚੋਣਾਵੀ ਗਤੀਵਧੀਆਂ ਦੇ ਨਾਲ ਨਹੀਂ ਜੋੜਿਆ ਜਾਣਾ ਚਾਹੀਦਾ ਹ ਅਤੇ ਵਿੱਤੀ ਜਾਂ ਹੋ ਕਿਸੇ ਤਰ੍ਹਾ ਦਾ ਕੋਈ ਲੋਭ-ਲਾਲਚ ਵੋਟਰਾਂ ਨੂੰ ਨਹੀਂ ਦਿੱਤਾ ਜਾਣਾ ਚਾਹੀਦਾ ਹੈ। ਵੋਟਰਾਂ ਦੀ ਜਾਤੀ ਜਾਂ ਸੰਪ੍ਰਦਾਇਕ ਭਾਵਨਾਵਾਂ ਦੇ ਆਧਾਰ 'ਤੇ ਕੋਈ ਅਪੀਲ ਨਹੀਂ ਕੀਤੀ ਜਾਣੀ ਚਾਹੀਦੀ ਹੈ। ਇਸ ਤੋਂ ਇਲਾਵਾ, ਅਜਿਹੀ ਕੋਈ ਅਜਿਹੀ ਗਤੀਵਿਧੀ, ਜੋ ਮੌਜੂਦਾ ਮਦਭੇਦਾਂ ਨੂੰ ਵਧਾ ਸਕਦੀ ਹੈ ਜਾਂ ਵੱਖ-ਵੱਖ ਜਾਤੀਆਂ, ਕੰਮਿਉਨਿਟੀਆਂ, , ਧਾਰਮਿਕ ਅਤੇ ਭਾਸ਼ਈ ਸਮੂਹਾਂ ਦੇ ਵਿਚ ਆਪਸੀ ਮਤਭੇਦ ਪੈਦਾ ਕਰਦੀ ਹੈ ਜਾਂ ਤਨਾਅ ਪੈਦਾ ਕਰਦੀ ਹੈ, ਅਜਿਹੀ ਕੋਈ ਗਤੀਵਿਧੀ ਨਹੀਂ ਕੀਤੀ ਜਾਣੀ ਚਾਹੀਦੀ ਹੈ।

ਸ੍ਰੀ ਪੰਕਜ ਅਗਰਵਾਲ ਨੇ ਦਸਿਆ ਕਿ ਚੋਣ ਦੀ ਪਵਿੱਤਰਤਾ ਤੇ ਪਾਰਦਰਸ਼ਿਤਾ ਬਣਾਏ ਰੱਖਣ ਲਈ ਰਾਜਨੀਤਕ ਪਾਰਟੀਆਂ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਨਗਦ ਲੇਣ-ਦੇਣ ਤੋਂ ਬਚਣ ਅਤੇ ਆਪਣੇ ਉਮੀਦਵਾਰਾਂ, ਏਐਟ, ਕਰਮਚਾਰੀਆਂ ਅਤੇ ਅਧਿਕਾਰੀਆਂ ਨੂੰ ਨਿਰਦੇਸ਼ ਦੇਣ ਕਿ ਚੋਣ ਦੌਰਾਨ ਉਹ ਵੱਡੀ ਗਿਣਤੀ ਵਿਚ ਨਗਦ ਰਕਮ ਆਪਣੇ ਨਾਲ ਨਾ ਰੱਖਣ। ਇਸ ਤੋਂ ਇਲਾਵਾ, ਹੋਰ ਰਾਜਨੀਤਿਕ ਪਾਰਟੀਆਂ ਅਤੇ ਉਮੀਦਵਾਰਾਂ ਵੱਲੋਂ ਪ੍ਰਬੰਧਿਤ ਪਬਲਿਕ ਮੀਟਿੰਗਾਂ ਜਾਂ ਜਲੂਸਾਂ ਵਿਚ ਰੁਕਾਵਟ ਨਹੀ ਪਾਉਣੀ ਚਾਹੀਦੀ ਹੈ। ਹੋਰ ਰਾਜਨੀਤਿਕ ਪਾਰਟੀਆਂ ਅਤੇ ਉਮੀਦਵਾਰਾਂ ਵੱਲੋਂ ਲਗਾਏ ਗਏ ਪੋਸਟਰਾਂ ਨੂੰ ਹਟਾਉਣਾ ਨਹੀਂ ਚਾਹਦੀ ਹੈ।

ਮੁੱਖ ਚੋਣ ਅਧਿਕਾਰੀ ਨੇ ਦਸਿਆ ਕਿ ਵਾਹਨਾਂ 'ਤੇ ਰਾਤ 10 ਵਜੇ ਤੋਂ ਸਵੇਰੇ 6 ਵਜੇ ਤਕ ਲਾਊਡਸਪੀਕਰਾਂ ਦੀ ਵਰਤੋ ਨਹੀਂ ਹੋਣੀ ਚਾਹੀਦੀ ਹੈ।

ਚੋਣ ਨਤੀਜੇ ਦੇ ਬਾਅਦ ਉਮੀਦਵਾਰਾਂ ਨੂੰ ਇਕ ਮਹੀਨੇ ਦੇ ਅੰਦਰ ਜਮ੍ਹਾ ਕਰਨਾ ਹੋਵੇਗਾ ਆਪਣੇ ਚੋਣ ਖਰਚ ਦਾ ਬਿਊਰਾ

ਚੰਡੀਗੜ੍ਹ, 30 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਵਿਚ ਵਿਧਾਨਸਭਾ ਆਮ ਚੋਣ-2024 ਲੜਨ ਵਾਲੇ ਉਮੀਦਵਾਰਾਂ ਨੂੰ ਚੋਣ ਨਤੀਜੇ ਆਉਣ ਦੇ ਬਾਅਦ ਇਕ ਮਹੀਨੇ ਦੇ ਅੰਦਰ ਆਪਣੀ ਚੋਣਾਵੀ ਖਰਚੇ ਦਾ ਬਿਊਰਾ ਜਿਲ੍ਹਾ ਚੋਣ ਅਧਿਕਾਰੀ ਦੇ ਦਫਤਰ ਨੂੰ ਜਮ੍ਹਾ ਕਰਨਾ ਹੋਵੇਗਾ। ਨਾਰਤ ਚੋਣ ਕਮਿਸ਼ਨ ਅਨੁਸਾਰ ਤੈਅ ਸਮੇਂ ਸੀਮਾ ਵਿਚ ਚੋਣਾਵੀ ਖਰਚ ਦਾ ਬਿਊਰਾ ਨਾ ਦੇਣ ਵਾਲੇ ਉਮੀਦਵਾਰਾਂ ਨੂੰ ਭਵਿੱਖ ਵਿਚ ਚੋਣ ਲੜਨ ਲਈ ਅਯੋਗ ਘੋਸ਼ਿਤ ਕੀਤਾ ਜਾ ਸਕਦਾ ਹੈ।

ਮੁੱਖ ਚੋਣ ਅਧਿਕਾਰੀ ਸ੍ਰੀ ਪੰਕਜ ਅਗਰਵਾਲ ਨੇ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਇਸ ਵਾਰ ਵਿਧਾਨਸਭਾ ਆਮ ਚੋਣ ਲਈ ਪ੍ਰਤੀ ਉਮੀਦਵਾਰ ਚੋਣ ਖਰਚ ਦੀ ਵੱਧ ਤੋਂ ਵੱਧ ਸੀਮਾ 40 ਲੱਖ ਰੁਪਏ ਹੈ। ਉਨ੍ਹਾਂ ਨੇ ਦਸਿਆ ਕਿ ਨਿਯਮ ਅਨੁਸਾਰ ਉਮੀਦਵਾਰ ਵੱਲੋਂ ਨਾਮਜਦਗੀ ਪੱਤਰ ਭਰਨ ਦੇ ਨਾਲ ਹੀ ਚੋਣਾਵੀ ਖਰਚ ਦੀ ਗਿਣਤੀ ਸ਼ੁਰੂ ਹੋ ਜਾਂਦੀ ਹੈ। ਇਸ ਦੇ ਲਈ ਉਮੀਦਵਾਰ ਨੂੰ ਵੱਖ ਤੋਂ ਇਕ ਡੇਅਰੀ ਵਿਚ ਆਪਣੇ ਰੋਜਾਨਾ ਦੇ ਚੋਣਾਵੀ ਖਰਚ ਦਾ ਹਿਸਾਬ ਰੱਖਣਾ ਹੁੰਦਾ ਹੈ ਅਤੇ ਵੱਖ ਤੋਂ ਬੈਂਕ ਖਾਤਾ ਵੀ ਖੁਲਵਾਉਣਾ ਹੁੰਦਾ ਹੈ। ਚੋਣ ਪ੍ਰਕ੍ਰਿਆ ਪੂਰੀ ਹੋਣ ਤਕ ਖਰਚ ਦੀ ਗਿਣਤੀ ਚਲਦੀ ਹੈ। ਇਸ ਦੌਰਾਨ ਕੋਈ ਵੀ ਉਮੀਦਵਾਰ ਤੈਅ ਸੀਮਾ ਤੋਂ ਵੱਧ ਪੈਸਾ ਨਹੀਂ ਖਰਚ ਕਰ ਸਕਦਾ ਹੈ।

ਉਨ੍ਹਾਂ ਨੇ ਦਸਿਆ ਕਿ ਭਾਰਤ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਉਮੀਦਵਾਰ ਜਾਂ ਰਾਜਨੀਤਿਕ ਪਾਰਟੀ ਵੱਲੋਂ 10,000 ਰੁਪਏ ਤੋਂ ਵੱਧ ਦਾ ਚੋਣ ਖਰਚ ਸਾਰੀ ਸਥਿਤੀਆਂ ਵਿਚ ਚੋਣ ਦੇ ਉਦੇਸ਼ ਨਾਲ ਖੋਲੇ ਗਏ ਉਮੀਦਵਾਰਾਂ ਦੇ ਬੈਂਕ ਖਾਤੇ ਤੋਂ ਚੈਕ ਜਾਂ ਡਰਾਫਟ ਜਾਂ ਆਰਟੀਜੀਐਸ/ਐਨਈਐਫਟੀ ਜਾਂ ਕਿਸੇ ਹੋਰ ਇਲੈਕਟ੍ਰੋਨਿਕ ਮੋਡ ਵੱਲੋਂ ਕੀਤਾ ਜਾਵੇਗਾ। ਉਨ੍ਹਾਂ ਨੇ ਦਸਿਆ ਕਿ ਜਿਵੇਂ ਹੀ ਵਿਧਾਨਸਭਾ ਆਮ ਚੋਣ ਦੇ ਨਤੀਜੇ ਐਲਾਨ ਹੋਣਗੇ, ਉਸ ਮਿੱਤੀ ਤੋਂ ਇਕ ਮਹੀਨੇ ਦੇ ਅੰਦਰ-ਅੰਦਰ ਉਮੀਦਵਾਰਾਂ ਨੂੰ ਆਪਣੇ ਚੋਣ ਖਰਚ ਦਾ ਬਿਊਰਾ ਦੇਣਾ ਜਰੂਰੀ ਹੈ।

ਪੰਜਾਬੀ ਵਿਸ਼ੇ ਵਿੱਚ ਅੱਵਲ ਰਹੇ ਵਿਦਿਆਰਥੀਆਂ ਦਾ ਸਨਮਾਨ

ਪੰਚਕੂਲਾ, 30 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬੀ ਅਧਿਆਪਕ ਅਤੇ ਭਾਸ਼ਾ ਪ੍ਰਚਾਰ ਪ੍ਰਸਾਰ ਸੁਸਾਇਟੀ ਹਰਿਆਣਾ ਵੱਲੋਂ ਸੂਬਾ ਪ੍ਰਧਾਨ ਇੰਦਰਜੀਤ ਸਿੰਘ ਭੱਟੀ ਦੀ ਅਗਵਾਈ ਹੇਠ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਗੁਰਦੁਆਰਾ ਛੇਵੀਂ ਪਾਤਸ਼ਾਹੀ ਕੁਰੂਕਸ਼ੇਤਰ ਵਿਖੇ ਸੂਬਾ ਪੱਧਰੀ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਸਨਮਾਨ ਸਮਾਰੋਹ ਵਿੱਚ ਵੱਡੀ ਗਿਣਤੀ 'ਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਸ਼ਿਰਕਤ ਕੀਤੀ। ਇਸ ਦੌਰਾਨ ਅਕਾਦਮਿਕ ਸੈਸ਼ਨ 2023-24 ਵਿੱਚ ਹਰਿਆਣਾ ਸਕੂਲ ਸਿੱਖਿਆ ਬੋਰਡ ਅਤੇ ਸੀਬੀਐੱਸਈ ਦੇ ਦਸਵੀਂ ਅਤੇ ਬਾਰ੍ਹਵੀਂ ਜਮਾਤ ਵਿੱਚ ਪੰਜਾਬੀ ਵਿਸ਼ੇ 'ਚ 95 ਜਾਂ ਇਸ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 1600 ਦੇ ਕਰੀਬ ਵਿਦਿਆਰਥੀਆਂ ਨੂੰ ਸਰਟੀਫਿਕੇਟ, ਟਰਾਫੀਆਂ ਅਤੇ ਤਗ਼ਮੇ ਦੇ ਕੇ ਸਨਮਾਨਿਆ ਗਿਆ। ਮੰਚ ਸੰਚਾਲਨ ਸੁਸਾਇਟੀ ਦੇ ਜਨਰਲ ਸਕੱਤਰ ਸੁਨੀਲ ਗੌਇਲ ਅਤੇ ਸਹਾਇਕ ਸਕੱਤਰ ਇੰਦਰਜੀਤ ਸਿੰਘ ਨੇ ਕੀਤਾ। ਪ੍ਰੋਗਰਾਮ ਕੋਆਰਡੀਨੇਟਰ ਤੇ ਸੁਸਾਇਟੀ ਦੇ ਮੀਤ ਪ੍ਰਧਾਨ ਡਾ. ਹਰਜੀਤ ਸਿੰਘ ਗਿੱਲ ਨੇ ਸਮਾਗਮ ਵਿੱਚ ਪਹੁੰਚੇ ਮੁੱਖ ਮਹਿਮਾਨਾਂ, ਅਧਿਆਪਕਾਂ, ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਦਾ ਸਵਾਗਤ ਕੀਤਾ। ਇਸ ਮੌਕੇ ਬੀਬੀ ਰਵਿੰਦਰ ਕੌਰ ਅਜਰਾਨਾ (ਉਪ ਪ੍ਰਧਾਨ ਹਰਿਆਣਾ ਕਮੇਟੀ) ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਉਨ੍ਹਾਂ ਪੰਜਾਬੀ ਵਿਸ਼ੇ ਵਿੱਚ ਅੱਵਲ ਆਉਣ ਵਾਲੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਿਹਨਤੀ ਅਧਿਆਪਕਾਂ ਨੂੰ ਵਧਾਈ ਦਿੱਤੀ। ਸੂਬਾ ਪ੍ਰਧਾਨ ਇੰਦਰਜੀਤ ਸਿੰਘ ਭੱਟੀ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਇਸ ਸਫਲਤਾ ਲਈ ਵਧਾਈ ਦਿੰਦੇ ਹੋਏ ਸਮਾਗਮ ਵਿੱਚ ਪੁੱਜਣ 'ਤੇ ਸਾਰਿਆਂ ਦਾ ਧੰਨਵਾਦ ਕੀਤਾ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਹਰਿਆਣਾ ਦੇ ਸਕੂਲਾਂ ਵਿੱਚ ਤ੍ਰੈ-ਭਾਸ਼ੀ ਫਾਰਮੂਲਾ ਛੇਤੀ ਲਾਗੂ ਕੀਤਾ ਜਾਵੇ ਅਤੇ ਪੰਜਾਬੀ ਵਿਸ਼ੇ ਦੇ ਅਧਿਆਪਕਾਂ ਦੀਆਂ ਤਰੱਕੀਆਂ ਕੀਤੀਆਂ ਜਾਣ।

ਭਾਜਪਾ ਸਰਕਾਰ ਨੇ 'ਉੜਤਾ ਹਰਿਆਣਾ' ਬਣਾਇਆ: ਸ਼ੈਲਜਾ

ਸਿਰਸਾ, 30 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਆਲ ਇੰਡੀਆ ਕਾਂਗਰਸ ਕਮੇਟੀ ਦੀ ਜਨਰਲ ਸਕੱਤਰ ਅਤੇ ਸਿਰਸਾ ਦੀ ਸੰਸਦ ਮੈਂਬਰ ਕੁਮਾਰੀ ਸ਼ੈਲਜਾ ਨੇ ਕਿਹਾ ਕਿ ਪਹਿਲਾਂ ਪੰਜਾਬ 'ਉੜਤਾ ਪੰਜਾਬ' ਸੀ ਪਰ ਹੁਣ 'ਹਰਿਆਣਾ ਉੜਤਾ' ਹਰਿਆਣਾ ਬਣ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ 'ਨਾਰਕੋਟਿਕਸ ਕੰਟਰੋਲ ਬਿਊਰੋ' ਮੰਨ ਰਿਹਾ ਹੈ ਕਿ ਸੂਬੇ ਦੇ 22 ਵਿੱਚੋਂ 13 ਜ਼ਿਲ੍ਹੇ ਨਸ਼ਿਆਂ ਦੀ ਲਪੇਟ ਵਿੱਚ ਹਨ।

ਵਿਦੇਸ਼ਾਂ ਤੋਂ ਨਸ਼ੀਲੇ ਪਦਾਰਥ ਹਰਿਆਣਾ ਅਤੇ ਐੱਨਸੀਆਰ ਖੇਤਰ ਵਿੱਚ ਪਹੁੰਚ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬੇ ਦੇ 13 ਜ਼ਿਲ੍ਹੇ ਹੀ ਨਹੀਂ, ਪੂਰਾ ਸੂਬਾ ਨਸ਼ਿਆਂ ਦਾ ਅੱਡਾ ਬਣ ਚੁੱਕਿਆ ਹੈ। ਕੰਗਨਾ ਰਣੌਤ ਨੇ ਗਿਣੀਮਿਥੀ ਰਣਨੀਤੀ ਤਹਿਤ ਕਿਸਾਨਾਂ ਬਾਰੇ ਬੇਬੁਨਿਆਦ ਤੋਹਮਤਾਂ ਲਾਈਆਂ ਹਨ।

ਇੰਦਰਜੀਤ ਰਾਓ 'ਤੇ ਭਾਰਤੀ ਜਨਤਾ ਪਾਰਟੀ ਹੋਈ ਦਿਆਲ



ਗੁਰੂਗ੍ਰਾਮ, 30 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਭਾਜਪਾ ਦੀ ਸੂਬਾ ਚੋਣ ਕਮੇਟੀ ਨੇ ਸੰਸਦ ਮੈਂਬਰ ਅਤੇ ਕੇਂਦਰੀ ਰਾਜ ਮੰਤਰੀ ਰਾਓ ਇੰਦਰਜੀਤ ਸਿੰਘ ਦੀ ਧੀ ਆਰਤੀ ਰਾਓ ਲਈ ਅਟੇਲੀ ਅਤੇ ਕੋਸਲੀ ਹਲਕੇ ਰਾਖਵੇਂ ਰੱਖੇ ਹਨ। ਚੋਣ ਕਮੇਟੀ ਨੇ ਉਸ ਨੂੰ ਛੇਤੀ ਤੋਂ ਛੇਤੀ ਕੇਂਦਰੀ ਚੋਣ ਕਮੇਟੀ ਨੂੰ ਆਪਣੀ ਤਰਜੀਹ ਦੇਣ ਲਈ ਕਿਹਾ ਹੈ। ਹਰਿਆਣਾ ਤੋਂ ਉਮੀਦਵਾਰਾਂ ਦੀ ਸੂਚੀ ਨੂੰ ਅੰਤਿਮ ਰੂਪ ਦੇਣ ਵਾਲੀ ਪਾਰਟੀ ਨੇ ਆਰਤੀ ਲਈ ਦੋ ਅਹੀਰ ਆਗੂਆਂ ਨੂੰ ਵੀ ਲਾਂਭੇ ਕਰ ਦਿੱਤਾ ਹੈ। ਹਾਲਾਂਕਿ ਪਾਰਟੀ ਨੇ ਰਾਓ ਨੂੰ ਆਪਣੀ ਧੀ ਲਈ ਸੀਟ ਬਾਰੇ ਫੈਸਲਾ ਕਰਨ ਲਈ ਕਿਹਾ ਸੀ ਪਰ ਉਨ੍ਹਾਂ ਨੇ ਇਹ ਕਹਿ ਕੇ ਇਨਕਾਰ ਕਰ ਦਿੱਤਾ ਕਿ ਉਹ ਇੱਕ ਆਜ਼ਾਦ ਆਗੂ ਹੈ। ਟਿਕਟ ਮੰਗਣੀ ਜਾਂ ਨਹੀਂ ਅਤੇ ਕਿੱਥੋਂ ਸਿਆਸੀ ਪਾਰੀ ਦੀ ਸ਼ੁਰੂਆਤ ਕਰਨੀ ਹੈ, ਇਹ ਪੂਰੀ ਤਰ੍ਹਾਂ ਉਸ ਦਾ ਫੈਸਲਾ ਹੈ। ਇਹ ਉਸ ਅਤੇ ਪਾਰਟੀ ਵਿਚਲਾ ਮਸਲਾ ਹੈ। ਸੂਤਰਾਂ ਦਾ ਦਾਅਵਾ ਹੈ ਕਿ ਗੁਰੂਗ੍ਰਾਮ ਵਿੱਚ ਦੋ ਦਿਨਾ ਚੋ

ਪੰਜਾਬ 'ਚ ਹੁਣ ਸਿਆਸੀ ਪਾਰਟੀਆਂ ਦੇ ਚੋਣ ਨਿਸ਼ਾਨਾਂ ਤੋਂ ਬਿਨਾਂ ਹੋਣਗੀਆਂ ਪੰਚਾਇਤੀ ਚੋਣਾਂ

ਮੰਤਰੀ ਮੰਡਲ ਦੀ ਮੀਟਿੰਗ 'ਚ ਪੰਜਾਬ ਪੰਚਾਇਤੀ ਰਾਜ ਐਕਟ ਵਿੱਚ ਸੋਧ ਨੂੰ ਪ੍ਰਵਾਨਗੀ

ਚੰਡੀਗੜ੍ਹ, 30 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਮੰਤਰੀ ਮੰਡਲ ਦੀ ਮੀਟਿੰਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਕਈ ਅਹਿਮ ਫੈਸਲੇ ਲਏ ਗਏ ਹਨ।

ਸਭ ਤੋਂ ਅਹਿਮ ਤੇ ਵੱਡਾ ਫੈਸਲਾ ਪੰਜਾਬ ਵਿੱਚ ਪੰਚਾਇਤੀ ਚੋਣਾਂ ਬਿਨਾਂ ਕਿਸੇ ਸਿਆਸੀ ਪਾਰਟੀ ਦੇ ਚੋਣ ਨਿਸ਼ਾਨ ਤੋਂ ਕਰਵਾਉਣ ਦਾ ਲਿਆ ਗਿਆ ਹੈ।

ਪੰਜਾਬ ਮੰਤਰੀ ਮੰਡਲ ਨੇ ਪੰਜਾਬ ਪੰਚਾਇਤੀ ਰਾਜ ਐਕਟ ਦੀ ਧਾਰਾ 12 ਵਿੱਚ ਸੋਧ ਦੀ ਪ੍ਰਵਾਨਗੀ ਦੇ ਦਿੱਤੀ ਹੈ। ਇਸ ਸੋਧ ਦੇ ਲਾਗੂ ਹੋਣ ਪਿੱਛੋਂ ਪੰਜਾਬ ਵਿੱਚ ਪੰਚਾਇਤੀ ਚੋਣ ਕਿਸੇ ਵੀ ਉਮੀਦਵਾਰ ਵੱਲੋਂ ਕਿਸੇ ਰਾਜਨੀਤਿਕ ਪਾਰਟੀ ਦੇ ਚੋਣ ਨਿਸ਼ਾਨ 'ਤੇ ਚੋਣ ਨਹੀਂ ਲੜੀ ਜਾ ਸਕੇਗੀ।

ਮੰਤਰੀ ਮੰਡਲ ਦੀ ਮਨਜ਼ੂਰੀ ਮਿਲਣ ਤੋਂ ਬਾਅਦ ਇਸ ਸੋਧ ਨੂੰ ਅੰਤਿਮ ਮਨਜ਼ੂਰੀ ਲਈ ਅਗਲੇ ਹਫ਼ਤੇ ਹੋਣ ਵਾਲੇ ਪੰਜਾਬ ਵਿਧਾਨ ਸਭਾ ਦੇ ਸੈਸ਼ਨ ਵਿਚ ਪੇਸ਼ ਕੀਤਾ ਜਾਵੇਗਾ।

ਸੂਬੇ ਵਿੱਚ ਪੰਚਾਇਤੀ ਚੋਣਾਂ ਹੁਣ ਚੋਣ ਕਮਿਸ਼ਨ ਵੱਲੋਂ ਤੈਅ ਚੋਣ ਨਿਸ਼ਾਨਾਂ 'ਤੇ ਹੀ ਹੋਣਗੀਆਂ। ਦੱਸਣਯੋਗ ਹੈ ਕੀ ਪਹਿਲਾਂ ਪੰਚਾਇਤੀ ਚੋਣਾਂ ਵਿੱਚ ਉਮੀਦਵਾਰਾਂ ਨੂੰ ਰਾਜਨੀਤਿਕ ਪਾਰਟੀ ਵੱਲੋਂ ਉਨ੍ਹਾਂ ਦੇ ਚੋਣ ਨਿਸ਼ਾਨਾਂ 'ਤੇ ਚੋਣ ਲੜਨ ਦੀ ਖੁੱਲ੍ਹ ਸੀ।

ਹਾਈ ਕੋਰਟ ਵੱਲੋਂ ਪੂਜਾ ਖੇਡਕਰ ਦੀ ਗ੍ਰਿਫ਼ਤਾਰੀ 'ਤੇ ਅੰਤਰਿਮ ਰੋਕ ਵਿਚ 5 ਸਤੰਬਰ ਤੱਕ ਵਾਧਾ

ਨਵੀਂ ਦਿੱਲੀ, 30 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਦਿੱਲੀ ਹਾਈ ਕੋਰਟ ਨੇ ਸਾਬਕਾ ਆਈਏਐਸ ਪ੍ਰੋਬੇਸ਼ਨਰ ਪੂਜਾ ਖੇਡਕਰ ਦੀ ਗ੍ਰਿਫ਼ਤਾਰੀ 'ਤੇ ਅੰਤਰਿਮ ਰੋਕ ਵਧਾ ਦਿੱਤੀ ਹੈ, ਇਹ ਵਾਧਾ ਅਗਲੀ ਸੁਣਵਾਈ ਦੀ ਮਿਤੀ 5 ਸਤੰਬਰ ਤੱਕ ਲਾਗੂ ਰਹੇਗਾ। ਦਿੱਲੀ ਹਾਈ ਕੋਰਟ ਦੇ ਜਸਟਿਸ ਸੁਬਰਾਮੋਨੀਅਮ ਪ੍ਰਸਾਦ ਵੱਲੋਂ ਮੁਅੱਤਲ ਆਈਏਐਸ ਅਧਿਕਾਰੀ ਪੂਜਾ ਖੇਡਕਰ ਦੀ ਅਗਾਊਂ ਜ਼ਮਾਨਤ ਪਟੀਸ਼ਨ 'ਤੇ ਸੁਣਵਾਈ 5 ਸਤੰਬਰ ਤੱਕ ਟਾਲ ਦਿੱਤੀ ਗਈ ਹੈ। ਦੱਸਣਯੋਗ ਹੈ ਕਿ ਇਹ ਮੁਲਤਵੀ ਇਸ ਲਈ ਹੋਈ ਕਿਉਂਕਿ ਦਿੱਲੀ ਪੁਲੀਸ ਨੇ ਪੂਜਾ ਖੇਡਕਰ ਵੱਲੋਂ ਦਾਇਰ ਕੀਤੇ ਗਏ ਜਵਾਬ ਨੂੰ ਸੁਣਨ ਅਤੇ ਤਾਜ਼ਾ ਸਥਿਤੀ ਦੀ ਰਿਪੋਰਟ ਦਾਇਰ



ਕਰਨ ਲਈ ਸਮਾਂ ਮੰਗਿਆ ਸੀ।

ਧੋਖਾਧੜੀ, ਓਬੀਸੀ ਅਤੇ ਅਪੰਗਤਾ ਕੋਟੇ ਦੇ ਲਾਭਾਂ ਨੂੰ ਗਲਤ ਤਰੀਕੇ ਨਾਲ ਲੈਣ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੀ ਪੂਜਾ ਖੇਡਕਰ ਨੇ ਦਿੱਲੀ ਹਾਈ ਕੋਰਟ ਵਿੱਚ ਦਲੀਲ ਦਿੱਤੀ ਕਿ ਯੂਪੀਐਸਸੀ, ਜੋ ਸਿਵਲ ਸੇਵਾਵਾਂ ਪ੍ਰੀਖਿਆ ਦਾ ਸੰਚਾਲਨ ਕਰਦੀ ਹੈ, ਕੋਲ ਅਜਿਹੇ ਮਾਮਲਿਆਂ ਵਿੱਚ ਉਮੀਦਵਾਰਾਂ ਨੂੰ ਅਯੋਗ ਠਹਿਰਾਉਣ ਦਾ ਅਧਿਕਾਰ ਖੇਤਰ ਨਹੀਂ ਹੈ। ਇਸ ਤੋਂ ਪਹਿਲਾਂ, ਦਿੱਲੀ ਹਾਈ ਕੋਰਟ ਦੇ ਇਸੇ ਬੈਂਚ ਨੇ ਮੁਅੱਤਲ ਆਈਏਐਸ ਅਧਿਕਾਰੀ ਪੂਜਾ ਖੇਡਕਰ ਦੀ ਅਗਾਊਂ ਜ਼ਮਾਨਤ ਪਟੀਸ਼ਨ 'ਤੇ ਦਿੱਲੀ ਪੁਲੀਸ ਅਤੇ ਯੂਨੀਅਨ ਪਬਲਿਕ ਸਰਵਿਸ ਕਮਿਸ਼ਨ (ਯੂਪੀਐਸਸੀ) ਨੂੰ ਨੋਟਿਸ ਜਾਰੀ ਕੀਤਾ ਸੀ। ਅਦਾਲਤ ਨੇ ਜਾਂਚ ਏਜੰਸੀ ਨੂੰ ਇਹ ਵੀ ਨਿਰਦੇਸ਼ ਦਿੱਤਾ ਸੀ ਕਿ ਜਦੋਂ ਤੱਕ ਮਾਮਲਾ ਵਿਚਾਰ ਅਧੀਨ ਹੈ ਤਾਂ ਉਸ ਨੂੰ ਗ੍ਰਿਫ਼ਤਾਰ ਨਾ ਕੀਤਾ ਜਾਵੇ।

ਪੰਜਾਬ ਪੁਲਿਸ ਵੱਲੋਂ ਅਸਲੇ ਅਤੇ ਹਵਾਲਾ ਰਾਸ਼ੀ ਸਮੇਤ ਇਕ ਕਾਬੂ

ਚੰਡੀਗੜ੍ਹ, 30 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਪੁਲੀਸ ਨੇ ਤਰਨਤਾਰਨ ਜ਼ਿਲ੍ਹੇ ਵਿੱਚ ਇੱਕ ਕੌਦਰੀ ਏਜੰਸੀ ਨਾਲ ਸਾਂਝੇ ਆਪ੍ਰੇਸ਼ਨ ਦੌਰਾਨ ਇੱਕ ਵੱਡੀ ਸਫ਼ਲਤਾ ਹਾਸਲ ਕੀਤੀ ਹੈ। ਪੰਜਾਬ ਪੁਲੀਸ ਦੇ ਡੀਜੀਪੀ ਗੌਰਵ ਯਾਦਵ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇੱਕ ਨਾਟੋ ਆਰਮੀ ਦੀ ਛਾਪ ਸਮੇਤ ਚਾਰ ਗਲਾਕ-19 ਪਿਸਤੌਲ, ਚਾਰ ਮੈਗਜ਼ੀਨਾਂ, ਸੱਤ ਕਾਰਤੂਸ ਅਤੇ 4.8 ਲੱਖ ਰੁਪਏ ਦੀ 'ਹਵਾਲਾ' ਰਕਮ ਸਮੇਤ ਇਕ ਵਿਅਕਤੀ ਨੂੰ ਕਾਬੂ ਕੀਤਾ ਹੈ। ਉਨ੍ਹਾਂ ਦੱਸਿਆ ਕਿ ਕਾਬੂ ਕੀਤੇ ਗਏ ਵਿਅਕਤੀ ਹਰਪ੍ਰੀਤ ਸਿੰਘ ਦੇ ਪਾਕਿਸਤਾਨ ਸਥਿਤ ਤਸਕਰ ਨਾਲ ਸਬੰਧ ਹਨ ਅਤੇ ਇਸ ਸਬੰਧੀ ਹੋਰ ਅੱਗੇ ਜਾਂਚ ਕੀਤੀ ਜਾ ਰਹੀ ਹੈ।

ਇਸ ਤੋਂ ਪਹਿਲਾਂ ਸਰਹੱਦ ਪਾਰ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਨੈਟਵਰਕ ਦਾ ਸਫ਼ਲਤਾਪੂਰਵਕ ਪਰਦਾਫਾਸ਼ ਕਰਦਿਆਂ ਪੰਜਾਬ ਪੁਲੀਸ ਨੇ 6.65 ਕਿਲੋਗ੍ਰਾਮ ਹੈਰੋਇਨ ਅਤੇ 6 ਲੱਖ ਰੁਪਏ ਬਰਾਮਦ ਕਰਕੇ ਇੱਕ ਔਰਤ ਸਮੇਤ ਦੋ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਸੀ।

ਕੈਬਨਿਟ ਮੰਤਰੀ ਜਿੰਪਾ ਨੇ ਪਿੰਡ ਮਹਿਲਾਂਵਾਲੀ ਵਿਖੇ ਸਟੇਡੀਅਮ ਦੇ ਨਵੀਨੀਕਰਨ ਦੇ ਕਾਰਜ ਦੀ ਕਰਵਾਈ ਸ਼ੁਰੂਆਤ

ਹੁਸ਼ਿਆਰਪੁਰ, 30 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਹੁਸ਼ਿਆਰਪੁਰ ਦੇ ਪਿੰਡ ਮਹਿਲਾਂਵਾਲੀ ਵਿਚ ਸਥਿਤ ਸਟੇਡੀਅਮ ਦੇ ਨਵੀਨੀਕਰਨ ਦੇ ਕਾਰਜ ਦੀ ਰਸਮੀ ਸ਼ੁਰੂਆਤ ਕੀਤੀ। ਇਸ ਨਵੀਨੀਕਰਨ ਤਹਿਤ ਸਟੇਡੀਅਮ ਨੂੰ ਖੇਡ ਪਾਰਕ ਵਜੋਂ ਵਿਕਸਿਤ ਕੀਤਾ ਜਾਵੇਗਾ, ਜਿਸ ਵਿਚ ਫੁੱਟਬਾਲ ਗਰਾਊਂਡ ਦੇ ਨਾਲ-ਨਾਲ ਬੈਡਮਿੰਟਨ, ਬਾਸਕਿਟਬਾਲ ਅਤੇ ਵਾਲੀਬਾਲ ਦੇ ਵੀ ਕੋਰਟ ਤਿਆਰ ਕੀਤੇ ਜਾ ਰਹੇ ਹਨ। ਇਸ ਪ੍ਰੋਜੈਕਟ 'ਤੇ 17 ਲੱਖ ਰੁਪਏ ਦੀ ਲਾਗਤ ਆਵੇਗੀ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਖੇਡ ਪ੍ਰੇਮੀਆਂ ਦੀ ਸੁਵਿਧਾ ਲਈ ਸਟੇਡੀਅਮ ਵਿਚ ਸੈਰ ਦੇ ਲਈ ਟਰੈਕ ਵੀ ਬਣਾਇਆ ਜਾਵੇਗਾ, ਜਿਸ ਨਾਲ ਪਿੰਡ ਵਾਸੀਆਂ ਨੂੰ ਬਿਹਤਰ ਸੁਵਿਧਾ ਮਿਲ ਸਕੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿਚ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਲਗਾਤਾਰ ਯਤਨਸ਼ੀਲ ਅਤੇ ਇਸ ਦਿਸ਼ਾ ਵਿਚ ਇਹ ਨਵੀਨੀਕਾਰਨ ਕਾਰਜ ਇਕ ਅਹਿਮ ਕਦਮ ਹੈ। ਉਨ੍ਹਾਂ ਇਸ ਮਹੱਤਵਪੂਰਨ ਕਾਰਜ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵੀ ਧੰਨਵਾਦ ਕੀਤਾ ਅਤੇ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਵਿਚ ਵਿਕਾਸ ਦੀ ਗਤੀ ਤੇਜ਼ ਹੋਈ ਹੈ।

ਬ੍ਰਮ ਸ਼ੰਕਰ ਜਿੰਪਾ ਨੇ ਇਸ ਮੌਕੇ ਕਿਹਾ ਕਿ ਪੰਜਾਬ ਸਰਕਾਰ ਬਿਨ੍ਹਾਂ ਕਿਸੇ ਭੇਦਭਾਵ ਦੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਹੈ ਕਿ ਹਰ ਵਰਗ ਅਤੇ ਹਲਕੇ ਨੂੰ ਬਰਾਬਰ ਲਾਭ ਮਿਲੇ ਅਤੇ ਸਟੇਡੀਅਮ ਦਾ ਇਹ ਨਵੀਨੀਕਰਨ ਇਸ ਦੀ ਇਕ ਉਦਾਹਰਨ ਹੈ। ਉਨ੍ਹਾਂ ਸਥਾਨਕ ਲੋਕਾਂ ਨੂੰ ਇਸ ਸਟੇਡੀਅਮ ਦੀ ਸਹੀ ਵਰਤੋਂ ਕਰਨ ਦੀ ਅਪੀਲ ਕੀਤੀ ਅਤੇ ਕਿਹਾ ਕਿ ਸਰਕਾਰ ਦੀ ਯੋਜਨਾ ਹੈ ਕਿ ਸੂਬੇ ਦੇ ਹਰੇਕ ਪਿੰਡ ਅਤੇ ਕਸਬੇ ਵਿਚ ਖੇਡ ਸੁਵਿਧਾਵਾਂ ਦਾ ਵਿਸਥਾਰ ਕੀਤਾ ਜਾਵੇ, ਤਾਂ ਜੋ ਨੌਜਵਾਨ ਪੀੜ੍ਹੀ ਨੂੰ ਖੇਡਾਂ ਵਿਚ ਕਰੀਅਰ ਬਣਾਉਣ ਦਾ ਬਿਹਤਰ ਮੌਕਾ ਮਿਲ ਸਕੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੇ ਇਸ ਉਪਰਾਲੇ ਦਾ ਉਦੇਸ਼ ਕੇਵਲ ਖੇਡ ਸੁਵਿਧਾਵਾਂ ਦਾ ਵਿਕਾਸ ਨਹੀਂ ਹੈ, ਬਲਕਿ ਨੌਜਵਾਨਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨਾ ਹੈ ਅਤੇ ਉਨ੍ਹਾਂ ਨੂੰ ਨਸ਼ੇ ਤੋਂ ਦੂਰ ਰੱਖਣਾ ਵੀ ਹੈ। ਇਸ ਮੌਕੇ ਬੀ.ਡੀ.ਪੀ.ਓ ਸੁਖਵਿੰਦਰ ਸਿੰਘ, ਸਰਪੰਚ ਹਰਜਿੰਦਰ ਕੌਰ, ਪੰਚ ਬਲਵਿੰਦਰ ਕੌਰ, ਕੈਪਟਨ ਸੁਰਿੰਦਰ ਬੰਗਾ, ਪ੍ਰਿਤਪਾਲ, ਅਸ਼ੋਕ ਪਹਿਲਵਾਨ, ਸੁਖਵਿੰਦਰ ਸਿੰਘ ਸੁੱਖਾ, ਜਤਿੰਦਰ ਸਿੰਘ, ਜਗਤਾਰ ਸਿੰਘ ਸਾਬੀ, ਬਲਾਕ ਪ੍ਰਧਾਨ ਦਲਜੀਤ ਸਿੰਘ, ਸੁਖਚੈਨ ਸਿੰਘ ਬਿੱਲਾ, ਗੋਨੀ ਮਹਿਲਾਂਵਾਲੀ, ਸੁਰਿੰਦਰ ਕੁਮਾਰ, ਮਾਸਟਰ ਅਜਮੇਹਰ, ਰਾਜ ਮੂਰਤੀ, ਜਸਪਾਲ ਸਿੰਘ, ਅਸ਼ਵਨੀ ਕੁਮਾਰ, ਰਾਕੇਸ਼ ਹਾਂਡਾ, ਜਸਵਿੰਦਰ ਕੌਰ, ਰੇਖਾ ਰਾਣੀ ਅਤੇ ਸਮੂਹ ਗ੍ਰਾਮ ਪੰਚਾਇਤ ਮੌਜੂਦ ਸੀ।

ਪਰਾਲੀ ਪ੍ਰਬੰਧਨ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਹੁਣੇ ਤੋਂ ਮੁਸਤੈਦ

ਪਟਿਆਲਾ, 30 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਜ਼ਿਲ੍ਹੇ ਵਿੱਚ ਮੌਜੂਦਾ ਸੀਜ਼ਨ ਦੌਰਾਨ ਪੈਦਾ ਹੋਣ ਵਾਲੀ ਪਰਾਲੀ ਦੇ ਸਹੀ ਨਿਪਟਾਰੇ ਲਈ ਵਧੀਕ ਡਿਪਟੀ ਕਮਿਸ਼ਨਰ ਮੈਡਮ ਕੰਚਨ ਨੇ ਪਰਾਲੀ ਦੀ ਵਰਤੋਂ ਕਰਨ ਵਾਲੀ ਇੰਡਸਟਰੀ ਦੇ ਨੁਮਾਇੰਦਿਆਂ, ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ, ਸਹਿਕਾਰੀ ਸਭਾਵਾਂ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਬੈਠਕ ਕੀਤੀ।

ਮੈਡਮ ਕੰਚਨ ਨੇ ਪਰਾਲੀ ਦੀ ਵਰਤੋਂ ਕਰਨ ਵਾਲੀ ਇੰਡਸਟਰੀ ਦੇ ਨੁਮਾਇੰਦਿਆਂ ਨੂੰ ਸੀਜ਼ਨ ਦੌਰਾਨ ਇਕੱਠੀ ਕੀਤੀ ਜਾਣ ਵਾਲੀ ਪਰਾਲੀ ਲਈ ਬਣਾਈ ਰਣਨੀਤੀ ਸਬੰਧੀ ਗੱਲਬਾਤ ਕਰਦਿਆਂ ਕਿਹਾ ਕਿ ਇੰਡਸਟਰੀ ਵੱਲੋਂ ਪਰਾਲੀ ਲੈਣ ਲਈ ਜੋ ਪਲਾਨ ਤਿਆਰ ਕੀਤਾ ਗਿਆ ਹੈ ਉਹ ਜ਼ਿਲ੍ਹਾ ਪ੍ਰਸ਼ਾਸਨ ਨਾਲ ਸਾਂਝਾ ਕੀਤਾ ਜਾਵੇ ਤਾਂ ਜੋ ਜ਼ਿਲ੍ਹੇ ਵਿੱਚ ਪਰਾਲੀ ਪ੍ਰਬੰਧਨ ਹੋਰ ਸੁਚਾਰੂ ਢੰਗ ਨਾਲ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਜਿਹੜੀ ਇੰਡਸਟਰੀ ਨੇ ਹਾਲੇ ਤੱਕ ਆਪਣਾ ਪਲਾਨ ਨਹੀਂ ਬਣਾਇਆ ਹੈ ਉਹ ਵੀ ਪਲਾਨ ਤਿਆਰ ਕਰੇ ਤਾਂ ਜੋ ਸਮੇਂ ਰਹਿੰਦੇ ਕੰਮ ਨੂੰ ਮੁਕੰਮਲ ਕੀਤਾ ਜਾ ਸਕੇ। ਉਨ੍ਹਾਂ ਖੇਤੀਬਾੜੀ ਵਿਭਾਗਾਂ ਦੇ ਅਧਿਕਾਰੀਆਂ ਨੂੰ ਬੇਲਰ, ਸੁਪਰ ਸੀਡਰ ਅਤੇ ਸਰਫੇਸ ਸੀਡਰ ਵਰਗੀਆਂ ਮਸ਼ੀਨਾਂ ਸਬੰਧੀ ਕਿਸਾਨਾਂ ਨੂੰ ਜਾਣਕਾਰੀ ਦੇਣ ਅਤੇ ਇਸ ਨਾਲ ਹੁੰਦੇ ਵਾਤਾਵਰਣ, ਕਿਸਾਨ ਅਤੇ ਜ਼ਮੀਨ ਦੇ ਫਾਇਦੇ ਸਬੰਧੀ ਜਾਗਰੂਕ ਕਰਨ ਲਈ ਮੁਹਿਮ ਚਲਾਉਣ ਲਈ ਕਿਹਾ। ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਜਸਵਿੰਦਰ ਸਿੰਘ ਨੇ ਦੱਸਿਆ ਕਿ ਵਿਭਾਗ ਵੱਲੋਂ ਲਗਾਤਾਰ ਪਿੰਡਾਂ ਵਿੱਚ ਕੈਂਪ ਲਗਾਏ ਜਾ ਰਹੇ ਹਨ ਤਾਂ ਜੋ ਕਿਸਾਨਾਂ ਨੂੰ ਨਵੀਂ ਮਸ਼ੀਨਰੀ ਅਤੇ ਪਰਾਲੀ ਨੂੰ ਅੱਗ ਲਗਾਉਣ ਨਾਲ ਹੁੰਦੇ ਨੁਕਸਾਨ ਪ੍ਰਤੀ ਜਾਗਰੂਕ ਕੀਤਾ ਜਾ ਸਕੇ।

ਮੀਟਿੰਗ ਦੌਰਾਨ ਮੁੱਖ ਖੇਤੀਬਾੜੀ ਅਫ਼ਸਰ ਜਸਵਿੰਦਰ ਸਿੰਘ, ਜ਼ਿਲ੍ਹਾ ਮੈਨੇਜਰ ਅੰਗਦ ਸਿੰਘ ਸੋਹੀ, ਡੀ.ਡੀ.ਪੀ.ਓ. ਵਨੀਤ ਜੋਸ਼ੀ, ਰਵਿੰਦਰਪਾਲ ਸਿੰਘ ਚੱਠਾ, ਪ੍ਰਦੂਸ਼ਨ ਰੋਕਥਾਮ ਬੋਰਡ ਤੋਂ ਗੁਰਕਰਨ ਸਿੰਘ, ਰੋਹਿਤ ਸਿੰਗਲਾ, ਸਹਿਕਾਰੀ ਸਭਾਵਾਂ ਦੇ ਅਧਿਕਾਰੀ ਸਮੇਤ ਵੱਖ ਵੱਖ ਉਦਯੋਗਿਕ ਇਕਾਈਆਂ ਦੇ ਨੁਮਾਇੰਦੇ ਮੌਜੂਦ ਸਨ।

ਕਤਰ ਪੁਲੀਸ ਕੋਲੋਂ ਵਾਪਸ ਲਏ ਪਾਵਨ ਸਰੂਪ ਭਾਰਤ ਪੁੱਜੇ

ਸ਼੍ਰੋਮਣੀ ਕਮੇਟੀ ਨੇ ਦੋਵੇਂ ਸਰੂਪ ਗੁਰਦੁਆਰਾ ਬਾਬਾ ਗੁਰਬਖਸ਼ ਸਿੰਘ ਜੀ ਵਿਖੇ ਸੁਸ਼ੋਭਿਤ ਕੀਤੇ

ਅੰਮ੍ਰਿਤਸਰ, 30 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਅਰਬ ਮੁਲਕ ਕਤਰ ਵਿੱਚ ਸਥਾਨਕ ਪੁਲੀਸ ਵੱਲੋਂ ਵਾਪਸ ਕੀਤੇ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਦੋਵੇਂ ਪਾਵਨ ਸਰੂਪ ਅੰਮ੍ਰਿਤਸਰ ਪੁੱਜ ਗਏ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦੋਵੇਂ ਸਰੂਪ ਆਪਣੇ ਪਾਸ ਲੈ ਕੇ ਸ੍ਰੀ ਦਰਬਾਰ ਸਾਹਿਬ ਸਮੂਹ 'ਚ ਸਥਿਤ ਗੁਰਦੁਆਰਾ ਬਾਬਾ ਗੁਰਬਖਸ਼ ਸਿੰਘ ਜੀ ਵਿਖੇ ਸੁਸ਼ੋਭਿਤ ਕਰ ਦਿੱਤੇ ਹਨ।

ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਦੱਸਿਆ ਕਿ ਲੰਘੀ ਰਾਤ ਇਹ ਸੂਚਨਾ ਮਿਲੀ ਸੀ ਕਿ ਦੋਹਾ ਪੁਲੀਸ ਵੱਲੋਂ ਵਾਪਸ ਕੀਤੇ ਗਏ ਪਾਵਨ ਸਰੂਪ ਲੈ ਕੇ ਇਸ ਮਾਮਲੇ ਨਾਲ ਸਬੰਧਤ ਵਿਅਕਤੀ ਹਵਾਈ ਉਡਾਣ ਰਾਹੀਂ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡਾ, ਅੰਮ੍ਰਿਤਸਰ ਵਿਖੇ ਪੁੱਜ ਰਹੇ ਹਨ, ਜਿਸ ਉੱਤੇ ਤੁਰੰਤ ਕਾਰਵਾਈ ਕਰਦਿਆਂ ਸ਼੍ਰੋਮਣੀ ਕਮੇਟੀ ਨੇ ਹਵਾਈ ਅੱਡੇ ਤੋਂ ਇਹ ਪਾਵਨ ਸਰੂਪ ਸਬੰਧਤ ਵਿਅਕਤੀਆਂ ਪਾਸੋਂ ਪ੍ਰਾਪਤ ਕਰਕੇ ਪਾਲਕੀ ਸਾਹਿਬ ਵਾਲੀ ਗੱਡੀ ਰਾਹੀਂ ਮਰਿਆਦਾ ਅਤੇ ਸਤਿਕਾਰ ਸਹਿਤ ਲਿਆ ਕੇ ਗੁਰਦੁਆਰਾ ਬਾਬਾ ਗੁਰਬਖਸ਼ ਸਿੰਘ ਵਿਖੇ ਸੁਸ਼ੋਭਿਤ ਕਰ ਦਿੱਤੇ ਹਨ।

ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ-ਨਿਰਦੇਸ਼ਾਂ 'ਤੇ ਇਹ ਕਾਰਵਾਈ ਕੀਤੀ ਗਈ ਹੈ।

ਉਨ੍ਹਾਂ ਦਸਿਆ ਕਿ ਮਾਮਲੇ ਦੀ ਰਿਪੋਰਟ ਪਾਵਨ ਸਰੂਪ ਪ੍ਰਾਪਤ ਕਰਨ ਗਏ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਪਾਸੋਂ ਲੈ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਭੇਜ ਦਿੱਤੀ ਜਾਵੇਗੀ।

ਯੋਗੀ ਨੇ ਕਾਨਪੁਰ ਨੂੰ ਦਿੱਤਾ ਵੱਡਾ ਤੋਹਫਾ, 751 ਕਰੋੜ ਰੁਪਏ ਦੇ 442 ਪ੍ਰਾਜੈਕਟਾਂ ਦਾ ਕੀਤਾ ਉਦਘਾਟਨ

ਕਾਨਪੁਰ, 30 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਉੱਤਰ ਪ੍ਰਦੇਸ਼ ਵਿੱਚ ਹੋਣ ਵਾਲੀਆਂ ਵਿਧਾਨ ਸਭਾ ਉਪ ਚੋਣਾਂ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਐਕਸ਼ਨ ਮੋਡ ਵਿੱਚ ਨਜ਼ਰ ਆ ਰਹੀ ਹੈ। ਦਰਅਸਲ, ਭਾਰਤੀ ਜਨਤਾ ਪਾਰਟੀ ਉਪ ਚੋਣਾਂ @ਚ ਕੋਈ ਕਸਰ ਬਾਕੀ ਨਹੀਂ ਛੱਡਣਾ ਚਾਹੁੰਦੀ, ਜਿਸ ਨਾਲ ਉਸ ਨੂੰ ਕਿਸੇ ਤਰ੍ਹਾਂ ਦਾ ਨੁਕਸਾਨ ਹੋਵੇ। ਅਜਿਹੇ @ਚ ਸਿਸਾਮਾਊ ਵਿਧਾਨ ਸਭਾ ਸੀਟ @ਤੇ

ਪ੍ਰਧਾਨ ਮੰਤਰੀ ਆਵਾਸ ਯੋਜਨਾ ਦੀ ਗ੍ਰਾਂਟ ਹੜੱਪਣ ਦੇ ਦੋਸ਼ ਹੇਠ ਵਿਜੀਲੈਂਸ ਬਿਊਰੋ ਵੱਲੋਂ ਪੰਚਾਇਤ ਸਕੱਤਰ, ਸਰਪੰਚ ਤੇ ਇੱਕ ਹੋਰ ਵਿਅਕਤੀ ਖ਼ਿਲਾਫ਼ ਕੇਸ ਦਰਜ

ਚੰਡੀਗੜ੍ਹ, 30 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਵਿਜੀਲੈਂਸ ਬਿਊਰੋ ਨੇ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਕੇਂਦਰ ਤੋਂ ਪ੍ਰਾਪਤ 1,20,000 ਰੁਪਏ ਦੀ ਗ੍ਰਾਂਟ ਨੂੰ ਹੜੱਪਣ ਦੇ ਦੋਸ਼ ਹੇਠ ਬਲਾਕ ਵਿਕਾਸ ਤੇ ਪੰਚਾਇਤ ਦਫ਼ਤਰ, ਫਾਜ਼ਿਲਕਾ ਵਿਖੇ ਤਾਇਨਾਤ ਪੰਚਾਇਤ ਸਕੱਤਰ ਸੰਤੋਖ ਸਿੰਘ, ਪਿੰਡ ਸੈਦੇ ਕੇ ਹਿਠਾੜ, ਜ਼ਿਲ੍ਹਾ ਫਾਜ਼ਿਲਕਾ ਦੇ ਸਰਪੰਚ ਮਾਹਲਾ ਸਿੰਘ ਅਤੇ ਇਸੇ ਪਿੰਡ ਦੇ ਇੱਕ ਹੋਰ ਵਿਅਕਤੀ ਮੁਖਤਿਆਰ ਸਿੰਘ ਖਿਲਾਫ਼ ਮੁਕੱਦਮਾ ਦਰਜ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਸ ਸਬੰਧੀ ਪ੍ਰਾਪਤ ਸ਼ਿਕਾਇਤ ਦੀ ਪੜਤਾਲ ਦੌਰਾਨ ਪਾਇਆ ਗਿਆ ਕਿ ਉਕਤ ਮੁਲਜ਼ਮ ਮੁਖਤਿਆਰ ਸਿੰਘ ਨੂੰ ਰਾਜ ਸਰਕਾਰ ਵੱਲੋਂ ਆਪਣਾ ਘਰ ਬਣਾਉਣ ਲਈ ਪੰਜ ਮਰਲੇ ਪੰਚਾਇਤੀ ਜ਼ਮੀਨ ਅਲਾਟ ਕੀਤੀ ਗਈ ਸੀ ਜਿਸ ਵਿੱਚ ਉਸਨੇ ਪਹਿਲਾਂ ਹੀ ਇਸ ਪੰਜ ਮਰਲੇ ਦੇ ਪਲਾਟ ਵਿੱਚ ਆਪਣਾ ਮਕਾਨ ਬਣਾਇਆ ਹੋਇਆ ਸੀ ਪਰ ਅਜਿਹਾ ਹੋਣ ਦੇ ਬਾਵਜੂਦ ਵੀ ਉਸਨੇ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਗੈਰ-ਕਾਨੂੰਨੀ ਢੰਗ ਨਾਲ 1,20,000 ਰੁਪਏ ਦੀ ਰਕਮ ਪ੍ਰਾਪਤ ਕੀਤੀ ਸੀ।

ਉਨ੍ਹਾਂ ਅੱਗੇ ਦੱਸਿਆ ਕਿ ਮੁਲਜ਼ਮ ਸਰਪੰਚ ਮਾਹਲਾ ਸਿੰਘ ਅਤੇ ਪੰਚਾਇਤ ਸਕੱਤਰ ਸੰਤੋਖ ਸਿੰਘ ਨੇ ਇਹ ਪਤਾ ਹੋਣ ਦੇ ਬਾਵਜੂਦ ਕਿ ਪਿੰਡ ਵਿੱਚ ਮੁਖਤਿਆਰ ਸਿੰਘ ਦਾ ਆਪਣਾ ਪੱਕਾ ਘਰ ਹੈ, ਆਪਸੀ ਮਿਲੀਭੁਗਤ ਨਾਲ ਉਕਤ ਨਾਜਾਇਜ਼ ਲਾਭਪਾਤਰੀ ਮੁਖਤਿਆਰ ਸਿੰਘ ਦਾ ਸਵੈ-ਘੋਸ਼ਣਾ ਪੱਤਰ ਤਸਦੀਕ ਕਰਕੇ ਉਸ ਨੂੰ ਉਕਤ ਸਕੀਮ ਹੇਠ ਯੋਗ ਕਰਾਰ ਦਿੱਤਾ।

ਵਧੇਰੇ ਜਾਣਕਾਰੀ ਦਿੰਦੇ ਦਿੰਦਿਆਂ ਉਨ੍ਹਾਂ ਅੱਗੇ ਦੱਸਿਆ ਕਿ ਇਸ ਜਾਂਚ ਦੇ ਆਧਾਰ 'ਤੇ ਉਪਰੋਕਤ ਸਾਰੇ ਮੁਲਜ਼ਮਾਂ ਖਿਲਾਫ਼ ਵਿਜੀਲੈਂਸ ਬਿਊਰੋ ਦੇ ਥਾਣਾ ਫਿਰੋਜ਼ਪੁਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 13(1)ਏ ਤੇ 13(2) ਅਤੇ ਆਈ.ਪੀ.ਸੀ ਦੀ ਧਾਰਾ 409, 467, 468, 471, 120-ਬੀ ਤਹਿਤ ਮੁਕੱਮਦਾ ਦਰਜ ਕਰ ਲਿਆ ਗਿਆ ਹੈ ਅਤੇ ਇਸ ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

ਪਟਿਆਲਾ ਵਿੱਚ ਮਰਹੂਮ ਸ਼ਾਇਰ ਮੋਹਨਜੀਤ ਦੀ ਯਾਦ ਵਿੱਚ ਸਮਾਗਮ

ਪਟਿਆਲਾ, 30 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਵੱਲੋਂ ਪ੍ਰਗਤੀਸ਼ੀਲ ਲੇਖਕ ਸੰਘ ਦੀ ਪਟਿਆਲਾ ਇਕਾਈ ਦੇ ਸਹਿਯੋਗ ਨਾਲ ਭਾਸ਼ਾ ਵਿਭਾਗ ਪੰਜਾਬ ਦੇ ਸੈਮੀਨਾਰ ਹਾਲ ਵਿੱਚ ਮਰਹੂਮ ਸ਼ਾਇਰ ਮੋਹਨਜੀਤ ਦੀ ਯਾਦ ਵਿਚ ਪ੍ਰੋਗਰਾਮ 'ਮੋਹਨਜੀਤ: ਸ਼ਖ਼ਸੀਅਤ ਤੇ ਸਿਰਜਣਾ' ਕਰਵਾਇਆ ਗਿਆ। ਪਹਿਲੇ ਸੈਸ਼ਨ ਦੀ ਪ੍ਰਧਾਨਗੀ ਡਾ. ਸੁਖਦੇਵ ਸਿੰਘ ਸਿਰਸਾ ਨੇ ਕੀਤੀ। ਇਸ ਦੌਰਾਨ ਨਾਟਕਕਾਰ ਸਵਰਾਜਬੀਰ ਨੇ ਮੋਹਨਜੀਤ ਨਾਲ ਦਹਾਕਿਆਂ ਦੀ ਸਾਂਝ ਦਾ ਹਵਾਲਾ ਦਿੰਦਿਆਂ ਕਿਹਾ ਕਿ ਉਨ੍ਹਾਂ ਲਈ ਮੋਹਨਜੀਤ ਬਾਰੇ ਬੋਲਣਾ ਬਹੁਤ ਹੀ ਭਾਵੁਕ ਮਸਲਾ ਹੈ ਪਰ ਮੋਹਨਜੀਤ ਬਾਰੇ ਗੱਲ ਕਰਨੀ ਸਦੀ ਦੀ ਕਵਿਤਾ ਨਾਲ ਸੰਵਾਦ ਰਚਾਉਣ ਵਰਗਾ ਹੈ। ਉਸ ਦੇ ਰੇਖਾ ਚਿੱਤਰਾਂ ਦਾ ਰੰਗ ਕਵਿਤਾ ਦੇ ਹਵਾਲੇ ਨਾਲ ਇੰਨਾ ਵਿਲੱਖਣ ਹੈ ਕਿ ਉਨ੍ਹਾਂ ਨੂੰ ਦੁਨੀਆ ਦੀ ਕਿਸੇ ਵੀ ਭਾਸ਼ਾ ਦੇ ਵੱਡੇ ਸਾਹਿਤ ਦੀ ਸ਼੍ਰੇਣੀ ਵਿੱਚ ਰੱਖਿਆ ਜਾ ਸਕਦਾ ਹੈ। ਡਾ. ਸੁਖਦੇਵ ਸਿੰਘ ਸਿਰਸਾ ਨੇ ਕਿਹਾ ਕਿ ਜਿਸ ਵੇਲੇ ਨਵਾਂ-ਨਵਾਂ ਬਾਜ਼ਾਰ ਪੰਜਾਬੀ ਸ਼ਾਇਰਾਂ ਨੂੰ ਆਪਣੇ ਕਲਾਵੇ ਵਿੱਚ ਲੈ ਰਿਹਾ ਸੀ ਤਾਂ ਉਸ ਦੌਰ ਵਿੱਚ ਲੋਕ ਸਰੋਕਾਰਾਂ ਦੀ ਗੱਲ ਕਰਨਾ ਤੇ ਕਵਿਤਾ ਦੇ ਸੁਹਜ ਨੂੰ ਕਾਇਮ ਰੱਖਣਾ ਇੱਕ ਵੱਡੀ ਚੁਣੌਤੀ ਸੀ, ਜਿਸ ਨੂੰ ਮੋਹਨਜੀਤ ਨੇ ਬਾਖ਼ੂਬੀ ਨਿਭਾਇਆ। ਦਿੱਲੀ ਯੂਨੀਵਰਸਿਟੀ ਤੋਂ ਪੰਜਾਬੀ ਦੇ ਨੌਜਵਾਨ ਅਧਿਆਪਕ ਯਾਦਵਿੰਦਰ ਸਿੰਘ ਨੇ ਮੋਹਨਜੀਤ ਦੇ ਰੇਖਾ ਚਿੱਤਰਾਂ 'ਤੇ ਆਪਣਾ ਰਿਸਰਚ ਪੇਪਰ ਪੇਸ਼ ਕੀਤਾ।

ਪਟਿਆਲਾ ਵਿੱਚ ਕਰਵਾਏ ਗਏ ਸਮਾਗਮ ਵਿਚ ਸ਼ਾਮਲ ਸ਼ਖ਼ਸੀਅਤਾਂ।

ਸੈਸ਼ਨ ਦੇ ਆਰੰਭ ਵਿੱਚ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਪੰਜਾਬੀ ਸਾਹਿਤ ਅਕਾਦਮੀ ਦੇ ਪਿਛਲੇ ਦਿਨਾਂ ਵਿੱਚ ਕਰਵਾਏ ਕੰਮਾਂ ਦੀ ਤਫ਼ਸੀਲ ਦਿੰਦਿਆਂ ਕਿਹਾ ਕਿ 'ਸ਼ਖ਼ਸੀਅਤ ਤੇ ਸਿਰਜਣਾ' ਇੱਕ ਅਜਿਹੀ ਅਦਬੀ ਲੜੀ ਹੈ ਜਿਸ ਵਿੱਚ ਇਸ ਤੋਂ ਪਹਿਲਾਂ ਸੁਰਜੀਤ ਪਾਤਰ ਦੀ ਸ਼ਖ਼ਸੀਅਤ ਤੇ ਸਿਰਜਣਾ ਬਾਰੇ ਸਮਾਗਮ ਕਰਵਾਇਆ ਗਿਆ ਹੈ। ਦੂਜੇ ਸੈਸ਼ਨ ਦੀ ਪ੍ਰਧਾਨਗੀ ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਜਸਵੰਤ ਜ਼ਫ਼ਰ ਅਤੇ ਪੰਜਾਬੀ ਦੇ ਦੋ ਵੱਡੇ ਸ਼ਾਇਰਾਂ ਸੁਰਜੀਤ ਜੱਜ ਅਤੇ ਤਰਸੇਮ ਨੇ ਕੀਤੀ। ਇਸ ਸੈਸ਼ਨ ਵਿੱਚ ਦਿੱਲੀ ਦੇ ਮਾਤਾ ਸੁੰਦਰੀ ਕਾਲਜ ਦੇ ਪ੍ਰੋਫੈਸਰ ਡਾ. ਹਰਵਿੰਦਰ ਸਿੰਘ, ਡਾ. ਕੁਲਦੀਪ ਸਿੰਘ ਦੀਪ ਨੇ ਵੀ ਸੰਬੋਧਨ ਕੀਤਾ। ਪ੍ਰਗਤੀਸ਼ੀਲ ਲੇਖਕ ਸੰਘ ਦੇ ਪ੍ਰਧਾਨ ਸੁਰਜੀਤ ਜੱਜ ਨੇ ਮੋਹਨਜੀਤ ਦੀ ਕਵਿਤਾ ਬਰਬਰੀਕ ਦੇ ਹਵਾਲੇ ਨਾਲ ਉਨ੍ਹਾਂ ਦੀ ਤੁਲਨਾ ਮਹਾਂਭਾਰਤ ਦੇ ਕਿਰਦਾਰ ਬਰਬਰੀਕ ਨਾਲ ਕੀਤੀ। ਇਸ ਦੌਰਾਨ ਸ਼ਾਇਰ ਅਮਰਜੀਤ ਕਸਕ, ਬਲਵਿੰਦਰ ਸੰਧੂ, ਡਾਕਟਰ ਸੁਰਜੀਤ ਭੱਟੀ, ਲਕਸ਼ਮੀ ਨਰਾਇਣ ਭੀਖੀ, ਉਪ ਪ੍ਰਧਾਨ ਪਾਲ ਕੌਰ, ਤਰਸੇਮ ਨੇ ਵੀ ਆਪਣੇ ਵਿਚਾਰ ਰੱਖੇ।

ਜ਼ਿਲ੍ਹਾ ਪੱਧਰੀ ਟੀਮ ਵੱਲੋਂ ਵੱਖ-ਵੱਖ ਅਲਟਰਾਸਾਊਂਡ ਸੈਂਟਰਾਂ ਦੀ ਕੀਤੀ ਗਈ ਜਾਂਚ

ਰੂਪਨਗਰ, 30 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਸਿਵਲ ਸਰਜਨ ਰੂਪਨਗਰ ਡਾ. ਤਰਸੇਮ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਅੰਦਰ ਪੀ.ਸੀ.ਪੀ.ਐਨ.ਡੀ.ਟੀ. ਐਕਟ ਨੂੰ ਸਖਤੀ ਨਾਲ ਲਾਗੂ ਕਰਨ ਲਈ ਜ਼ਿਲ੍ਹਾ ਪੱਧਰੀ ਟੀਮ ਵੱਲੋਂ ਸ਼ਹਿਰ ਦੇ ਵੱਖ-ਵੱਖ ਅਲਟਰਾਸਾਊਂਡ ਸਕੈਨ ਸੈਂਟਰਾਂ ਦਾ ਨਿਰੀਖਣ ਕੀਤਾ ਗਿਆ।

ਜ਼ਿਲ੍ਹਾ ਪੱਧਰੀ ਟੀਮ ਜਿਸ ਵਿੱਚ ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਨਵਰੂਪ ਕੌਰ, ਜ਼ਿਲਾ ਸਕੂਲ ਸਿਹਤ ਮੈਡੀਕਲ ਅਫਸਰ ਡਾ. ਜਤਿੰਦਰ ਕੌਰ ਅਤੇ ਜ਼ਿਲ੍ਹਾ ਬੀ.ਸੀ.ਸੀ.ਕੋਆਰਡੀਨੇਟਰ ਸੁਖਜੀਤ ਕੰਬੋਜ ਸ਼ਾਮਿਲ ਸਨ, ਵੱਲੋਂ ਵੱਖ-ਵੱਖ ਅਲਟਰਾਸਾਊਂਡ ਸਕੈਨ ਸੈਂਟਰਾਂ, ਸਿਟੀ ਸਕੈਨ ਸੈਂਟਰਾਂ ਅਤੇ ਈਕੋ ਸੈਂਟਰਾਂ ਦੇ ਰਿਕਾਰਡ ਦੀ ਜਾਂਚ ਕੀਤੀ ਗਈ। ਇਸ ਟੀਮ ਨੇ ਕਲੀਨਿਕਾਂ ਦੇ ਦਸਤਾਵੇਜ਼, ਰਿਕਾਰਡ ਅਤੇ ਜਨਮ ਤੋਂ ਪਹਿਲਾਂ ਦੀਆਂ ਜਾਂਚਾਂ ਦੇ ਰਾਜਸੀ ਨਿਯਮਾਂ ਦੀ ਪਾਲਣਾ ਦੀ ਜਾਂਚ ਕੀਤੀ। ਇਸ ਵਿਚ ਫਾਰਮ 'ਐਫ' ਦੀ ਜਾਂਚ, ਸਟਾਫ ਦੀ ਯੋਗਤਾ ਅਤੇ ਅਲਟਰਾ ਸਾਊਂਡ ਕਰਵਾਉਣ ਦੀ ਕਾਨੂੰਨੀ ਪ੍ਰਕਿਰਿਆ ਦੀ ਪੜਤਾਲ ਕੀਤੀ ਗਈ।

ਜ਼ਿਲ੍ਹਾ ਟੀਕਾਕਾਰਣ ਅਫਸਰ ਰੂਪਨਗਰ ਡਾ. ਨਵਰੂਪ ਕੌਰ ਨੇ ਦੱਸਿਆ ਕਿ ਜ਼ਿਲ੍ਹੇ ਅੰਦਰ ਰਜਿਸਟਰਡ ਸਮੂਹ ਅਲਟਰਾਸਾਊਂਡ ਸੈਂਟਰਾਂ ਦੀ ਨਿਰੰਤਰ ਰੂਪ ਦੇ ਵਿੱਚ ਅਚਨਚੇਤ ਜਾਂਚ ਕੀਤੀ ਜਾਂਦੀ ਹੈ ਅਤੇ ਇਸ ਸਬੰਧੀ ਪੀ.ਸੀ.ਪੀ.ਐਨ.ਡੀ.ਟੀ. ਐਕਟ ਨੂੰ ਸਖਤੀ ਨਾਲ ਲਾਗੂ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਲਿੰਗ-ਪਛਾਣ ਅਤੇ ਕੰਨਿਆ ਭਰੂਣ ਗਰਭਪਾਤ ਸਬੰਧੀ ਗੈਰ-ਕਾਨੂੰਨੀ ਕਾਰਵਾਈਆਂ ਨੂੰ ਲੈ ਕੇ ਜ਼ੀਰੋ ਟੋਲਰੈਂਸ ਨੀਤੀ ਰੱਖਦੀ ਹੈ। ਕੁੜੀ ਦੇ ਜਨਮ ਦੇ ਹੱਕ ਦੀ ਰੱਖਿਆ ਸਾਡਾ ਮੁੱਖ ਟੀਚਾ ਹੈ ਅਤੇ ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਕਿਸੇ ਵੀ ਵਿਅਕਤੀ ਜਾਂ ਡਾਕਟਰ ਦੁਆਰਾ ਐਕਟ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਉਸ ਨੂੰ 05 ਸਾਲ ਤੱਕ ਦੀ ਕੈਦ ਦੀ ਸਜ਼ਾ ਅਤੇ 50,000 ਰੁਪਏ ਤੱਕ ਦਾ ਜੁਰਮਾਨਾ ਹੋ ਸਕਦਾ ਹੈ। ਇਸ ਸਬੰਧੀ ਸੂਚਨਾ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਂਦਾ ਹੈ।

ਜਵੀ ਦੀ ਕਿਸਮ ਦੇ ਵਪਾਰੀਕਰਨ ਲਈ ਪੀਏਯੂ ਤੇ ਆਂਧਰਾ ਪ੍ਰਦੇਸ਼ ਦੀ ਫਰਮ ਵਿਚਾਲੇ ਸਮਝੌਤਾ

ਲੁਧਿਆਣਾ, 30 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਪੀਏਯੂ ਵੱਲੋਂ ਵਿਕਸਿਤ ਜਵੀ ਦੀ ਹਾਈਬ੍ਰਿਡ ਕਿਸਮ ਓਐਲ-16 ਦੇ ਵਪਾਰੀਕਰਨ ਲਈ ਆਂਧਰਾ ਪ੍ਰਦੇਸ਼ ਸਥਿਤ ਗੋਰਮੇਟ ਪੌਪਕਾਰਨਿਕਾ ਐੱਲਐੱਲਪੀ ਨਾਲ ਸਮਝੌਤੇ 'ਤੇ ਸਹੀ ਪਾਈ ਗਈ। ਪੀਏਯੂ ਦੇ ਨਿਰਦੇਸ਼ਕ ਖੋਜ ਡਾ. ਅਜਮੇਰ ਸਿੰਘ ਢੱਟ ਅਤੇ ਗੋਰਮੇਟ ਪੌਪਕਾਰਨਿਕਾ ਐੱਲਐੱਲਪੀ ਦੇ ਰਾਕੇਸ਼ ਅਰੋੜਾ ਨੇ ਆਪੋ-ਆਪਣੇ ਅਦਾਰਿਆਂ ਵੱਲੋਂ ਸਮਝੌਤੇ ਦੀਆਂ ਸ਼ਰਤਾਂ 'ਤੇ ਹਸਤਾਖ਼ਰ ਕੀਤੇ। ਇਸ ਮੌਕੇ ਵਧੀਕ ਨਿਰਦੇਸ਼ਕ ਖੋਜ ਡਾ. ਗੁਰਜੀਤ ਸਿੰਘ ਮਾਂਗਟ ਅਤੇ ਗੋਰਮੇਟ ਪੌਪਕਾਰਨਿਕਾ ਦੇ ਮੀਤ ਪ੍ਰਧਾਨ ਰਮੇਸ਼ ਚੌਧਰੀ ਵੀ ਹਾਜ਼ਰ ਸਨ।

ਸੀਨੀਅਰ ਚਾਰਾ ਬਰੀਡਰ ਡਾ. ਰਾਹੁਲ ਕਪੂਰ ਨੇ ਦੱਸਿਆ ਕਿ ਇਹ 2022 ਦੌਰਾਨ ਪੰਜਾਬ ਦੇ ਸੋਂਜੂ ਖੇਤਰਾਂ ਲਈ ਵਿਕਸਤ ਅਤੇ ਜਾਰੀ ਕੀਤੀ ਗਈ ਜਵੀ ਦੀ ਦੋਗਲੀ ਕਿਸਮ ਹੈ। ਇਸ ਵਿੱਚ ਚਾਰਾ, ਅਨਾਜ ਅਤੇ ਆਟੇ ਦੀ ਗੁਣਵੱਤਾ ਵੀ ਚੰਗੀ ਹੈ। ਡਾ. ਵੀਐੱਸ ਸੋਹੂ ਮੁਖੀ, ਪਲਾਂਟ ਬਰੀਡਿੰਗ ਵਿਭਾਗ ਨੇ ਪੀਏਯੂ ਵੱਲੋਂ ਵਿਕਸਤ ਕਿਸਮਾਂ ਦੇ ਪ੍ਰਸਾਰ ਦੀ ਜ਼ਿੰਮੇਵਾਰੀ ਸਾਂਝੀ ਕਰਨ ਲਈ ਵਿਗਿਆਨੀਆਂ ਅਤੇ ਫਰਮ ਨੂੰ ਵਧਾਈ ਦਿੱਤੀ। ਟੈਕਨਾਲੋਜੀ ਮਾਰਕੀਟਿੰਗ ਅਤੇ ਆਈਪੀਆਰ ਸੈੱਲ ਦੇ ਐਸੋਸੀਏਟ ਡਾਇਰੈਕਟਰ ਡਾ. ਖੁਸ਼ਦੀਪ ਧਾਰਨੀ ਨੇ ਦੱਸਿਆ ਕਿ 'ਵਰਸਿਟੀ ਵੱਲੋਂ ਵਿਕਸਤ ਜਵੀ ਦੀਆਂ ਕਿਸਮਾਂ ਮੰਡੀਆਂ ਵਿੱਚ ਮਕਬੂਲ ਹੋ ਰਹੀਆਂ ਹਨ।

ਡੀਟੀਐੱਫ ਵੱਲੋਂ ਅਧਿਆਪਕ ਦਿਵਸ ਮੌਕੇ ਰੋਸ ਮੁਜ਼ਾਹਰਿਆਂ ਦਾ ਐਲਾਨ

ਅਧਿਆਪਕ ਮਸਲਿਆਂ ਸਬੰਧੀ ਮੀਟਿੰਗ ਕਰਦੇ ਹੋਏ ਡੀਟੀਐੱਫ ਦੇ ਆਗੂ।

ਪਟਿਆਲਾ, 30 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਵੱਲੋਂ ਵੱਖ-ਵੱਖ ਅਧਿਆਪਕ ਮਸਲਿਆਂ ਨੂੰ ਲੈ ਕੇ 5 ਸਤੰਬਰ ਨੂੰ ਅਧਿਆਪਕ ਦਿਵਸ ਮੌਕੇ ਸੂਬੇ ਭਰ ਵਿੱਚ ਜ਼ਿਲ੍ਹਾ ਪੱਧਰ 'ਤੇ ਰੋਸ ਮੁਜ਼ਾਹਰੇ ਕਰਨ ਦਾ ਐਲਾਨ ਕੀਤਾ ਗਿਆ ਹੈ। ਇਹ ਫ਼ੈਸਲਾ ਜਥੇਬੰਦੀ ਦੀ ਸੂਬਾ ਕਮੇਟੀ ਦੀ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਲਿਆ ਗਿਆ। ਮੀਟਿੰਗ ਬਾਰੇ ਜਾਣਕਾਰੀ ਦਿੰਦਿਆਂ ਸੀਨੀਅਰ ਮੀਤ ਪ੍ਰਧਾਨ ਸਰਵਣ ਸਿੰਘ ਅੱਜੇਲਾ, ਮੀਤ ਪ੍ਰਧਾਨ ਸੁਖਵਿੰਦਰ ਸੁੱਖੀ, ਵਿੱਤ ਸਕੱਤਰ ਜਸਵਿੰਦਰ ਸਿੰਘ ਨੇ ਦੱਸਿਆ ਕਿ ਅਧਿਆਪਕਾਂ ਦੇ ਮਸਲਿਆਂ 'ਤੇ ਵਿਚਾਰ ਵਟਾਂਦਰਾ ਕਰਕੇ ਅਹਿਮ ਫੈਸਲੇ ਲਏ ਗਏ। ਸਿੱਖਿਆ ਮੰਤਰੀ ਵੱਲੋਂ ਜਥੇਬੰਦੀ ਨਾਲ 9 ਅਗਸਤ ਨੂੰ ਕੀਤੀ ਮੀਟਿੰਗ ਵਿੱਚ ਵੱਖ-ਵੱਖ ਅਧਿਆਪਕ ਮਸਲਿਆਂ 'ਤੇ ਸਹਿਮਤੀ ਬਣੀ ਸੀ ਪ੍ਰੰਤੂ ਉਨ੍ਹਾਂ ਨੂੰ ਅਜੇ ਤੱਕ ਸਰਕਾਰ ਵੱਲੋਂ ਕੋਈ ਅਮਲੀ ਰੂਪ ਨਹੀਂ ਦਿੱਤਾ ਗਿਆ। ਇਸ ਕਾਰਨ 5 ਸਤੰਬਰ ਨੂੰ ਅਧਿਆਪਕ ਦਿਵਸ ਮੌਕੇ ਜ਼ਿਲ੍ਹਾ ਪੱਧਰ 'ਤੇ ਰੋਸ ਮੁਜ਼ਾਹਰੇ ਕੀਤੇ ਜਾਣਗੇ। ਇਸ ਦੇ ਨਾਲ ਹੀ ਇਹ ਫੈਸਲਾ ਵੀ ਲਿਆ ਗਿਆ ਕਿ ਪੂਰੇ ਪੰਜਾਬ ਵਿੱਚ ਅਧਿਆਪਕਾਂ ਦੀ ਲਾਮਬੰਦੀ ਕਰਦਿਆਂ 2 ਅਕਤੂਬਰ ਨੂੰ ਸੰਗਰੂਰ ਵਿੱਚ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ। ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਫਰੰਟ ਵੱਲੋਂ 3 ਸਤੰਬਰ ਨੂੰ ਚੰਡੀਗੜ੍ਹ ਵਿੱਚ ਪੰਜਾਬ ਵਿਧਾਨ ਸਭਾ ਵੱਲ ਕੀਤੇ ਜਾਣ ਵਾਲੇ ਮਾਰਚ ਵਿੱਚ ਵੱਡੇ ਪੱਧਰ 'ਤੇ ਸ਼ਮੂਲੀਅਤ ਕੀਤੀ ਜਾਵੇਗੀ। ਉਧਰ, ਦੂਜੀ ਅਧਿਆਪਕ ਜਥੇਬੰਦੀ ਡੀਟੀਐੱਫ ਦੇ ਸੂਬਾ ਪ੍ਰਧਾਨ ਵਿਕਰਮਦੇਵ ਦੀ ਅਗਵਾਈ ਹੇਠ ਹੋਈ ਮੀਟਿੰਗ ਵਿੱਚ ਬਦਲੀਆਂ ਸਬੰਧੀ ਮਾਮਲਿਆਂ ਦਾ ਵਾਜਬ ਹੱਲ ਨਾ ਹੋਣ ਦੀ ਸੂਰਤ ਵਿੱਚ ਜਥੇਬੰਦੀ ਦੇ ਵਫ਼ਦ ਵੱਲਪੀੜਤ ਅਧਿਆਪਕਾਂ ਨੂੰ ਨਾਲ ਲੈ ਕੇ ਡਾਇਰੈਕਟਰ ਸਕੂਲ ਸਿੱਖਿਆ (ਸੈਕੰਡਰੀ) ਨੂੰ ਮਿਲਣ ਦਾ ਐਲਾਨ ਕੀਤਾ ਗਿਆ।

ਕੇਂਦਰ ਨੇ ਐਤਕੀਂ ਚੰਡੀਗੜ੍ਹ ਦੇ ਕਿਸੇ ਅਧਿਆਪਕ ਨੂੰ ਕੌਮੀ ਐਵਾਰਡ ਲਈ ਨਹੀਂ ਚੁਣਿਆ

ਚੰਡੀਗੜ੍ਹ, 30 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਕੇਂਦਰੀ ਸਿੱਖਿਆ ਮੰਤਰਾਲੇ ਨੇ ਇਸ ਸਾਲ ਪੰਜ ਸਤੰਬਰ ਦੇ ਕੌਮੀ ਐਵਾਰਡ ਲਈ ਚੰਡੀਗੜ੍ਹ ਤੋਂ ਕਿਸੇ ਵੀ ਅਧਿਆਪਕ ਦੀ ਚੋਣ ਨਹੀਂ ਕੀਤੀ ਜਦਕਿ ਪੰਜਾਬ ਦੇ ਦੋ ਅਧਿਆਪਕਾਂ ਨੂੰ ਕੌਮੀ ਐਵਾਰਡ ਦੇਣ ਦਾ ਫੈਸਲਾ ਕੀਤਾ ਗਿਆ ਹੈ। ਇਸ ਵਾਰ ਕੇਂਦਰੀ ਮੰਤਰਾਲੇ ਨੇ ਦੇਸ਼ ਭਰ ਵਿਚੋਂ 50 ਅਧਿਆਪਕਾਂ ਦੀ ਐਵਾਰਡ ਲਈ ਚੋਣ ਕੀਤੀ ਹੈ ਜਦਕਿ ਇਹ ਐਵਾਰਡ ਸ਼ੁਰੂ ਹੋਣ ਵੇਲੇ 350 ਦੇ ਕਰੀਬ ਅਧਿਆਪਕਾਂ ਨੂੰ ਬਿਹਤਰ ਕਾਰਗੁਜ਼ਾਰੀ ਦੇ ਆਧਾਰ 'ਤੇ ਦਿੱਤਾ ਜਾਂਦਾ ਸੀ। ਦੂਜੇ ਪਾਸੇ ਚੰਡੀਗੜ੍ਹ ਦੇ ਅਧਿਕਾਰੀਆਂ ਨੇ ਕਿਹਾ ਕਿ ਉਨ੍ਹਾਂ ਨੂੰ ਵੀ ਅੱਜ ਹੀ ਪਤਾ ਲੱਗਾ ਹੈ ਕਿ ਇਸ ਵਾਰ ਚੰਡੀਗੜ੍ਹ ਦੇ ਅਧਿਆਪਕ ਨੂੰ ਕੌਮੀ ਐਵਾਰਡ ਨਹੀਂ ਦਿੱਤਾ ਗਿਆ ਪਰ ਇਹ ਗੱਲ ਸਮਝ ਤੋਂ ਬਾਹਰ ਹੈ ਤੇ ਉਸ ਬਾਰੇ ਪਤਾ ਲਗਾ ਕੇ ਕੇਂਦਰ ਨਾਲ ਰਾਬਤਾ ਬਣਾਉਣਗੇ। ਇਹ ਵੀ ਪਤਾ ਲੱਗਾ ਹੈ ਕਿ ਕੇਂਦਰ ਨੇ ਕੌਮੀ ਐਵਾਰਡ ਲ

ਕੰਗਨਾ 'ਤੇ ਰਾਜਾ ਵੜਿੰਗ ਦਾ ਤਿੱਖਾ ਹਮਲਾ, ਕਿਹਾ- "ਅਜਿਹੇ ਬਿਆਨ ਦੇਣਾ ਪਾਗਲ ਇਨਸਾਨ ਦੀ ਨਿਸ਼ਾਨੀ..."

ਏਜੰਸੀਆਂ

ਚੰਡੀਗੜ੍ਹ 30 ਅਗਸਤ। ਬਾਲੀਵੁੱਡ ਅਦਾਕਾਰਾ ਤੇ ਸੰਸਦ ਮੈਂਬਰ ਕੰਗਨਾ ਰਣੌਤ ਵੱਲੋਂ ਕਿਸਾਨ ਅੰਦੋਲਨ ਨੂੰ ਲੈ ਕੇ ਦਿੱਤੇ ਗਏ ਇਕ ਵਿਵਾਦਿਤ ਬਿਆਨ ਕਾਰਨ ਦੇਸ਼ ਦੀ ਸਿਆਸਤ ਇਕ ਵਾਰ ਫਿ?ਰ ਤੋਂ ਗਰਮਾ ਗਈ ਹੈ। ਉਸ ਨੇ ਕਿਸਾਨਾਂ ਅੰਦੋਲਨ ਬਾਰੇ

ਬੋਲਦੇ ਹੋਏ ਕਿਹਾ ਸੀ ਕਿ ਜੇਕਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕਿਸਾਨ ਅੰਦੋਲਨ ਬਾਰੇ ਸਖਤ ਕਦਮ ਨਾ ਚੁੱਕਦੇ ਤਾਂ ਦੇਸ਼ ਦੇ ਹਾਲਾਤ ਬੰਗਲਾਦੇਸ਼ ਵਰਗੇ ਹੋ ਜਾਣੇ ਸੀ। ਆਪਣੇ 'ਐਕਸ' ਅਕਾਊਂਟ 'ਤੇ ਕੰਗਨਾ ਨੇ ਇਕ ਵੀਡੀਓ ਪੋਸਟ ਕੀਤੀ ਸੀ, ਜਿਸ 'ਚ ਉਹ ਕਹਿ ਰਹੀ ਹੈ ਕਿ ਜੇਕਰ ਕਿਸਾਨ ਅੰਦੋਲਨ ਸਮੇਂ ਸਰਕਾਰ ਨੇ ਸਖਤ ਫੈਸਲੇ ਨਾ ਲਏ ਹੁੰਦੇ ਤਾਂ ਅੱਜ ਦੇਸ਼ ਦੇ ਹਾਲਾਤ ਬੰਗਲਾਦੇਸ਼ ਵਰਗੇ ਹੋਣੇ ਸਨ। ਉਸ ਨੇ ਕਿਹਾ ਕਿ ਕਿਸਾਨ ਅੰਦੋਲਨ ਦੌਰਾਨ ਉੱਥੇ ਲਾਸ਼ਾਂ ਲਟਕਦੀਆਂ ਹੋਈਆਂ ਦੇਖੀਆਂ ਗਈਆਂ ਸਨ ਤੇ ਔਰਤਾਂ ਵੀ ਜਬਰ-ਜਨਾਹ ਦਾ ਸ਼ਿਕਾਰ ਹੋਈਆਂ ਸਨ। ਉਸ ਦੇ ਇਸ ਵਿਵਾਦਿਤ ਬਿਆਨ ਨੇ ਸਿਆਸਤ 'ਚ ਉਥਲ-ਪੁਥਲ ਮਚਾ ਦਿੱਤੀ ਹੈ। ਉਸ ਦੇ ਇਸ ਬਿਆਨ ਬਾਰੇ ਬੋਲਦੇ ਹੋਏ ਪੰਜਾਬ ਕਾਂਗਰਸ ਪ੍ਰਧਾਨ ਤੇ ਸੰਸਦ ਮੈਂਬਰ ਰਾਜਾ ਵੜਿੰਗ ਨੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਉਨ੍ਹਾਂ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਇਕ ਔਰਤ ਹੋਣ ਦੇ ਬਾਵਜੂਦ ਕੰਗਨਾ ਦਾ ਅਜਿਹੇ ਬਿਆਨ ਦੇਣਾ ਉਸ ਦੀ ਵਿਗੜੀ ਦਿਮਾਗੀ ਮਾਨਸਿਕਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਅਜਿਹੀ ਬਿਆਨਬਾਜੀ ਇਕ ਪਾਗਲ ਇਨਸਾਨ ਦੀ ਨਿਸ਼ਾਨੀ ਹੈ। ਉਨ੍ਹਾਂ ਕਿਹਾ ਕਿ ਕਈ ਲੋਕਾਂ ਨੂੰ ਮੀਡੀਆ ਤੇ ਲਾਈਮਲਾਈਟ 'ਚ ਬਣੇ ਰਹਿਣ ਦੀ ਆਦਤ ਹੁੰਦੀ ਹੈ ਤੇ ਕੰਗਨਾ ਵੀ ਉਸੇ ਆਦਤ ਦੀ ਸ਼ਿਕਾਰ ਹੈ, ਜਿਸ ਕਾਰਨ ਉਹ ਅਜਿਹੀਆਂ ਬਿਆਨਬਾਜੀਆਂ ਕਰ ਕੇ ਮੀਡੀਆ ਦਾ ਧਿਆਨ ਆਪਣੇ ਵੱਲ ਖਿੱਚਣਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਕੰਗਨਾ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਹੈ ਤੇ ਉਸ ਨੂੰ ਆਪਣੇ ਦਿਮਾਗ ਦਾ ਇਲਾਜ ਕਰਵਾਉਣਾ ਚਾਹੀਦਾ ਹੈ। ਉਨ੍ਹਾਂ ਭਾਜਪਾ 'ਤੇ ਵੀ ਨਿਸ਼ਾਨਾ ਵਿੰਨ੍ਹਦਿਆਂ ਕਿਹਾ ਕਿ ਇਹ ਸਭ ਕੰਗਨਾ ਤੋਂ ਉਨ੍ਹਾਂ ਦੀ ਪਾਰਟੀ ਦੇ ਮੂਹਰੀ ਨੇਤਾ ਕਰਵਾ ਰਹੇ ਹਨ। ਉਨ੍ਹਾਂ ਭਾਜਪਾ ਆਗੂਆਂ ਨੂੰ ਸਲਾਹ ਦਿੱਤੀ ਹੈ ਕਿ ਉਨ੍ਹਾਂ ਨੂੰ ਕੰਗਨਾ ਨੂੰ ਸਮਝਾਉਣਾ ਚਾਹੀਦਾ ਹੈ ਕਿ ਉਹ ਅਜਿਹੀਆਂ ਬੇਤੁਕੀਆਂ ਬਿਆਨਬਾਜੀਆਂ ਕਰਨੀਆਂ ਬੰਦ ਕਰਨ। ਜਿ?ਕਰਯੋਗ ਹੈ ਕਿ ਕੰਗਨਾ ਦੇ ਇਸ ਬਿਆਨ ਦਾ ਭਾਜਪਾ ਪਾਰਟੀ ਨੇ ਵੀ ਨੋਟਿਸ ਲਿਆ ਹੈ ਤੇ ਪਾਰਟੀ ਆਗੂਆਂ ਨੇ ਆਪਣੇ ਪੈਰ ਪਿੱਛੇ ਖਿੱਚਦੇ ਹੋਏ ਕੰਗਨਾ ਦੇ ਬਿਆਨ ਨੂੰ ਉਨ੍ਹਾਂ ਦੀ ਨਿੱਜੀ ਰਾਏ ਦੱਸਿਆ ਹੈ। ਪਾਰਟੀ ਵੱਲੋਂ ਜਾਰੀ ਕੀਤੇ ਗਏ ਇਕ ਪੱਤਰ 'ਚ ਪਾਰਟੀ ਨੇ ਕੰਗਨਾ ਨੂੰ ਭਵਿੱਖ 'ਚ ਅਜਿਹੇ ਬਿਆਨ ਨਾ ਦੇਣ ਲਈ ਕਿਹਾ ਹੈ।

ਦੋਧੀ ਤੋਂ ਬਣਿਆ ਐੱਲ. ਆਈ. ਸੀ. ਏਜੰਟ, ਫਿਰ ਖੜ੍ਹਾ ਕਰ ਦਿੱਤਾ ਕਰੋੜਾਂ ਦਾ ਸਾਮਰਾਜ

ਸਰਦੂਲ ਸਿੰਘ

ਚੰਡੀਗੜ੍ਹ 30 ਅਗਸਤ। ਜਿ?ਲ੍ਹਾ ਰੂਪਨਗਰ ਦੇ ਕਸਬਾ ਬੇਲਾ ਨਾਲ ਲੱਗਦੇ ਪਿੰਡ ਅਟਾਰੀ ਦਾ ਜੰਮਪਲ ਨਿਰਮਲ ਸਿੰਘ ਭੰਗੂ ਕਦੇ ਦੇਸ਼ ਭਰ 'ਚ ਸੁਰਖੀਆਂ ਬਣੇਗਾ, ਕਿਸੇ ਨੇ ਕਦੇ ਸੋਚਿਆ ਵੀ ਨਹੀਂ ਸੀ। ਕਸਬਾ ਬੇਲਾ ਨਾਲ ਲੱਗਦੇ ਪਿੰਡ ਅਟਾਰੀ ਦਾ ਰਹਿਣ ਵਾਲਾ ਨਿਰਮਲ ਸਿੰਘ ਭੰਗੂ ਪਹਿਲਾਂ ਸਾਈਕਲ 'ਤੇ ਦੁੱਧ ਵੇਚਦਾ ਸੀ। 70 ਦੇ ਦਹਾਕੇ 'ਚ ਉਹ ਨੌਕਰੀ ਲਈ ਕਲਕੱਤਾ ਚਲਿਆ ਗਿਆ। ਉੱਥੇ ਉਸ ਨੇ 'ਪੀਅਰਲੈੱਸ' ਕੰਪਨੀ 'ਚ ਕੁਝ ਸਾਲ ਕੰਮ ਕੀਤਾ। ਇਸ ਤੋਂ ਬਾਅਦ ਉਸ ਨੇ ਹਰਿਆਣਾ ਦੀ ਇਕ ਕੰਪਨੀ 'ਗੋਲਡਨ ਫਾਰੈਸਟ ਇੰਡੀਆ' ਲਿਮਟਿਡ 'ਚ ਕੰਮ ਕੀਤਾ। ਕੰਪਨੀ ਬੰਦ ਹੋਣ ਤੋਂ ਬਾਅਦ ਜਦੋਂ ਉਹ ਬੇਰੁਜਗਾਰ ਹੋ ਗਿਆ ਤਾਂ ਉਸ ਨੇ ਵੀ ਕੰਪਨੀ ਦਾ ਤਰੀਕਾ ਅਪਣਾਇਆ ਤੇ 1980 'ਚ 'ਪਰਲਜ ਗੋਲਡਨ ਫੋਰੈਸਟ' (ਪੀ.ਜੀ.ਐੱਫ.) ਨਾਂ ਦੀ ਕੰਪਨੀ ਬਣਾਈ। ਇਸ ਤੋਂ ਬਾਅਦ ਉਸ ਨੇ ਪਰਲ ਨਾਂ ਦੀਆਂ ਹੋਰ ਕਈ ਕੰਪਨੀਆਂ ਬਣਾਈਆਂ। ਦਿੱਲੀ 'ਚ ਉਸ ਦੀ ਕੰਪਨੀ 'ਚ ਕੰਮ ਕਰਨ ਵਾਲੇ ਰੋਪੜ ਦੇ ਰਹਿਣ ਵਾਲੇ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਅੰਬਾਲਾ 'ਚ ਵੀ 'ਪਰਲ' ਗਰੁੱਪ ਦਾ ਦਫ਼ਤਰ ਸੀ, ਜਿੱਥੇ ਇਕ ਡਾਇਰੈਕਟਰ ਦੇ ਨਾਲ ਕਈ ਹੋਰ ਕੰਮ ਕਾਰਨ ਵਾਲੇ ਵਿਅਕਤੀ ਹੁੰਦੇ ਸਨ। ਇਸ ਗਰੁੱਪ 'ਚ ਵੱਡੇ ਅਹੁਦਿਆਂ 'ਤੇ ਉਨ੍ਹਾਂ ਦੇ ਰਿਸ਼ਤੇਦਾਰ ਹੀ ਸਨ। ਇਸ ਤੋਂ ਇਲਾਵਾ ਉਸ ਨੇ ਘੱਟ ਪੜ੍ਹੇ-ਲਿਖੇ ਮੁੰਡੇ-ਕੁੜੀਆਂ ਨੂੰ ਡਾਟਾ ਐਂਟਰੀ 'ਤੇ ਰੱਖਿਆ ਹੋਇਆ ਸੀ। ਉਸ ਦੇ ਬਚਪਨ ਦੇ ਦੋਸਤ ਪ੍ਰਿਥੀ ਸਿੰਘ ਨੇ ਦੱਸਿਆ ਕਿ ਸਕੂਲ ਸਮੇਂ ਨਿਰਮਲ ਸਿੰਘ ਭੰਗੂ

ਬੜਾ ਹੀ ਚੰਗਾ ਇਨਸਾਨ ਸੀ। ਉਹ ਹਰ ਕਿਸੇ ਦੀ ਮਦਦ ਕਰਦਾ ਸੀ। ਉਹ ਮੇਰੇ ਨਾਲ ਦਸਵੀਂ ਤੱਕ ਪੜ੍ਹਿਆ ਤੇ ਬਾਅਦ 'ਚ ਉਹ ਚੰਡੀਗੜ੍ਹ ਚਲਾ ਗਿਆ। ਅਗਲੀ ਪੜ੍ਹਾਈ ਉਸ ਨੇ ਚੰਡੀਗੜ੍ਹ ਤੋਂ ਕੀਤੀ। ਉਸ ਦੌਰਾਨ ਉਹ ਐੱਲ. ਆਈ. ਸੀ. ਦਾ ਏਜੰਟ ਬਣ ਗਿਆ ਸੀ ਤੇ ਉਹ ਕਦੇ-ਕਦੇ ਹੀ ਅਟਾਰੀ ਪਿੰਡ ਆਉਂਦਾ ਸੀ ਤੇ ਖੁੱਲ੍ਹੇ ਮਨ ਨਾਲ ਸਾਨੂੰ ਮਿਲਦਾ ਸੀ। ਉਸ ਸਮੇਂ ਉਹ ਬੜਾ ਹੀ ਹਸਮੁੱਖ ਇਨਸਾਨ ਸੀ ਤੇ ਹਮੇਸ਼ਾ ਹਾਂ-ਪੱਖੀ ਗੱਲ ਕਰਦਾ ਸੀ। ਉਸ ਦੇ ਪਿੰਡ ਦੇ ਰਹਿਣ ਵਾਲੇ ਇਕ ਵਿਅਕਤੀ ਨੇ ਦੱਸਿਆ ਕਿ ਸ਼ੁਰੂਆਤੀ ਦਿਨਾਂ 'ਚ ਨਿਰਮਲ ਸਿੰਘ ਭੰਗੂ ਬਹੁਤ ਸਧਾਰਨ ਵਿਅਕਤੀ ਸੀ। ਉਸ ਦੇ ਪਿਤਾ ਗੁਰਦਿਆਲ ਸਿੰਘ ਦੇ ਤਿੰਨ ਪੁੱਤਰ ਸਨ, ਜਿਨ੍ਹਾਂ 'ਚੋਂ ਬਲਦੇਵ ਸਿੰਘ ਤੇ ਨਛੱਤਰ ਸਿੰਘ ਦੀ ਪਹਿਲਾਂ ਹੀ ਮੌਤ ਹੋ ਚੁੱਕੀ ਹੈ। ਉਸ ਦੀਆਂ ਦੋ ਭੈਣਾਂ ਹਨ, ਜਿਨ੍ਹਾਂ 'ਚੋਂ ਇਕ ਵਿਦੇਸ਼ ਰਹਿੰਦੀ ਹੈ। ਉਸ ਦਾ ਸਾਰਾ ਪਰਿਵਾਰ ਡੇਅਰੀ ਦਾ ਕੰਮ ਕਰਦਾ ਸੀ। ਸ਼ੁਰੂਆਤੀ ਦਿਨਾਂ 'ਚ ਉਹ ਖੁਦ ਸਾਈਕਲ 'ਤੇ ਨਾਲ ਦੇ ਪਿੰਡ 'ਚ ਦੁੱਧ ਪਾਉਣ ਜਾਂਦਾ ਸੀ। ਉਹ ਆਪਣੇ ਪਿੰਡ ਦੇ ਹਰ ਵਿਅਕਤੀ ਨਾਲ ਬੜੀ ਨਿਮਰਤਾ ਨਾਲ ਗੱਲ ਕਰਦਾ ਸੀ। ਇਹੀ ਕਾਰਨ ਹੈ ਕਿ ਉਹ ਦੋਧੀ ਤੋਂ ਕਰੋੜਪਤੀ ਬਣ ਗਿਆ। ਆਮ ਲੋਕਾਂ ਤੋਂ ਇਕੱਠੀ ਕੀਤੀ ਛੋਟੀ ਜਿਹੀ ਰਕਮ ਨਾਲ ਉਸ ਨੇ ਪਰਲਜ ਗਰੁੱਪ ਦਾ ਵੱਡਾ ਸਾਮਰਾਜ ਬਣਾਇਆ ਸੀ। ਭੰਗੂ ਨੇ ਇਸ ਪੈਸੇ ਨੂੰ ਵੱਖ-ਵੱਖ ਤਰ੍ਹਾਂ ਦੇ ਕਾਰੋਬਾਰਾਂ 'ਚ ਨਿਵੇਸ਼ ਕੀਤਾ ਪਰ ਵਾਅਦੇ ਮੁਤਾਬਕ ਉਸ ਨੇ ਪੈਸੇ ਨਿਵੇਸਕਾਂ ਨੂੰ ਵਾਪਸ ਨਹੀਂ ਕੀਤੇ। ਇਸ ਕਾਰਨ ਲੋਕਾਂ ਨੇ ਕੰਪਨੀ ਖਿ?ਲਾਫ ਸਿ?ਕਾਇਤਾਂ ਕਰਨੀਆਂ ਸ਼ੁਰੂ ਕਰ ਦਿੱਤੀਆਂ। ਮਾਮਲੇ ਨੂੰ ਵਧਦਾ ਦੇਖ ਕੇ ਸੀ. ਬੀ. ਆਈ. ਨੇ ਇਸ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਸੀ।

ਕਿਸਾਨ ਆਗੂਆਂ ਨੂੰ ਕਿਰਪਾਨ ਪਾ ਕੇ ਉਡਾਣ 'ਚ ਸਫਰ ਕਰਨ ਤੋਂ ਰੋਕਣ ਦੀ ਜਥੇਦਾਰ ਰਘਬੀਰ ਸਿੰਘ ਨੇ ਕੀਤੀ ਨਿੰਦਾ

ਅੰਮ੍ਰਿਤਸਰ 30 ਅਗਸਤ। ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਦਿੱਲੀ ਦੇ ਹਵਾਈ ਅੱਡੇ 'ਤੇ ਤਿੰਨ ਅੰਮ੍ਰਿਤਧਾਰੀ ਕਿਸਾਨ ਆਗੂਆਂ ਨੂੰ ਕ੍ਰਿਪਾਨ ਪਹਿਨ ਕੇ ਘਰੇਲੂ ਉਡਾਣ ਵਿਚ ਹਵਾਈ ਸਫਰ ਕਰਨ ਤੋਂ ਰੋਕਣ ਨੂੰ ਸਿੱਖਾਂ ਦੀ ਧਾਰਮਿਕ ਆਜਾਦੀ ਅਤੇ ਸੰਵਿਧਾਨਕ ਅਧਿਕਾਰਾਂ ਦਾ ਹਨਨ ਕਰਾਰ ਦਿੱਤਾ ਹੈ। ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਕ੍ਰਿਪਾਨ ਸਿੱਖਾਂ ਨੂੰ ਗੁਰੂ ਸਾਹਿਬਾਨ ਦੀ ਦਿੱਤੀ ਹੋਈ ਪਾਵਨ ਬਖਸ਼ਿ?ਸ ਹੈ ਅਤੇ ਭਾਰਤੀ ਸੰਵਿਧਾਨ ਵਿਚ ਮੌਲਿਕ ਰੂਪ ਵਿਚ ਸਿੱਖਾਂ ਨੂੰ ਕ੍ਰਿਪਾਨ ਪਹਿਨਣ ਦਾ ਹੱਕ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਧਾਰੀ ਸਿੱਖਾਂ ਨੂੰ ਭਾਰਤ ਦੀਆਂ ਘਰੇਲੂ ਉਡਾਣਾਂ ਵਿਚ ਵੀ ਨਿਰਧਾਰਿਤ ਆਕਾਰ ਦੀ ਕ੍ਰਿਪਾਨ

ਪਹਿਨ ਕੇ ਹਵਾਈ ਸਫਰ ਕਰਨ ਦਾ ਕਾਨੂੰਨੀ ਅਧਿਕਾਰ ਦਿੱਤਾ ਗਿਆ ਹੈ ਪਰ ਦਿੱਲੀ ਦੇ ਹਵਾਈ ਅੱਡੇ 'ਤੇ ਤਿੰਨ ਅੰਮ੍ਰਿਤਧਾਰੀ ਕਿਸਾਨ ਆਗੂਆਂ ਜਗਜੀਤ ਸਿੰਘ ਡੱਲੇਵਾਲ, ਸੁਖਦੇਵ ਸਿੰਘ ਭੋਜਰਾਜ ਅਤੇ ਬਲਦੇਵ ਸਿੰਘ ਸਿਰਸਾ ਨੂੰ ਕ੍ਰਿਪਾਨ ਪਹਿਨ ਕੇ ਸੁਰੱਖਿਆ ਅਧਿਕਾਰੀਆਂ ਵਲੋਂ ਹਵਾਈ ਸਫਰ ਕਰਨ ਤੋਂ ਰੋਕਣਾ ਬੇਹੱਦ ਨਿੰਦਣਯੋਗ ਅਤੇ ਸਿੱਖਾਂ ਦੇ ਮੌਲਿਕ ਤੇ ਸੰਵਿਧਾਨਿਕ ਅਧਿਕਾਰ ਦੀ ਉਲੰਘਣਾ ਹੈ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਨੂੰ ਇਸ ਮਾਮਲੇ ਦਾ ਤੁਰੰਤ ਨੋਟਿਸ ਲੈ ਕੇ ਦਿੱਲੀ ਹਵਾਈ ਅੱਡੇ 'ਤੇ ਤਿੰਨ ਅੰਮ੍ਰਿਤਧਾਰੀ ਸਿੱਖਾਂ ਨੂੰ ਕ੍ਰਿਪਾਨ ਪਹਿਨ ਕੇ ਹਵਾਈ ਸਫਰ ਤੋਂ ਰੋਕ ਕੇ ਸੰਵਿਧਾਨਿਕ ਤੇ ਕਾਨੂੰਨੀ ਉਲੰਘਣਾ ਕਰਨ ਵਾਲੇ ਸੁਰੱਖਿਆ ਅਧਿਕਾਰੀਆਂ ਖਿ?ਲਾਫ ਕਾਰਵਾਈ ਕਰਨੀ ਚਾਹੀਦੀ ਹੈ ਅਤੇ ਹੋਈ ਗਲਤੀ ਲਈ ਹਵਾਈ ਅੱਡਾ ਅਥਾਰਿਟੀ ਨੂੰ ਮੁਆਫੀ ਮੰਗਣੀ ਚਾਹੀਦੀ ਹੈ।

ਪੰਜਾਬ 'ਚ ਵਿਅਕਤੀ ਦਾ ਤੇਜਧਾਰ ਹਥਿਆਰਾਂ ਨਾਲ ਕਤਲ, ਖੂਨ ਨਾਲ ਲਥਪਥ ਮਿਲੀ ਲਾਸ਼

ਕਪੂਰਥਲਾ 30 ਅਗਸਤ। ਕਪੂਰਥਲਾ ਵਿਖੇ ਪਿੰਡ ਬਿਸਨਪੁਰ ਜੱਟਾਂ ਨੇੜੇ ਲੱਖਣ ਕਲਾਂ ਰੋਡ 'ਤੇ ਇਕ ਵਿਅਕਤੀ ਦਾ ਤੇਜਧਾਰ ਹਥਿਆਰਾਂ ਬੇਰਹਿਮੀ ਨਾਲ ਕਤਲ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਘਟਨਾ ਦੀ ਸੂਚਨਾ ਮਿਲਦੇ ਹੀ ਜਿ?ਲ੍ਹਾ ਪੁਲਸ ਮੁਖੀ ਵਤਸਲਾ ਗੁਪਤਾ ਭਾਰੀ ਪੁਲਸ ਫੋਰਸ ਅਤੇ ਫੋਰੈਂਸਿਕ ਟੀਮ ਸਮੇਤ ਮੌਕੇ 'ਤੇ ਪੁੱਜੇ ਅਤੇ ਲਾਸ਼ ਨੂੰ ਕਬਜੇ ਵਿਚ ਲੈ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਸ ਸਬੰਧੀ ਜਿ?ਲ੍ਹਾ ਪੁਲਸ ਮੁਖੀ ਵਤਸਲਾ ਗੁਪਤਾ ਨੇ ਦੱਸਿਆ ਕਿ ਉਨ੍ਹਾਂ ਨੂੰ ਕੰਟਰੋਲ ਰੂਮ 'ਤੇ ਸੂਚਨਾ ਮਿਲੀ ਸੀ ਕਿ ਬਿਸਨਪੁਰ ਜੱਟਾਂ ਕੋਲ ਇਕ ਵਿਅਕਤੀ ਦੀ ਲਾਸ਼ ਪਈ ਹੈ। ਜਿਸ 'ਤੇ ਉਹ ਮੌਕੇ 'ਤੇ ਪਹੁੰਚੇ ਤਾਂ ਜਾਂਚ ਕਰਨ 'ਤੇ ਪਤਾ ਲੱਗਾ ਕਿ ਉਸ ਦੇ ਸਿਰ 'ਤੇ ਤੇਜਧਾਰ ਹਥਿਆਰਾਂ ਨਾਲ ਹਮਲਾ ਕੀਤਾ ਗਿਆ ਹੈ, ਜਿਸ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਜਿਸ ਉਂਕਾਰ ਸਿੰਘ ਉਰਫ ਕਾਕੀ (50) ਪੁੱਤਰ ਤਾਰਾ ਚੰਦ ਵਾਸੀ ਬਿਸਨਪੁਰ ਜੱਟਾਂ ਵਜੋਂ ਹੋਈ ਹੈ। ਜਿ?ਲ੍ਹਾ ਪੁਲਸ ਮੁਖੀ ਨੇ ਦੱਸਿਆ ਕਿ ਨੇੜੇ ਲੱਗੇ ਸੀ. ਸੀ. ਟੀ. ਵੀ. ਫੁਟੇਜ ਨੂੰ ਵੀ ਖੰਗਾਲਿਆ ਜਾ ਰਿਹਾ ਹੈ। ਜਲਦੀ ਹੀ ਕਥਿਤ ਦੋਸੀਆਂ ਨੂੰ ਕਾਬੂ ਕਰ ਲਿਆ ਜਾਵੇਗਾ। ਪਰਿਵਾਰਕ ਮੈਂਬਰਾਂ ਨੂੰ ਸੂਚਿਤ ਕਰ ਦਿੱਤਾ ਗਿਆ ਹੈ ਅਤੇ ਉਂਕਾਰ ਸਿੰਘ ਦੀ ਲਾਸ਼ ਨੂੰ ਸਿਵਲ ਹਸਪਤਾਲ ਕਪੂਰਥਲਾ ਦੇ ਮੁਰਦਾ ਘਰ ਵਿਚ ਰੱਖਵਾ ਦਿੱਤਾ ਗਿਆ ਹੈ ਅਤੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

ਸਾਵਧਾਨ ! ਤਿਉਹਾਰਾਂ ਦੇ ਦਿਨਾਂ ਵਿਚਾਲੇ ਮੰਡਰਾ ਰਿਹੈ ਵੱਡਾ ਖਤਰਾ

ਕਿਸ਼ਨ ਪਾਲ

ਲੁਧਿਆਣਾ 29 ਅਗਸਤ। ਤਿਉਹਾਰਾਂ ਦੇ ਸੀਜਨ ਦੀ ਆਮਦ ਨਾਲ ਜਿਵੇਂ-ਜਿਵੇਂ ਮਠਿਆਈਆਂ ਦੀ ਮੰਗ ਵਧਣੀ ਸ਼ੁਰੂ ਹੋ ਗਈ ਹੈ, ਉੱਥੇ ਹੀ ਮਿਲਾਵਟਖੋਰ ਵੀ ਸਰਗਰਮ ਹੋਣ ਲੱਗੇ ਹਨ ਅਤੇ ਨਕਲੀ ਖੋਆ ਅਤੇ ਪਨੀਰ ਬਾਜਾਰ ਵਿਚ ਆਉਣ ਦੀ ਸੰਭਾਵਨਾ ਵੱਧ ਗਈ ਹੈ। ਮਾਹਰਾਂ ਮੁਤਾਬਕ ਨਕਲੀ ਮਠਿਆਈਆਂ ਜਿਸ ਵਿਚ ਡਿਟਰਜੈਂਟ, ਯੂਰੀਆ, ਰਿਫਾਇੰਡ ਆਇਲ, ਨਕਲੀ ਘਿਓ, ਐਨੀਮਲ ਫੈਟ, ਹਾਈਡ੍ਰੋਜਨੇਟਿਡ ਆਇਲ ਆਦਿ ਦੀ ਵਰਤੋਂ ਕੀਤੀ ਜਾਂਦੀ ਹੈ। ਇਸ ਤਰ੍ਹਾਂ ਦੀਆਂ ਮਠਿਆਈਆਂ ਕਾਰਨ ਦਿਲ ਅਤੇ ਲੀਵਰ ਨੂੰ ਗੰਭੀਰ ਖਤਰਾ ਪੈਦਾ ਹੋ ਸਕਦਾ ਹੈ। ਸੇਵਾਮੁਕਤ ਸਹਾਇਕ ਫੂਡ ਕਮਿਸਨਰ ਰਵਿੰਦਰ ਗਰਗ ਦੱਸਦੇ ਹਨ ਕਿ ਮਿਲਾਵਟੀ ਮਠਿਆਈਆਂ ਆਦਿ ਖਾਣ ਨਾਲ ਉਲਟੀਆਂ, ਦਸਤ, ਘਬਰਾਹਟ, ਪੇਟ ਦਰਦ ਜਾਂ ਸੋਜ, ਚਮੜੀ ਦੀ ਐਲਰਜੀ ਅਤੇ ਫੂਡ ਪੋਇਜਨਿੰਗ ਤੋਂ ਇਲਾਵਾ ਕਈ ਵਾਰ ਸਾਹ ਦੀ ਸਮੱਸਿਆ ਵੀ ਹੋ ਸਕਦੀ ਹੈ। ਸਾਬਕਾ ਸਹਾਇਕ ਫੂਡ ਕਮਿਸਨਰ ਰਵਿੰਦਰ ਗਰਗ ਨੇ ਕਿਹਾ ਕਿ ਆਮ ਬੰਦੇ ਲਈ ਮਠਿਆਈਆਂ ਦੀ ਜਾਂਚ ਕਰਨੀ ਜਿ?ਆਦਾ ਮੁਸ਼ਕਲ ਨਹੀਂ ਹੈ। ਗੂੜ੍ਹੇ ਰੰਗ ਵਾਲੀਆਂ ਮਠਿਆਈਆਂ ਜੋ ਛੂਹਣ 'ਤੇ ਰੰਗ ਛੱਡਣ, ਉਹ ਨਹੀਂ ਲੈਣੀਆਂ ਚਾਹੀਦੀਆਂ। ਇਨ੍ਹਾਂ ਵਿਚ ਕੱਚੇ ਰੰਗ ਦੀ ਵਰਤੋਂ ਹੁੰਦੀ ਹੈ, ਜੋ ਕੱਪੜੇ ਰੰਗਣ ਦੇ ਕੰਮ ਆਉਂਦਾ ਹਾ। ਇਸੇ ਤਰ੍ਹਾਂ ਗੁਲਾਬੀ ਰੰਗ ਦੀ ਚਮਚਮ ਗਲਤ ਰੰਗਾਂ ਦੀ ਵਰਤੋਂ ਕਾਰਨ ਕੈਂਸਰ ਜਿਹੀ ਬਿਮਾਰੀ ਦਾ ਕਾਰਨ ਬਣ ਸਕਦੀ ਹੈ। ਇਸ ਤੋਂ ਇਲਾਵਾ ਖੋਏ ਨੂੰ ਮਸਲਣ 'ਤੇ ਉਸ ਦੀ ਗੋਲੀ ਨਾ ਬਣੇ ਤਾਂ ਅਜਿਹੀ ਮਠਿਆਈ ਨਹੀਂ ਖਰੀਦਣੀ ਚਾਹੀਦੀ। ਇਸੇ ਤਰ੍ਹਾਂ ਮਠਿਆਈਆਂ 'ਤੇ ਲੱਗੇ ਵਰਕ ਦੀ ਪਛਾਣ ਲਈ ਵਰਕ ਨੂੰ ਉਤਾਰ ਕੇ 2 ਉਂਗਲੀਆਂ ਵਿਚ ਮਸਲਣ 'ਤੇ ਜੇਕਰ ਉਸ ਦੀ

ਗੋਲੀ ਬਣ ਜਾਂਦੀ ਹੈ ਤਾਂ ਉਹ ਐਲੂਮੀਨੀਅਮ ਦਾ ਵਰਕ ਹੋ ਸਕਦਾ ਹੈ, ਜਦਕਿ ਚਾਂਦੀ ਦਾ ਵਰਕ ਮਸਲਣ 'ਤੇ ਉਸ ਦੀ ਗੋਲੀ ਨਹੀਂ ਬਣਦੀ। ਉਨ੍ਹਾਂ ਕਿਹਾ ਕਿ ਸ਼ੁੱਧ ਖੋਆ ਚਿਕਨਾ ਹੁੰਦਾ ਹੈ, ਜਦਕਿ ਨਕਲੀ ਦਾਣੇਦਰ। ਜੇਕਰ ਮਠਿਆਈ ਸੁੱਕੀ ਹੈ ਜਾਂ ਸਖਤ ਹੈ ਤਾਂ ਨਾ ਖਰੀਦੋ। ਇਸ ਤੋਂ ਇਲਾਵਾ ਜੇਕਰ ਉਸ ਵਿਚ ਆਇਓਡੀਨ ਦੀਆਂ ਕੁਝ ਬੂੰਦਾਂ ਮਿਲਾਉਣ 'ਤੇ ਉਸ ਦਾ ਰੰਗ ਨੀਲਾ ਜਾਂ ਕਾਲਾ ਪੈ ਜਾਵੇ ਤਾਂ ਸਮਝ ਜਾਓ ਕੀ ਖੋਆ ਨਕਲੀ ਹੈ। ਕੋਸ਼ਿਸ਼